ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 88


ਫ਼ੋਨ: +91- 92168-07500
E-mail: news@charhdikala.com
www.charhdikala.com


ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***


DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 31 March, 2026) ਮੰਗਲਵਾਰ, 31 ਮਾਰਚ, 2026, 18 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਪੰਜਾਬ 'ਚ ਅੱਜ ਰਹੇਗੀ ਸਰਕਾਰੀ ਛੁੱਟੀ

ਚੰਡੀਗੜ੍ਹ, 30 ਮਾਰਚ (ਚ.ਨ.ਸ.):ਪੰਜਾਬ ਵਿਚ ਮੰਗਲਵਾਰ ਨੂੰ ਸਰਕਾਰੀ ਛੁੱਟੀ ਰਹਿਣ ਵਾਲੀ ਹੈ। ਜਿਸ ਦੇ ਚੱਲਦੇ ਸੂਬੇ ਭਰ ਦੇ ਸਕੂਲ, ਕਾਲਜ ਅਤੇ ਸਰਕਾਰੀ ਦਫ਼ਤਰ ਬੰਦ ਰਹਿਣਗੇ। ਦਰਅਸਲ ਸੂਬਾ ਸਰਕਾਰ ਨੇ ਸੂਬੇ ਵਿਚ ਮੰਗਲਵਾਰ, 31 ਮਾਰਚ ਨੂੰ ਜਨਤਕ ਛੁੱਟੀ ਐਲਾਨੀ ਹੋਈ ਹੈ। ਇਹ ਫੈਸਲਾ ਮਹਾਂਵੀਰ ਜੈਅੰਤੀ ਦੇ ਪਵਿੱਤਰ ਦਿਹਾੜੇ ਨੂੰ ਮੁੱਖ ਰੱਖਦਿਆਂ ਲਿਆ ਗਿਆ ਹੈ। ਸਰਕਾਰ ਵੱਲੋਂ ਜਾਰੀ ਜਾਣਕਾਰੀ ਅਨੁਸਾਰ, 31 ਮਾਰਚ ਨੂੰ ਗਜ਼ਟਿਡ ਛੁੱਟੀ ਘੋਸ਼ਿਤ ਕੀਤੀ ਗਈ ਹੈ। ਸੂਬਾ ਸਰਕਾਰ ਨੇ ਇਸ ਸਬੰਧੀ ਅਧਿਕਾਰਤ ਤੌਰ 'ਤੇ ਐਲਾਨ ਵੀ ਕੀਤਾ ਹੋਇਆ ਹੈ ਤਾਂ ਜੋ ਆਮ ਜਨਤਾ ਨੂੰ ਸਰਕਾਰੀ ਕੰਮਕਾਜ ਅਤੇ ਵਿਦਿਅਕ ਸੰਸਥਾਵਾਂ ਦੇ ਬੰਦ ਹੋਣ ਬਾਰੇ ਪਹਿਲਾਂ ਹੀ ਜਾਣਕਾਰੀ ਮਿਲ ਸਕੇ। (ਬਾਕੀ ਸਫ਼ਾ 2 'ਤੇ)






### ਅਮਰੀਕੀ ਰਾਸ਼ਟਰਪਤੀ ਦਾ ਫ਼ਾਈਨਲ ਅਲਟੀਮੇਟਮ

## ਜੇਕਰ ਈਰਾਨ ਛੇਤੀ ਜੰਗਬੰਦੀ ਨਹੀਂ ਕਰਦਾ ਤਾਂ ਬੁਨਿਆਦੀ ਢਾਂਚੇ ਨੂੰ ਬਣਾਵਾਂਗੇ ਨਿਸ਼ਾਨਾ: ਟਰੰਪ

ਚੜ੍ਹਦੀਕਲਾ ਬਿਊਰੋ

================

ਵਾਸ਼ਿੰਗਟਨ, 30 ਮਾਰਚ: ਅਮਰੀਕੀ ਰਾਸ਼ਟਰਪਤੀ ਡੋਨਾਲਡ ਜੇ. ਟਰੰਪ ਨੇ ਈਰਾਨ ਦੇ ਨਵੇਂ ਸ਼ਾਸਨ ਨੂੰ ਇੱਕ ਬਹੁਤ ਹੀ ਸਖ਼ਤ ਅਤੇ ਅੰਤਿਮ ਚਿਤਾਵਨੀ ਦਿੱਤੀ ਹੈ। ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਜੇਕਰ ਈਰਾਨ ਨਾਲ ਜਲਦੀ ਹੀ ਕੋਈ ਰਸਮੀ ਸਮਝੌਤਾ ਸਿਰੇ ਨਹੀਂ ਚੜ੍ਹਦਾ, ਤਾਂ ਅਮਰੀਕਾ ਈਰਾਨ ਦੇ ਅਹਿਮ ਬੁਨਿਆਦੀ ਢਾਂਚੇ ਨੂੰ ਪੂਰੀ ਤਰ੍ਹਾਂ ਮਲੀਆਮੇਟ ਕਰ ਦੇਵੇਗਾ। ਰਾਸ਼ਟਰਪਤੀ ਟਰੰਪ ਅਨੁਸਾਰ, ਅਮਰੀਕਾ ਈਰਾਨ 'ਚ ਆਪਣੀਆਂ ਫੌਜੀ ਕਾਰਵਾਈਆਂ ਨੂੰ ਖਤਮ ਕਰਨ ਲਈ ਉੱਥੋਂ ਦੇ ਇੱਕ 'ਨਵੇਂ ਤੇ ਵਧੇਰੇ ਸਮਝਦਾਰ' ਸ਼ਾਸਨ ਨਾਲ ਗੰਭੀਰ ਚਰਚਾ ਕਰ ਰਿਹਾ ਹੈ।

ਹਾਲਾਂਕਿ ਇਸ ਗੱਲਬਾਤ 'ਚ ਕਾਫੀ ਪ੍ਰਗਤੀ ਹੋਣ ਦਾ ਦਾਅਵਾ ਕੀਤਾ ਗਿਆ ਹੈ, ਪਰ ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ 'ਹੋਰਮੁਜ਼ ਜਲਡਮਰੂ' ਨੂੰ ਵਪਾਰ ਲਈ ਤੁਰੰਤ ਨਾ ਖੋਲ੍ਹਿਆ ਗਿਆ, ਤਾਂ



ਨਤੀਜੇ ਭਿਆਨਕ ਹੋਣਗੇ। ਟਰੰਪ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਜੇਕਰ ਸਮਝੌਤਾ ਨਾ ਹੋਇਆ ਤਾਂ ਅਮਰੀਕੀ ਫੌਜ ਈਰਾਨ ਦੇ ਉਨ੍ਹਾਂ ਹਿੱਸਿਆਂ ਨੂੰ ਨਿਸ਼ਾਨਾ ਬਣਾਏਗੀ ਜਿਨ੍ਹਾਂ ਨੂੰ ਹੁਣ ਤੱਕ ਜਾਣਬੁੱਝ ਕੇ ਛੋਹਿਆ ਨਹੀਂ ਗਿਆ ਸੀ। ਇਨ੍ਹਾਂ ਵਿੱਚ ਸਾਰੇ ਬਿਜਲੀ ਪੈਦਾ ਕਰਨ ਵਾਲੇ ਪਲਾਂਟ, ਤੇਲ ਦੇ ਸਾਰੇ ਖੂਹ, ਖਾਰਗ ਟਾਪੂ ਅਤੇ ਪਾਣੀ ਸਾਫ ਕਰਨ ਵਾਲੇ ਪਲਾਂਟ ਸ਼ਾਮਲ ਹਨ, ਜਿਨ੍ਹਾਂ ਨੂੰ ਤਬਾਹ ਕਰਨ ਦੀ ਸੰਭਾਵਨਾ ਜਤਾਈ ਗਈ ਹੈ। (ਬਾਕੀ ਸਫ਼ਾ 2 'ਤੇ)

### ਸਪੇਨ ਨੇ ਅਮਰੀਕਾ ਲਈ ਆਪਣਾ ਹਵਾਈ ਖੇਤਰ ਕੀਤਾ ਬੰਦ

ਮੈਡ੍ਰਿਡ, 30 ਮਾਰਚ (ਚ.ਨ.ਸ.):ਈਰਾਨ ਨਾਲ ਜਾਰੀ ਜੰਗ ਵਿਚਾਲੇ ਅਮਰੀਕਾ ਨੂੰ ਵੱਡਾ ਝਟਕਾ ਲੱਗਾ ਹੈ। ਸਪੇਨ ਦੀ ਰੱਖਿਆ ਮੰਤਰੀ ਮਾਰਗਰੀਟਾ ਰੋਬਲਸ ਨੇ ਸੋਮਵਾਰ ਨੂੰ ਐਲਾਨ ਕੀਤਾ ਕਿ ਉਨ੍ਹਾਂ ਦੇ ਦੇਸ਼ ਨੇ ਈਰਾਨ ਵਿਰੁੱਧ ਜੰਗੀ ਕਾਰਵਾਈਆਂ ਵਿੱਚ ਸ਼ਾਮਲ ਅਮਰੀਕੀ ਜਹਾਜ਼ਾਂ ਲਈ ਆਪਣਾ ਹਵਾਈ ਖੇਤਰ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਹੈ। ਸਪੇਨ ਸਰਕਾਰ ਦਾ ਇਹ ਫੈਸਲਾ ਅਮਰੀਕਾ ਲਈ ਇੱਕ ਵੱਡਾ ਕੂਟਨੀਤਕ ਅਤੇ ਫੌਜੀ ਝਟਕਾ ਮੰਨਿਆ ਜਾ ਰਿਹਾ ਹੈ। ਰੱਖਿਆ ਮੰਤਰੀ ਨੇ ਸਪੱਸ਼ਟ ਕੀਤਾ ਕਿ ਅਮਰੀਕੀ ਫੌਜ ਨੂੰ ਪਹਿਲਾਂ ਹੀ ਦੱਸ ਦਿੱਤਾ ਗਿਆ (ਬਾਕੀ ਸਫ਼ਾ 2 'ਤੇ)

### ਕੇਂਦਰ ਵੱਲੋਂ 8 ਲੱਖ ਸਿਮ ਅਤੇ 83 ਹਜ਼ਾਰ ਵਟਸਐਪ ਖਾਤੇ ਬੰਦ

ਨਵੀਂ ਦਿੱਲੀ, 30 ਮਾਰਚ (ਚ.ਨ.ਸ.):ਗ੍ਰਿਹ ਮੰਤਰਾਲੇ ਦੇ ਸਾਈਬਰ ਵਿੰਗ 94ਸੀ ਨੇ ਸਾਈਬਰ ਅਪਰਾਧੀਆਂ ਵਿਰੁੱਧ ਇੱਕ ਡਿਜੀਟਲ ਸਟ੍ਰਾਈਕ ਸ਼ੁਰੂ ਕਰਦਿਆਂ ਵੱਡੀ ਗਿਣਤੀ ਵਿਚ ਅਕਾਊਂਟਸ ਤੇ ਸਿਮ ਕਾਰਡ ਬਲਾਕ ਕਰ ਦਿੱਤੇ ਹਨ। ਸਾਲ 2025 ਤੋਂ ਚੱਲ ਰਹੀ ਇਸ ਕਾਰਵਾਈ ਨੇ 83,867 ਵ੍ਹਾਟਸਐਪ ਅਕਾਊਂਟ ਅਤੇ 3,962 ਸਕਾਈਪ ਆਈ.ਡੀ. ਨੂੰ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਹੈ। ਇਸ ਤੋਂ ਇਲਾਵਾ, ਐਨ.ਸੀ.ਆਰ.ਪੀ. ਸਿਸਟਮ ਰਾਹੀਂ 8.45 ਲੱਖ ਸਿਮ ਕਾਰਡ ਅਤੇ 2.39 ਲੱਖ ਮੋਬਾਈਲ ਆਈ.ਐਮ.ਈ.ਆਈ. ਨੰਬਰ ਵੀ ਬਲਾਕ ਕੀਤੇ ਗਏ ਹਨ। ਗ੍ਰਿਹ ਮੰਤਰਾਲੇ ਨੇ ਪੁਲਿਸ, ਦੂਰਸੰਚਾਰ ਵਿਭਾਗ ਅਤੇ ਦੂਰਸੰਚਾਰ ਕੰਪਨੀਆਂ ਦੇ ਸਹਿਯੋਗ ਨਾਲ ਇਸ ਵੱਡੇ ਕੈਂਪੇਨ ਨੂੰ ਅੰਜਾਮ ਦਿੱਤਾ। ਧੋਖਾਧੜੀ ਲਈ ਵਰਤੀਆਂ ਜਾਣ ਵਾਲੀਆਂ 827 ਮੋਬਾਈਲ ਐਪਾਂ 'ਤੇ ਵੀ ਪਾਬੰਦੀ ਲਗਾਈ ਗਈ ਹੈ।

ਸਹਿਯੋਗ ਪੋਰਟਲ ਦੀ ਮਦਦ ਨਾਲ, 1,11,185 ਸ਼ੱਕੀ ਆਨਲਾਈਨ ਕੰਟੈਂਟ ਨੂੰ ਹਟਾ ਦਿੱਤਾ ਗਿਆ ਹੈ। ਇਹ ਪੂਰੀ ਕਾਰਵਾਈ ਡਿਜੀਟਲ ਪਲੇਟਫਾਰਮਾਂ ਅਤੇ ਮੋਬਾਈਲ ਨੈੱਟਵਰਕਾਂ 'ਤੇ ਸਾਈਬਰ ਧੋਖਾਧੜੀ ਨੂੰ ਜੜ੍ਹੋਂ ਪੁੱਟਣ ਲਈ ਕੀਤੀ ਗਈ ਹੈ। (ਬਾਕੀ ਸਫ਼ਾ 2 'ਤੇ)

### ਮੁੱਖ ਮੰਤਰੀ ਵੱਲੋਂ ਪਟਿਆਲਾ ਵਾਸੀਆਂ ਨੂੰ ਵਿਕਾਸ ਪ੍ਰਾਜੈਕਟਾਂ ਦੀ ਸੌਗਾਤ

## ਭਗਵੰਤ ਮਾਨ ਵੱਲੋਂ 87 ਕਰੋੜ ਦੀ ਲਾਗਤ ਨਾਲ ਸੜਕਾਂ ਦੇ ਨਵੀਨੀਕਰਨ ਦੀ ਸ਼ੁਰੂਆਤ

ਗੁਰਜੀਤ ਸਿੰਘ ਢੋਟ

================

ਦੇਵੀਗੜ੍ਹ, 30 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਟਿਆਲਾ ਦੇ ਸਨੌਰ ਹਲਕੇ ਵਿੱਚ ਵਿਆਪਕ ਬੁਨਿਆਦੀ ਢਾਂਚੇ ਅਤੇ ਸਿੰਚਾਈ ਪ੍ਰਾਜੈਕਟਾਂ ਦੀ ਸ਼ੁਰੂਆਤ ਕਰਕੇ ਪੰਜਾਬ ਦੇ ਵਿਕਾਸ ਵਿੱਚ ਜ਼ਮੀਨੀ ਪੱਧਰ 'ਤੇ ਤੇਜ਼ੀ ਲਿਆਂਦੀ। ਇਸ ਮੌਕੇ ਉਨ੍ਹਾਂ ਨੇ 87 ਕਰੋੜ ਰੁਪਏ ਦੇ ਸੜਕ ਨਵੀਨੀਕਰਨ ਕਾਰਜਾਂ ਦੇ ਨਾਲ-ਨਾਲ 27 ਕਰੋੜ ਰੁਪਏ ਦੇ ਨਹਿਰੀ ਲਾਈਨਿੰਗ ਪ੍ਰਾਜੈਕਟਾਂ ਦਾ ਐਲਾਨ ਕੀਤਾ ਜਿਸ ਨਾਲ 83 ਪਿੰਡਾਂ ਵਿੱਚ 40,066 ਏਕੜ ਰਕਬੇ ਨੂੰ ਸਿੰਚਾਈ ਲਈ ਪਾਣੀ ਮਿਲੇਗਾ। ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਮੌਜੂਦਾ ਸਮੇਂ ਦੇ ਮਿਸਾਲੀ ਬਦਲਾਅ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ



ਭ੍ਰਿਸ਼ਟਾਚਾਰ ਕਾਰਨ ਥੋੜੇ ਹੀ ਦਿਨਾਂ ਵਿੱਚ ਸੜਕਾਂ ਦੀ ਹਾਲਤ ਖਸਤਾ ਹੋ ਜਾਂਦੀ ਸੀ ਪਰ ਪੰਜਾਬ ਸਰਕਾਰ ਵੱਲੋਂ ਠੇਕੇਦਾਰਾਂ ਲਈ ਸੜਕਾਂ ਦੇ ਪੰਜ ਸਾਲਾਂ ਦੇ ਲਾਜ਼ਮੀ ਰੱਖ-ਰਖਾਅ ਸਬੰਧੀ ਧਾਰਾ ਲਾਗੂ ਕੀਤੀ ਗਈ ਹੈ ਜਿਸ ਨਾਲ ਜਵਾਬਦੇਹੀ ਵਿੱਚ ਵਾਧਾ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ 'ਆਪ' ਸਰਕਾਰ ਨੇ ਨਾ ਸਿਰਫ਼ ਸਿੰਚਾਈ ਅਧੀਨ ਰਕਬਾ ਪਹਿਲਾਂ 21,050 ਏਕੜ ਤੋਂ ਵਧਾ ਦਿੱਤਾ ਹੈ, ਸਗੋਂ ਕਾਨੂੰਨੀ ਲੜਾਈ ਰਾਹੀਂ ਹਰਿਆਣਾ ਨੂੰ ਦਿੱਤੇ ਜਾਂਦੇ ਭਾਖੜਾ ਨਹਿਰ ਦੇ ਪਾਣੀ ਦਾ ਪੰਜਾਬ ਦਾ 25 ਫੀਸਦੀ ਹਿੱਸਾ ਵੀ ਪ੍ਰਾਪਤ ਕੀਤਾ ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦਾ ਹੱਕ ਮਿਲ ਸਕੇ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੀ ਬੇਮਿਸਾਲ ਤਰੱਕੀ ਨੂੰ ਦੇਖ ਕੇ ਰਵਾਇਤੀ ਪਾਰਟੀਆਂ ਆਪਣਾ ਮਾਨਸਿਕ ਸੰਤੁਲਨ ਗੁਆ ਚੁੱਕੀਆਂ ਹਨ। (ਬਾਕੀ ਸਫ਼ਾ 2 'ਤੇ)

### ਸੋਸ਼ਲ ਮੀਡੀਆ ਮੰਚਾਂ ਨੇ ਡੀਪਫੇਕ ਹਟਾਉਣ ਦੀ ਕਾਰਵਾਈ ਨੂੰ ਲਗਭਗ 2 ਤੋਂ 3 ਗੁਣਾ ਵਧਾਇਆ: ਵੈਸ਼ਨਵ

ਨਵੀਂ ਦਿੱਲੀ, 30 ਮਾਰਚ (ਚ.ਨ.ਸ.): ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਸੋਮਵਾਰ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਤੋਂ ਤਿਆਰ ਕੀਤੇ ਜਾਣ ਵਾਲੇ 'ਡੀਪਫੇਕ' 'ਤੇ ਵਧਦੀਆਂ ਚਿੰਤਾਵਾਂ ਨੂੰ ਰੇਖਾਂਕਿਤ ਕਰਦੇ ਹੋਏ ਕਿਹਾ ਕਿ ਸੋਸ਼ਲ ਮੀਡੀਆ ਮੰਚਾਂ ਨੇ ਵੀ ਆਪਣੇ ਵੱਲੋਂ ਡੀਪਫੇਕ ਸਮੱਗਰੀ ਨੂੰ ਹਟਾਉਣ ਦੀਆਂ ਕੋਸ਼ਿਸ਼ਾਂ ਨੂੰ ਕਾਫ਼ੀ ਤੇਜ਼ ਕਰ ਦਿੱਤਾ ਹੈ। ਸੂਚਨਾ ਤਕਨਾਲੋਜੀ ਅਤੇ ਸੂਚਨਾ ਤੇ ਪ੍ਰਸਾਰਣ ਮੰਤਰੀ ਵੈਸ਼ਨਵ ਨੇ ਪੱਤਰਕਾਰਾਂ ਨਾਲ ਗੱਲਬਾਤ 'ਚ ਡੀਪਫੇਕ ਨੂੰ ਸਮਾਜ ਲਈ ਇਕ ਨਵਾਂ ਖਤਰਾ ਅਤੇ ਸ਼ਰਾਪ ਦੱਸਿਆ। ਡੀਪਫੇਕ ਉਹ ਤਕਨਾਲੋਜੀ ਹੈ, ਜਿਸ ਰਾਹੀਂ ਕਿਸੇ ਵਿਅਕਤੀ ਦੀ ਫੋਟੋ, ਆਵਾਜ਼ ਜਾਂ ਵੀਡੀਓ ਨੂੰ ਡਿਜੀਟਲ ਮਾਧਿਅਮ ਨਾਲ ਬਦਲ ਕੇ ਬਿਲਕੁੱਲ ਅਸਲੀ ਵਰਗਾ ਦਿੱਸਣ ਵਾਲਾ ਫਰਜ਼ੀ ਰੂਪ ਦੇ ਦਿੱਤਾ ਜਾਂਦਾ ਹੈ। ਮੰਤਰੀ ਨੇ ਕਿਹਾ, "ਡੀਪਫੇਕ ਦੇ ਰੂਪ 'ਚ (ਬਾਕੀ ਸਫ਼ਾ 2 'ਤੇ)



### ਪੰਜਾਬ 'ਚ ਮੀਂਹ, ਗੜ੍ਹੇਮਾਰੀ ਅਤੇ ਤੇਜ਼ ਹਵਾਵਾਂ ਦਾ ਅਲਰਟ

ਮੋਹਾਲੀ, 30 ਮਾਰਚ (ਚ.ਨ.ਸ.): ਪੰਜਾਬ ਰਾਜ ਆਫ਼ਤ ਪ੍ਰਬੰਧਨ ਅਥਾਰਟੀ (ਐਸ.ਡੀ.ਐਮ.ਏ.) ਨੇ ਅਗਲੇ 24 ਘੰਟਿਆਂ ਦੌਰਾਨ ਗੁਰਦਾਸਪੁਰ, ਹੁਸ਼ਿਆਰਪੁਰ, ਪਠਾਨਕੋਟ, ਰੂਪਨਗਰ ਅਤੇ ਐੱਸ ਏ ਐੱਸ ਨਗਰ ਦੇ ਕੁਝ ਹਿੱਸਿਆਂ ਵਿੱਚ ਗਰਜ-ਚਮਕ ਦੇ ਨਾਲ ਮੀਂਹ, ਗੜ੍ਹੇਮਾਰੀ ਅਤੇ ਤੇਜ਼ ਹਵਾਵਾਂ (40-50 ਕਿਲੋਮੀਟਰ ਪ੍ਰਤੀ ਘੰਟਾ) ਚੱਲਣ ਦੀ ਸੰਭਾਵਨਾ ਜਤਾਉਂਦੇ ਹੋਏ ਅਲਰਟ ਜਾਰੀ ਕੀਤਾ ਹੈ। ਪੰਜਾਬ ਐਸ.ਡੀ.ਐਮ.ਏ. ਦੇ ਅਧਿਕਾਰੀਆਂ ਨੇ ਅਲਰਟ ਵਿੱਚ ਕਿਹਾ ਹੈ ਕਿ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ 112 'ਤੇ ਕਾਲ ਕਰੋ। ਇਸ ਦੌਰਾਨ ਅੱਜ ਸਵੇਰ ਤੋਂ ਹੀ ਟ੍ਰਾਇਸਟੀ ਵਿੱਚ ਬੱਦਲਵਾਈ ਵਾਲਾ ਮਾਹੌਲ ਬਣਿਆ ਹੋਇਆ ਹੈ।

## ਆਈ.ਬੀ.ਸੀ. ਕਾਰਨ ਬੈਂਕਿੰਗ ਪ੍ਰਣਾਲੀ 'ਚ ਆਇਆ ਵੱਡਾ ਸੁਧਾਰ: ਸੀਤਾਰਮਨ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 30 ਮਾਰਚ: ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸੋਮਵਾਰ ਨੂੰ ਲੋਕ ਸਭਾ ਵਿੱਚ ਜਾਣਕਾਰੀ ਦਿੱਤੀ ਕਿ 'Insolvency and Bankruptcy Code' (ਆਈ.ਬੀ.ਸੀ.) ਨੇ ਦੇਸ਼ ਦੀ ਬੈਂਕਿੰਗ ਪ੍ਰਣਾਲੀ ਵਿੱਚ ਕਾਫੀ ਸੁਧਾਰ ਕੀਤਾ ਹੈ ਅਤੇ ਵਪਾਰਕ ਬੈਂਕਾਂ ਦੇ ਫਸੇ ਹੋਏ ਕਰਜ਼ਿਆਂ (ਐਨ.ਪੀ.ਏ.) ਦੀ ਵਸੂਲੀ ਵਿੱਚ ਵੀ ਵੱਡੀ ਸਹਾਇਤਾ ਪ੍ਰਦਾਨ ਕੀਤੀ ਹੈ। 'Insolvency and Bankruptcy Code' (ਆਈ.ਬੀ.ਸੀ.) (ਸੋਧ) ਬਿੱਲ, 2025' 'ਤੇ ਹੋਈ ਚਰਚਾ ਦਾ ਜਵਾਬ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਸ ਬਿੱਲ ਰਾਹੀਂ 12 ਅਹਿਮ ਸੋਧਾਂ ਪ੍ਰਸਤਾਵਿਤ ਹਨ। ਸਦਨ ਵਿੱਚ 40 ਮੈਂਬਰਾਂ ਦੀ ਭਾਗੀਦਾਰੀ ਤੋਂ ਬਾਅਦ ਇਸ ਬਿੱਲ ਨੂੰ ਜ਼ਬਾਨੀ ਵੋਟ ਨਾਲ ਮਨਜ਼ੂਰੀ ਦੇ ਦਿੱਤੀ ਗਈ।



**ਐਨ.ਪੀ.ਏ. ਵਸੂਲੀ ਵਿੱਚ 923 ਦਾ 54 ਫੀਸਦੀ ਯੋਗਦਾਨ:** ਵਿੱਤ ਮੰਤਰੀ ਅਨੁਸਾਰ, ਵਪਾਰਕ ਬੈਂਕਾਂ ਦੇ ਐਨ.ਪੀ.ਏ. ਦੀ ਕੁੱਲ ਵਸੂਲੀ ਵਿੱਚ 923 ਦਾ ਯੋਗਦਾਨ 54 ਫੀਸਦੀ ਤੋਂ ਵੀ ਵੱਧ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹਾਲਾਂਕਿ 923 ਦਾ ਮੁਢਲਾ ਮਕਸਦ ਸਿਰਫ਼ ਕਰਜ਼ਾ ਵਸੂਲੀ ਦੇ ਸੰਦ ਵਜੋਂ ਵਰਤਿਆ ਜਾਣਾ ਨਹੀਂ ਸੀ ਪਰ ਇਸ ਵਿਵਸਥਾ ਕਾਰਨ ਹੁਣ ਕੰਪਨੀਆਂ ਦਿਵਾਲਾ ਨਾਲ ਸਬੰਧਤ ਮਾਮਲਿਆਂ ਦੇ ਨਿਪਟਾਰੇ ਵਿੱਚ ਪਹਿਲਾਂ ਨਾਲੋਂ ਕਿਤੇ ਬਿਹਤਰ ਕੰਮ ਕਰ ਰਹੀਆਂ ਹਨ।

**ਪਾਰਦਰਸ਼ਤਾ ਵਧਾਉਣ ਲਈ ਨਵੀਆਂ ਸ਼ਰਤਾਂ:** ਸੀਤਾਰਮਨ ਨੇ ਦੱਸਿਆ ਕਿ ਸਰਕਾਰ ਨੇ ਸੰਸਦ ਦੀ ਪ੍ਰਵਰ ਕਮੇਟੀ ਦੀਆਂ 17 ਵੱਡੀਆਂ ਸਿਫ਼ਾਰਸ਼ਾਂ ਨੂੰ ਸਵੀਕਾਰ ਕਰ ਲਿਆ ਹੈ। ਇਸ ਦੇ ਨਾਲ ਹੀ ਸਰਕਾਰ ਨੇ ਇੱਕ ਹੋਰ ਅਹਿਮ ਨਿਯਮ ਜੋੜਿਆ ਹੈ ਕਿ 'ਕਰਜ਼ਦਾਤਾਵਾਂ ਦੀ ਕਮੇਟੀ' ਨੂੰ ਬਿਨੈਕਾਰਾਂ ਦੀ ਚੋਣ ਕਰਨ ਦੇ ਕਾਰਨਾਂ ਨੂੰ ਦਰਜ ਕਰਨਾ ਹੋਵੇਗਾ। ਇਸ ਕਦਮ ਨਾਲ ਸਾਰੀ ਪ੍ਰਕਿਰਿਆ ਵਿੱਚ ਵਧੇਰੇ ਪਾਰਦਰਸ਼ਤਾ ਆਉਣ ਦੀ (ਬਾਕੀ ਸਫ਼ਾ 2 'ਤੇ)

## ਵਿਰੋਧੀ ਧਿਰ ਨੇ ਓ.ਬੀ.ਸੀ. ਰਾਖਵੇਂਕਰਨ ਦੇ ਬਿਆਨ ਵਿਰੁੱਧ ਰਾਜ ਸਭਾ 'ਚੋਂ ਕੀਤਾ ਵਾਕਆਊਟ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 30 ਮਾਰਚ:ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਮੈਂਬਰ ਕੇ. ਲਕਸ਼ਮਣ ਵੱਲੋਂ ਸੋਮਵਾਰ ਨੂੰ ਓਬੀਸੀ ਰਾਖਵੇਂਕਰਨ ਦੀ ਕਥਿਤ ਦੁਰਵਰਤੋਂ ਦਾ ਮੁੱਦਾ ਉਠਾਏ ਜਾਣ ਤੋਂ ਬਾਅਦ ਕੁਝ ਵਿਰੋਧੀ ਪਾਰਟੀਆਂ ਨੇ ਵਿਰੋਧ ਵਿੱਚ ਰਾਜ ਸਭਾ ਵਿੱਚੋਂ ਵਾਕਆਊਟ ਕਰ ਦਿੱਤਾ। ਸਿਫ਼ਰ ਕਾਲ ਦੌਰਾਨ ਲਕਸ਼ਮਣ ਨੇ ਓਬੀਸੀ ਰਾਖਵੇਂਕਰਨ ਦਾ ਮੁੱਦਾ ਉਠਾਇਆ ਅਤੇ ਕਿਹਾ ਧਰਮ ਦੇ ਆਧਾਰ 'ਤੇ ਇਸਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੁਝ ਰਾਜ ਮੁਸਲਿਮ ਭਾਈਚਾਰੇ ਨੂੰ ਰਾਖਵੇਂਕਰਨ ਦੇ ਲਾਭ ਦੇ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਅਜਿਹੇ 'ਧਰਮ-ਅਧਾਰਤ ਰਾਖਵੇਂਕਰਨ' ਦੀ ਵਿਆਪਕ ਸਮੀਖਿਆ ਕਰੇ। ਕੁਝ ਵਿਰੋਧੀ (ਬਾਕੀ ਸਫ਼ਾ 2 'ਤੇ)

### ਲੋਕ ਸਭਾ 'ਚ ਇਨਸੌਲਵੈਂਸੀ ਅਤੇ ਦੀਵਾਲੀਆਪਨ ਕੋਡ (ਸੋਧ) ਬਿੱਲ-2025 ਪਾਸ

ਨਵੀਂ ਦਿੱਲੀ, 30 ਮਾਰਚ (ਚ.ਨ.ਸ.): ਲੋਕ ਸਭਾ ਵਿੱਚ ਸੋਮਵਾਰ ਨੂੰ ਇਨਸੌਲਵੈਂਸੀ ਅਤੇ ਦੀਵਾਲੀਆਪਨ ਕੋਡ (ਸੋਧ) ਬਿੱਲ, 2025 ਨੂੰ ਆਵਾਜ਼ ਵੋਟ ਨਾਲ ਪਾਸ ਕਰ ਦਿੱਤਾ ਗਿਆ। ਬਿੱਲ 'ਤੇ ਚਰਚਾ ਦਾ ਜਵਾਬ ਦਿੰਦੇ ਹੋਏ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਇਹ ਬਿੱਲ ਸੰਕਟਗ੍ਰਸਤ ਕੰਪਨੀਆਂ ਲਈ ਹੱਲ ਪ੍ਰਕਿਰਿਆ ਨੂੰ ਤੇਜ਼ ਕਰਨ ਦੇ ਮੁੱਖ ਉਦੇਸ਼ ਨਾਲ ਪੇਸ਼ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇੱਕ ਵਾਰ ਜਦੋਂ ਇਹ ਬਿੱਲ ਕਾਨੂੰਨ ਬਣ ਜਾਵੇਗਾ, ਤਾਂ ਕਾਰਪੋਰੇਟ ਇਨਸੌਲਵੈਂਸੀ ਮਾਮਲਿਆਂ ਦਾ ਨਿਪਟਾਰਾ ਅਦਾਲਤ ਤੋਂ ਬਾਹਰ ਹੋ ਜਾਵੇਗਾ। ਇਸ ਨਾਲ ਨਿਵੇਸ਼ਕਾਂ ਦਾ ਵਿਸ਼ਵਾਸ (ਬਾਕੀ ਸਫ਼ਾ 2 'ਤੇ)

## ਭਿੰਡੀਸੈਦਾਂ ਥਾਣੇ ਕੋਲ ਰਾਤੀਂ ਸ਼ੱਕੀ ਧਮਾਕਾ

### ਪੁਲਿਸ ਜਾਂਚ ਜਾਰੀ, ਅਣਪਛਾਤੇ ਮੋਟਰਸਾਈਕਲ ਸਵਾਰਾਂ 'ਤੇ ਸ਼ੱਕ

ਬਬਲੂ ਮਹਾਜਨ

================

ਅੰਮ੍ਰਿਤਸਰ, 30 ਮਾਰਚ: ਅੰਮ੍ਰਿਤਸਰ ਦੇ ਹਲਕਾ ਰਾਜਾਸਾਂਸੀ ਅਧੀਨ ਆਉਂਦੇ ਥਾਣਾ ਭਿੰਡੀਸੈਦਾਂ 'ਚ ਬੀਤੀ ਦੇਰ ਰਾਤ ਇਕ ਸ਼ੱਕੀ ਧਮਾਕੇ ਦੀ ਆਵਾਜ਼ ਨਾਲ ਇਲਾਕੇ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ।




ਹਾਲਾਂਕਿ ਪੁਲਿਸ ਵੱਲੋਂ ਇਸ ਘਟਨਾ ਸਬੰਧੀ ਅਜੇ ਤੱਕ ਕੋਈ ਅਧਿਕਾਰਿਕ ਪੁਸ਼ਟੀ ਨਹੀਂ ਕੀਤੀ ਗਈ, ਪਰ ਸੂਤਰਾਂ ਅਨੁਸਾਰ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਥਾਣੇ ਦੇ ਬਾਹਰ ਵਿਸਫੋਟ ਵਰਗੀ ਘਟਨਾ ਨੂੰ ਅੰਜਾਮ ਦੇਣ ਦਾ ਸ਼ੱਕ ਜਤਾਇਆ ਜਾ ਰਿਹਾ ਹੈ।

ਮਿਲੀ ਜਾਣਕਾਰੀ ਮੁਤਾਬਕ ਧਮਾਕੇ ਦੀ ਆਵਾਜ਼ ਰਾਤ ਕਰੀਬ 1:30 ਤੋਂ 2 ਵਜੇ ਦਰਮਿਆਨ ਸੁਣੀ ਗਈ। ਧਮਾਕੇ ਦੀ ਆਵਾਜ਼ ਇਤਨੀ ਤੇਜ਼ ਸੀ ਕਿ ਥਾਣੇ ਦੇ ਨੇੜਲੇ ਇਲਾਕਿਆਂ 'ਚ ਰਹਿਣ ਵਾਲੇ ਲੋਕ ਘਬਰਾਹਟ ਵਿੱਚ ਆਪਣੇ ਘਰਾਂ ਤੋਂ ਬਾਹਰ ਨਿਕਲ ਆਏ। ਘਟਨਾ ਤੋਂ ਬਾਅਦ ਤੁਰੰਤ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਅਤੇ ਥਾਣੇ ਦਾ ਮੁੱਖ ਗੇਟ ਅੰਦਰੋਂ ਬੰਦ ਕਰ ਦਿੱਤਾ ਗਿਆ। ਇਲਾਕੇ ਵਿੱਚ ਪੁਲਿਸ ਦੀ ਗਸ਼ਤ ਵੀ ਵਧਾ ਦਿੱਤੀ ਗਈ ਹੈ ਤਾਂ ਜੋ ਕਿਸੇ ਵੀ ਅਣਚਾਹੀ ਘਟਨਾ ਨੂੰ ਰੋਕਿਆ ਜਾ ਸਕੇ। ਡੀਐੱਸਪੀ ਗੁਰਿੰਦਰ ਪਾਲ ਸਿੰਘ ਨਾਗਰਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਵੇਰੇ ਉਨ੍ਹਾਂ ਨੂੰ ਇੱਕ ਸੀਨੀਅਰ ਰਿਪੋਰਟ ਮਿਲੀ ਸੀ, ਜਿਸ ਵਿੱਚ ਦੇਰ ਰਾਤ ਮਾਈਨਰ ਬਲਾਸਟ ਵਰਗੀ ਆਵਾਜ਼ ਆਉਣ ਦੀ ਜਾਣਕਾਰੀ ਦਿੱਤੀ ਗਈ ਸੀ। ਰਿਪੋਰਟ ਮਿਲਦੇ ਹੀ ਪੁਲਿਸ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਨਾ ਤਾਂ (ਬਾਕੀ ਸਫ਼ਾ 2 'ਤੇ)

### ਖਾੜੀ ਖੇਤਰ ਵਿੱਚ ਯੁੱਧ ਹੁਣਰੀਲਾਂ ਦੀ ਜੰਗਬਣਿਆ

## ਜਿੱਥੇ ਮਨੁੱਖੀ ਦੁੱਖ ਅਤੇ ਜੰਗ ਦੀ ਤਬਾਹੀ ਵੀ ਇੱਕ ਕਿਸਮ ਦੀ ਡਿਜ਼ੀਟਲ ਕਰੰਸੀ ਬਣੀ

### ਇਹ ਸਿਰਫ਼ ਮੀਡੀਆ ਦਾ ਬਦਲਾਅ ਨਹੀਂ, ਸਗੋਂ ਆਈਟੀ ਕੰਪਨੀਆਂ ਦੀ ਰੇਟਿੰਗ ਕ੍ਰਾਂਤੀ ਦਾ ਅਗਲਾ ਪੜਾਅ

ਪ੍ਰੋ.ਡਾ.ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

================

ਅੱਜ ਖਾੜੀ ਖੇਤਰ ਵਿੱਚ ਚੱਲ ਰਹੇ ਸੰਘਰਸ਼ ਦੀ ਕਵਰੇਜ ਹੁਣ ਇੱਕ ਨਵੇਂ ਦੌਰ ਵਿੱਚ ਦਾਖ਼ਲ ਹੋ ਚੁੱਕੀ ਹੈ। ਇਹ ਦੌਰ ਹੈ ਰੀਲਾਂ ਦੀ ਜੰਗ ਦਾ—ਜਿੱਥੇ ਮੈਦਾਨ-ਏ-ਜੰਗ ਨਾਲੋਂ ਵੱਧ ਅਸਰ ਮੋਬਾਈਲ ਸਕ੍ਰੀਨਾਂ 'ਤੇ ਪੈਦਾ ਹੋ ਰਿਹਾ ਹੈ। ਸੋਸ਼ਲ ਮੀਡੀਆ ਪਲੇਟਫਾਰਮ, ਖ਼ਾਸ ਕਰਕੇ ਛੋਟੇ ਵੀਡੀਓ ਫਾਰਮੈਟ (ਰੀਲਾਂ), ਨੇ ਜੰਗ ਦੀ ਸਮਝ, ਉਸਦੀ ਪ੍ਰਸਤੁਤੀ ਅਤੇ ਲੋਕਧਾਰਾ ਨੂੰ ਬਦਲ ਕੇ ਰੱਖ ਦਿੱਤਾ ਹੈ। ਇਹ ਸਿਰਫ਼ ਮੀਡੀਆ ਦਾ ਬਦਲਾਅ ਨਹੀਂ, ਸਗੋਂ ਆਈਟੀ ਕੰਪਨੀਆਂ ਦੀ ਰੇਟਿੰਗ ਕ੍ਰਾਂਤੀ ਦਾ ਅਗਲਾ ਪੜਾਅ ਹੈ।



ਪਹਿਲਾਂ ਜੰਗ ਦੀ ਕਵਰੇਜ ਲਈ ਅੰਤਰਰਾਸ਼ਟਰੀ ਨਿਊਜ਼ ਚੈਨਲ, ਜਿਵੇਂ ਸੀ.ਐਨ.ਐਨ. ਜਾਂ ਬੀ.ਬੀ.ਸੀ., ਮੁੱਖ ਸਰੋਤ ਹੁੰਦੇ ਸਨ। 1991 ਦੀ ਖਾੜੀ ਜੰਗ ਨੂੰ ਤਾਂ ਸੀ.ਐਨ.ਐਨ. ਵਾਰ ਵੀ ਕਿਹਾ ਗਿਆ ਸੀ। ਪਰ 2020 ਦੇ ਦਹਾਕੇ ਵਿੱਚ ਸਥਿਤੀ ਬਿਲਕੁਲ ਵੱਖਰੀ ਹੈ। ਹੁਣ ਇੰਸਟਾਗ੍ਰਾਮ, ਯੂ.ਟਿਊਬ ਸ਼ਾਰਟਸ ਅਤੇ ਟਿਕਟਾਕ ਵਰਗੇ ਪਲੇਟਫਾਰਮਾਂ 'ਤੇ ਜੰਗ ਦੇ ਕਲਿੱਪ, ਧਮਾਕਿਆਂ ਦੀਆਂ ਵੀਡੀਓਜ਼, ਅਤੇ ਮੈਦਾਨੀ ਦ੍ਰਿਸ਼ ਲੱਖਾਂ-ਕਰੋੜਾਂ ਦਰਸ਼ਕਾਂ ਤੱਕ ਕੁਝ ਸਕਿੰਟਾਂ ਵਿੱਚ ਪਹੁੰਚ ਰਹੇ ਹਨ।

ਅੱਜ ਅੰਕੜਿਆਂ ਦੇ ਹਿਸਾਬ ਨਾਲ ਵੇਖੀਏ ਤਾਂ 2025 ਤੱਕ ਦੁਨੀਆਂ ਵਿੱਚ 4.9 ਬਿਲੀਅਨ ਤੋਂ ਵੱਧ ਲੋਕ ਸੋਸ਼ਲ ਮੀਡੀਆ ਵਰਤ ਰਹੇ ਹਨ। ਇੰਸਟਾਗ੍ਰਾਮ ਦੇ ਰੀਲ ਫੀਚਰ ਨੂੰ ਹਰ ਰੋਜ਼ ਲਗਭਗ 2 ਬਿਲੀਅਨ ਵਾਰ ਦੇਖਿਆ ਜਾਂਦਾ ਹੈ। ਟਿਕਟਾਕ ਦੇ ਯੂਜ਼ਰ ਪ੍ਰਤੀ ਦਿਨ ਔਸਤ 90 ਮਿੰਟ ਤੋਂ ਵੱਧ ਸਮਾਂ ਐਪ 'ਤੇ ਬਿਤਾਉਂਦੇ ਹਨ। ਇਹ ਅੰਕੜੇ ਦਰਸਾਉਂਦੇ ਹਨ (ਬਾਕੀ ਸਫਾ 2 'ਤੇ)

### 'ਆਪ' ਸਰਕਾਰ ਦੌਰਾਨ ਸਿੱਖਿਆ ਖੇਤਰ 'ਚ ਪੰਜਾਬ ਦੇ ਸਕੂਲਾਂ ਨੇ ਮਾਰੀ ਬਾਜ਼ੀ

## ਕੌਮੀ ਸਰਵੇਖਣ 'ਚ ਕੇਰਲਾ ਨੂੰ ਪਛਾੜ ਕੇ ਮੋਹਰੀ ਬਣਿਆ ਪੰਜਾਬ: ਮਾਨ

ਅੰਮ੍ਰਿਤਪਾਲ ਸਿੰਘ

================

ਚੰਡੀਗੜ੍ਹ, 30 ਮਾਰਚ:ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਲੜੀ ਤਹਿਤ ਪੰਜਾਬ ਸਰਕਾਰ ਦੀ 'ਸਿੱਖਿਆ ਕ੍ਰਾਂਤੀ' ਦਾ ਚਾਰ ਸਾਲਾਂ ਦਾ ਵਿਸਥਾਰਤ ਰਿਪੋਰਟ ਕਾਰਡ ਪੇਸ਼ ਕੀਤਾ। ਇਸ ਰਿਪੋਰਟ ਕਾਰਡ ਵਿੱਚ ਦੱਸਿਆ ਗਿਆ ਕਿ ਕਿਵੇਂ ਨਿਰੰਤਰ ਸੁਧਾਰਾਂ ਸਦਕਾ ਸਰਕਾਰੀ ਸਕੂਲਾਂ ਮਾਡਲ ਸੰਸਥਾਵਾਂ ਵਿੱਚ ਬਦਲ ਰਹੀਆਂ ਹਨ ਜਿਸ ਦੇ ਦੇਸ਼ ਭਰ ਵਿੱਚ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ। 'ਸਿੱਖਿਆ ਕ੍ਰਾਂਤੀ' ਨੂੰ ਪੰਜਾਬ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਮੁੱਖ ਮੰਤਰੀ ਨੇ ਕੌਮੀ ਮੁਲਾਂਕਣ ਵਿੱਚ ਚੋਟੀ ਦੀਆਂ ਦਰਜਾਬੰਦੀਆਂ, ਰਿਕਾਰਡ ਅਕਾਦਮਿਕ ਨਤੀਜੇ, ਜ਼ੀਰੋ ਪੇਪਰ ਲੀਕ ਅਤੇ ਬੁਨਿਆਦੀ ਢਾਂਚੇ ਅਤੇ ਅਧਿਆਪਕ ਸਿਖਲਾਈ ਵਿੱਚ ਕੀਤੇ ਬੇਮਿਸਾਲ ਨਿਵੇਸ਼ 'ਤੇ ਚਾਨਣਾ ਪਾਇਆ। ਮੁੱਖ ਮੰਤਰੀ ਨੇ ਕਿਹਾ ਕਿ



ਇਸ ਤਬਦੀਲੀ ਨੂੰ ਯਕੀਨੀ ਬਣਾਉਣ ਲਈ ਵਿਆਪਕ ਵਿੱਤੀ ਪ੍ਰਬੰਧ ਕੀਤੇ ਗਏ ਹਨ। ਸਾਲ 2021-22 ਵਿੱਚ ਸਿੱਖਿਆ ਬਜਟ 12,657 ਕਰੋੜ ਰੁਪਏ ਸੀ ਜੋ 2026-27 ਵਿੱਚ ਵਧਾ ਕੇ 19,279 ਕਰੋੜ ਰੁਪਏ ਕੀਤਾ ਗਿਆ ਹੈ ਜੋ 'ਆਪ' ਸਰਕਾਰ ਵੱਲੋਂ ਇਸ ਖੇਤਰ ਨੂੰ ਦਿੱਤੀ ਜਾ ਰਹੀ ਤਰਜੀਹ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸਿੱਖਿਆ ਰਿਪੋਰਟ ਕਾਰਡ ਨਿਰੰਤਰ ਜਵਾਬਦੇਹੀ ਪ੍ਰਕਿਰਿਆ ਦਾ ਹਿੱਸਾ ਹੈ। ਇਸ ਤੋਂ ਪਹਿਲਾ ਸਿੰਚਾਈ, ਸਿਹਤ, ਖੇਡਾਂ ਅਤੇ ਕਾਨੂੰਨ ਵਿਵਸਥਾ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਵੀ ਚਾਰ ਸਾਲਾਂ ਦੀ ਕਾਰਗੁਜ਼ਾਰੀ ਸਬੰਧੀ ਅਜਿਹਾ ਰਿਪੋਰਟ ਕਾਰਡ ਪੇਸ਼ ਕੀਤਾ ਗਿਆ ਅਤੇ ਇਹ (ਬਾਕੀ ਸਫ਼ਾ 2 'ਤੇ)

## ਪੰਜਾਬ 'ਚ ਅੱਜ ਰਹੇਗੀ ਸਰਕਾਰੀ ਛੁੱਟੀ

ਇਹ ਦਿਨ ਜੈਨ ਧਰਮ ਦੇ 24ਵੇਂ ਅਤੇ ਅੰਤਿਮ ਤੀਰਥੰਕਰ, ਭਗਵਾਨ ਮਹਾਵੀਰ ਦੇ ਜਨਮ ਦਿਹਾੜੇ ਵਜੋਂ ਮਨਾਇਆ ਜਾਂਦਾ ਹੈ। ਉਨ੍ਹਾਂ ਦਾ ਜਨਮ ਲਗਭਗ 6ਵੀਂ ਸਦੀ ਈਸਾ ਪੂਰਵ ਵਿਚ ਕੁੰਡਲਪੁਰ (ਵੈਸ਼ਾਲੀ) ਵਿਚ ਹੋਇਆ ਸੀ। ਭਗਵਾਨ ਮਹਾਵੀਰ ਨੇ ਦੁਨੀਆਂ ਨੂੰ 'ਜੀਓ ਅਤੇ ਜੀਣ ਦਿਓ' ਦਾ ਸਿਧਾਂਤ ਦਿੱਤਾ। ਉਨ੍ਹਾਂ ਦਾ ਸਭ ਤੋਂ ਵੱਡਾ ਇਤਿਹਾਸਕ ਯੋਗਦਾਨ ਅਹਿੰਸਾ ਦੇ ਪ੍ਰਚਾਰ ਵਿਚ ਹੈ, ਜਿਸ ਦਾ ਮਤਲਬ ਹੈ ਕਿਸੇ ਵੀ ਜੀਵ ਨੂੰ ਮਨ, ਬਚਨ ਜਾਂ ਕਰਮ ਨਾਲ ਦੁੱਖ ਨਾ ਪਹੁੰਚਾਉਣਾ। ਉਨ੍ਹਾਂ ਨੇ ਉਸ ਸਮੇਂ ਦੇ ਸਮਾਜ ਵਿਚ ਪ੍ਰਚਲਿਤ ਜਾਤ-ਪਾਤ ਅਤੇ ਕਰਮ-ਕਾਂਡਾਂ ਦਾ ਵਿਰੋਧ ਕੀਤਾ ਅਤੇ ਸਭ ਜੀਵਾਂ ਦੀ ਬਰਾਬਰੀ 'ਤੇ ਜ਼ੋਰ ਦਿੱਤਾ।

## ਭਗਵੰਤ ਮਾਨ ਵੱਲੋਂ 87 ਕਰੋੜ ਦੀ ਲਾਗਤ

ਅੱਜ, ਪੰਜਾਬ ਦੇ ਵਿਕਾਸ ਦੀ ਗੱਡੀ ਮੁੜ ਲੀਹ 'ਤੇ ਆ ਗਈ ਹੈ ਅਤੇ ਹਰ ਗੁਜ਼ਰਦੇ ਦਿਨ ਨਾਲ ਇਹ ਗਤੀ ਹੋਰ ਤੇਜ਼ ਹੋ ਰਹੀ ਹੈ। ਵਿਰੋਧੀ ਪਾਰਟੀਆਂ ਇਹ ਗੱਲ ਹਜ਼ਮ ਨਹੀਂ ਕਰ ਪਾ ਰਹੀਆਂ, ਜਿਸ ਕਾਰਨ ਉਹ ਲਗਾਤਾਰ ਬੇਬੁਨਿਆਦ ਅਤੇ ਤਰਕਹੀਣ ਬਿਆਨ ਜਾਰੀ ਕਰ ਰਹੀਆਂ ਹਨ। ਇਹ ਵਿਰੋਧੀ ਪਾਰਟੀਆਂ ਵਿੱਚ ਨਿਰਾਸ਼ਾ ਨੂੰ ਦਰਸਾਉਂਦਾ ਹੈ ਜੋ ਸੂਬੇ ਦੇ ਵਿਕਾਸ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਤੋਂ ਈਰਖਾ ਕਰਦੀਆਂ ਹਨ।

ਸਨੌਰ ਹਲਕੇ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, 'ਅੱਜ ਸਨੌਰ ਹਲਕੇ ਵਿੱਚ 49.60 ਕਰੋੜ ਰੁਪਏ ਦੀ ਲਾਗਤ ਨਾਲ ਕਈ ਨਵੀਆਂ ਲਿੰਕ ਸੜਕਾਂ ਬਣਾਈਆਂ ਜਾਣਗੀਆਂ ਅਤੇ ਕੁਝ ਮੌਜੂਦਾ ਸੜਕਾਂ ਨੂੰ ਨਵਾਂ ਰੂਪ ਦਿੱਤਾ ਜਾਵੇਗਾ। ਲੋਕ ਜਲਦ ਹੀ ਆਪਣੇ ਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ ਵਿੱਚ ਪ੍ਰਤੱਖ ਬਦਲਾਅ ਦੇਖਣਗੇ। ਮੁੱਖ ਪਟਿਆਲਾ-ਪਿਹੋਵਾ ਸੜਕ ਨੂੰ ਨਵਾਂ ਰੂਪ ਦਿੱਤਾ ਜਾਵੇਗਾ ਅਤੇ ਦਿੱਲੀ ਜਾਣ ਵਾਲੀ ਆਵਾਜਾਈ ਨੂੰ ਆਸਾਨ ਬਣਾਉਣ ਲਈ ਜਲਦ ਹੀ ਇਸ ਨੂੰ ਚਾਰ-ਮਾਰਗੀ ਕੀਤਾ ਜਾਵੇਗਾ।'

ਜਵਾਬਦੇਹੀ ਵਿੱਚ ਵਾਧਾ ਕਰਨ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, 'ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਸੜਕਾਂ ਹੁਣ ਘਟੀਆ ਦਰਜੇ ਦੀਆਂ ਨਹੀਂ ਹੋਣਗੀਆਂ, ਕਿਉਂਕਿ ਹੁਣ ਸੜਕਾਂ ਦੇ ਰੱਖ-ਰਖਾਅ ਸਬੰਧੀ ਪੰਜ ਸਾਲ ਦੀ ਜ਼ਿੰਮੇਵਾਰੀ ਠੇਕੇਦਾਰਾਂ ਕੋਲ ਹੈ ਅਤੇ ਕਿਸੇ ਵੀ ਨੁਕਸਾਨ ਦੇ ਨਤੀਜੇ ਵਜੋਂ ਭੁਗਤਾਨ ਰੋਕਿਆ ਜਾ ਸਕਦਾ ਹੈ, ਬਲੈਕਲਿਸਟ ਕੀਤਾ ਜਾ ਸਕਦਾ ਹੈ ਅਤੇ ਭਵਿੱਖ ਵਿੱਚ ਕੋਈ ਵੀ ਠੇਕਾ ਨਾ ਦਿੱਤੇ ਜਾਣ ਦੇ ਨਾਲ-ਨਾਲ ਹੋਰ ਨਤੀਜੇ ਭੁਗਤਣੇ ਪੈ ਸਕਦੇ ਹਨ।'

ਸੜਕੀ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਪੈਮਾਨੇ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ, 'ਇਹ ਬਹੁਤ ਮਾਣ ਵਾਲੀ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਇਤਿਹਾਸ ਦਾ ਸਭ ਤੋਂ ਵੱਡਾ ਸੜਕ ਨਿਰਮਾਣ ਕਾਰਜ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਕੁੱਲ 16,209 ਕਰੋੜ ਰੁਪਏ ਦੀ ਲਾਗਤ ਨਾਲ 44,920 ਕਿਲੋਮੀਟਰ ਸੜਕਾਂ ਬਣਾਉਣ ਦਾ ਟੀਚਾ ਮਿੱਥਿਆ ਗਿਆ ਹੈ।'

ਉਨ੍ਹਾਂ ਕਿਹਾ, 'ਇਹ ਸਾਰੀਆਂ ਸੜਕਾਂ ਪੰਜ ਸਾਲਾਂ ਦੇ ਰੱਖ-ਰਖਾਅ ਦੀ ਧਾਰਾ ਅਧੀਨ ਬਣਾਈਆਂ ਜਾਣਗੀਆਂ ਜਿਸ ਨਾਲ ਵਿਸ਼ਵ ਪੱਧਰੀ ਸੜਕ ਸੁਰੱਖਿਆ ਦੇ ਨਾਲ-ਨਾਲ ਉੱਚ ਗੁਣਵੱਤਾ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਕਦਮ ਦਾ ਉਦੇਸ਼ ਸੂਬੇ ਵਿੱਚ ਬਿਹਤਰ ਆਵਾਜਾਈ ਸਹੂਲਤ ਪ੍ਰਦਾਨ ਕਰਨ ਅਤੇ ਪੇਂਡੂ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣਾ ਹੈ ਜਿਸ ਨਾਲ ਆਮ ਲੋਕਾਂ ਨੂੰ ਵੱਡਾ ਲਾਭ ਹੋਵੇਗਾ।'

ਪਾਣੀ ਦੀ ਸੰਭਾਲ ਅਤੇ ਸਿੰਚਾਈ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, 'ਪਾਣੀ ਦੇ ਰਾਖੇ ਹੋਣ ਦਾ ਦਾਅਵਾ ਕਰਨ ਵਾਲਿਆਂ ਨੇ ਕਦੇ ਵੀ ਪਾਣੀ ਦੀ ਸੰਭਾਲ ਵੱਲ ਧਿਆਨ ਨਹੀਂ ਦਿੱਤਾ ਜਦੋਂ ਕਿ ਪੰਜਾਬ ਸਰਕਾਰ ਵੱਲੋਂ ਪਾਣੀ ਦੀ ਹਰ ਬੂੰਦ ਦੀ ਬੱਚਤ ਵੱਲ ਵਿਸ਼ੇਸ਼ ਧਿਆਨ ਦਿੱਤਾ ਰਿਹਾ ਹੈ।'

ਉਨ੍ਹਾਂ ਕਿਹਾ, 'ਸੂਬੇ ਵਿੱਚ 6900 ਕਿਲੋਮੀਟਰ ਲੰਬੇ 18349 ਖਾਲਿਆਂ ਨੂੰ ਬਹਾਲ ਕੀਤਾ ਗਿਆ ਹੈ ਤਾਂ ਜੋ ਸੂਬੇ ਦੇ ਦੂਰ-ਦੁਰਾਡੇ ਦੇ ਹਿੱਸਿਆਂ ਵਿੱਚ ਪਾਣੀ ਮੁਹੱਈਆ ਕਰਵਾਇਆ ਜਾ ਸਕੇ ਜਿਸ ਨਾਲ ਕਿਸਾਨਾਂ ਨੂੰ ਵੱਡਾ ਲਾਭ ਹੋਇਆ ਹੈ। ਸਾਡੀ ਸਰਕਾਰ ਨੇ ਨਹਿਰੀ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਲਈ 6500 ਕਰੋੜ ਰੁਪਏ ਖਰਚ ਕੀਤੇ ਹਨ ਤਾਂ ਜੋ ਸੂਬੇ ਦੇ ਹਰ ਖੇਤਰ ਤੱਕ ਪਾਣੀ ਪਹੁੰਚ ਸਕੇ, ਅਤੇ ਪਹਿਲੀ ਵਾਰ ਸੂਬੇ ਦੇ 1444 ਪਿੰਡਾਂ ਨੂੰ ਨਹਿਰੀ ਪਾਣੀ ਮਿਲਿਆ ਹੈ।'

ਸਿੱਖਿਆ ਖੇਤਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, 'ਪੰਜਾਬ ਨੇ ਨੈਸ਼ਨਲ ਅਚੀਵਮੈਂਟ ਸਰਵੇ-2024 ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਇਹ ਸਾਰੇ ਪੰਜਾਬੀਆਂ ਲਈ ਬੇਹੱਦ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਇਸ ਸਰਵੇਖਣ ਵਿੱਚ ਸੂਬੇ ਨੇ ਕੇਰਲਾ ਨੂੰ ਵੀ ਪਛਾੜ ਦਿੱਤਾ ਹੈ।'

ਉਨ੍ਹਾਂ ਕਿਹਾ, ਪਿਛਲੇ ਕੁਝ ਸਾਲਾਂ ਦੌਰਾਨ 740 ਵਿਦਿਆਰਥੀਆਂ ਨੇ ਜੇਈਈ ਪ੍ਰੀਖਿਆ ਅਤੇ 1,284 ਨੇ ਨੀਟ ਪ੍ਰੀਖਿਆ ਪਾਸ ਕੀਤੀ ਹੈ ਅਤੇ 118 ਸਕੂਲ ਆਫ਼ ਐਮੀਨੈਂਸ ਖੋਲ੍ਹੇ ਜਾ ਰਹੇ ਹਨ ਜਿਨ੍ਹਾਂ ਵਿੱਚੋਂ 60 ਪਹਿਲਾਂ ਹੀ ਕਾਰਜਸ਼ੀਲ ਹੋ ਚੁੱਕੇ ਹਨ।

ਮਾਨ ਨੇ ਕਿਹਾ, 'ਇਹ ਸਕੂਲ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਯੋਗਤਾਵਾਂ ਅਤੇ ਰੁਚੀਆਂ ਦੇ ਅਨੁਸਾਰ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਮਦਦ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ, ਪਹਿਲੀ ਵਾਰ, 24 ਲੱਖ ਮਾਪਿਆਂ ਨੇ ਮੈਗਾ ਪੀਟੀਐਮ ਵਿੱਚ ਹਿੱਸਾ ਲਿਆ ਹੈ।

ਸਿੱਖਿਆ ਸੁਧਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮੈਡੀਕਲ ਅਤੇ ਨਾਨ-ਮੈਡੀਕਲ ਸਮੇਤ ਸਾਰੀਆਂ ਸਟ੍ਰੀਮਾਂ ਦੀ ਪੜ੍ਹਾਈ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ, ਵਿਦਿਆਰਥੀਆਂ ਨੂੰ ਆਰਮਡ ਫੋਰਸਿਜ਼ ਪ੍ਰੈਪਰੇਟਰੀ, ਨੀਟ, ਜੇਈਈ ਅਤੇ ਸੀਐਲਏਟੀ ਵਰਗੀਆਂ ਪ੍ਰੀਖਿਆਵਾਂ ਲਈ ਕੋਚਿੰਗ ਵੀ ਪ੍ਰਦਾਨ ਕੀਤੀ ਜਾਂਦੀ ਹੈ।

ਮੁੱਖ ਮੰਤਰੀ ਨੇ ਕਿਹਾ, ਸਿਰਫ ਸਿੱਖਿਆ ਨਾਲ ਹੀ ਸਾਰੀਆਂ ਸਮਾਜਿਕ ਬੁਰਾਈਆਂ ਦਾ ਹੱਲ ਕੀਤਾ ਜਾ ਸਕਦਾ ਹੈ ਜਿਸ ਲਈ ਪੰਜਾਬ ਸਰਕਾਰ ਨੇ ਸਿੱਖਿਆ ਨੂੰ ਤਰਜੀਹ ਦਿੱਤੀ ਹੈ ਅਤੇ ਲੋਕਾਂ ਦੇ ਜੀਵਨ ਨੂੰ ਬਦਲਣ ਲਈ ਸਿੱਖਿਆ ਖੇਤਰ ਵਿੱਚ ਬੇਮਿਸਾਲ ਪਹਿਲਕਦਮੀਆਂ ਕੀਤੀਆਂ ਗਈਆਂ ਹਨ।

ਸਮਾਜਿਕ ਪਰਿਵਰਤਨ ਵਿੱਚ ਸਿੱਖਿਆ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, 'ਕੋਈ ਵੀ ਮੁਫ਼ਤ ਸਹੂਲਤ ਜਾਂ ਰਿਆਇਤ ਸੂਬੇ ਵਿੱਚ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖ਼ਤਮ ਨਹੀਂ ਕਰ ਸਕਦੀ ਪਰ ਸਿੱਖਿਆ ਹੀ ਉਹ ਕੁੰਜੀ ਹੈ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਉਨ੍ਹਾਂ ਨੂੰ ਗਰੀਬੀ ਵਿੱਚੋਂ ਬਾਹਰ ਕੱਢ ਸਕਦੀ ਹੈ।'

ਉਨ੍ਹਾਂ ਕਿਹਾ,'ਸਿੱਖਿਆ ਉਹ ਰੌਸ਼ਨੀ ਹੈ ਜੋ ਹਨੇਰੇ ਨੂੰ ਦੂਰ ਕਰਕੇ ਦੁਨੀਆ ਵਿੱਚ ਚਾਨਣ ਬਿਖੇਰਦੀ ਹੈ ਜਿਸ ਕਾਰਨ ਪੰਜਾਬ ਸਰਕਾਰ ਇਸ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ।' ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ।'

ਬਿਹਤਰ ਸਿਹਤ ਸੰਭਾਲ ਪ੍ਰਦਾਨ ਕਰਨ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, 'ਮੁੱਖ ਮੰਤਰੀ ਸਿਹਤ ਯੋਜਨਾ (ਐਮ.ਐਮ.ਐਸ.ਵਾਈ.) ਅਧੀਨ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ ਅਤੇ 30 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਪਹਿਲਾਂ ਹੀ ਸਿਹਤ ਕਾਰਡ ਮਿਲ ਚੁੱਕੇ ਹਨ। ਇਸ ਯੋਜਨਾ ਤਹਿਤ 1.65 ਲੱਖ ਲੋਕਾਂ ਨੂੰ ਮੁਫ਼ਤ ਇਲਾਜ ਮਿਲ ਚੁੱਕਾ ਹੈ ਅਤੇ ਲੋਕਾਂ ਨੂੰ ਇਨ੍ਹਾਂ ਕਾਰਡਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ।'

ਮਾਨ ਨੇ ਅੱਗੇ ਕਿਹਾ ਕਿ ਰਾਜ ਦੇ ਇਤਿਹਾਸ ਵਿੱਚ ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਖੇਤੀਬਾੜੀ ਮੋਟਰਾਂ ਲਈ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਗਈ ਹੈ। ਬਿਜਲੀ ਸੁਧਾਰਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਹੁਣ ਪਹਿਲੀ ਵਾਰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਬਦਲ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਸਰਕਾਰੀ ਖ਼ਜ਼ਾਨੇ ਦੇ ਇੱਕ-ਇੱਕ ਪੈਸੇ ਦੀ ਵਰਤੋਂ ਪੂਰੀ ਸੂਝ-ਬੂਝ ਨਾਲ ਕਰ ਰਹੀ ਹੈ।

ਮਾਵਾਂ ਧੀਆਂ ਸਤਿਕਾਰ ਯੋਜਨਾ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਸਰਕਾਰ ਦੀ ਇਹ ਯੋਜਨਾ 18 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਅਤੇ ਹੋਰ ਸਾਰੇ ਵਰਗਾਂ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਪ੍ਰਦਾਨ ਕਰੇਗੀ। ਵਿੱਤੀ ਜ਼ਿੰਮੇਵਾਰੀ ਦੀ ਪੁਸ਼ਟੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਇਸਨੂੰ ਲੋਕਾਂ ਦੀ ਭਲਾਈ ਲਈ ਹੀ ਖਰਚ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਕਰਦਾਤਾਵਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਪੰਜਾਬ ਸਰਕਾਰ ਨੇ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ ਪਰ ਪੰਜਾਬ ਦੀ ਤਰੱਕੀ ਲਈ ਯਤਨ ਜਾਰੀ ਰਹਿਣਗੇ। ਮਾਨ ਨੇ ਕਿਹਾ ਕਿ ਅਸੀਂ ਮਾਣ 'ਤੇ ਖੜ੍ਹ ਕੇ ਸਿੱਖਿਆ, ਸਿਹਤ, ਬਿਜਲੀ ਅਤੇ ਖੇਤੀਬਾੜੀ ਦੀ ਗੱਲ ਕਰਦੇ ਹਾਂ, ਜਦੋਂ ਕਿ ਦੂਜੀਆਂ ਪਾਰਟੀਆਂ ਸਿਰਫ ਸੱਤਾ ਹਥਿਆਉਣ 'ਤੇ ਆਪਣਾ ਧਿਆਨ ਕੇਂਦਰਤ ਕਰ ਕੇ ਚੱਲ ਰਹੀਆਂ ਹਨ।

ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਇਹ ਮੌਕਾਪ੍ਰਸਤ ਆਗੂ ਨਿਰਾਸ਼ਾ ਦੇ ਆਲਮ ਵਿੱਚ ਲੋਕਾਂ ਕੋਲ ਜਾ ਰਹੇ ਹਨ ਅਤੇ ਲੋਕ ਉਨ੍ਹਾਂ ਨੂੰ ਕੋਈ ਹੁੰਗਾਰਾ ਨਹੀਂ ਦੇ ਰਹੇ ਕਿਉਂਕਿ ਉਨ੍ਹਾਂ ਦਾ ਏਜੰਡਾ ਲੋਕਾਂ ਦੀ ਬਜਾਏ ਸਿਰਫ਼ ਆਪਣੇ ਪਰਿਵਾਰਾਂ ਦੀ ਭਲਾਈ ਤੱਕ ਸੀਮਤ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਆਗੂਆਂ ਦਾ ਇੱਕੋ ਇੱਕ ਏਜੰਡਾ ਲੋਕਾਂ ਨੂੰ ਗੁੰਮਰਾਹ ਕਰਕੇ ਪੰਜਾਬ ਵਿੱਚ ਵੰਡੀਆਂ ਪਾਉਣ ਤੋਂ ਸਿਵਾਏ ਹੋਰ ਕੁਝ ਨਹੀਂ ਹੁੰਦਾ।

ਸੜਕ ਸੁਰੱਖਿਆ ਫੋਰਸ ਬਾਰੇ ਵਿਸਥਾਰ ਵਿੱਚ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਨੇ ਦੇਸ਼ ਭਰ ਵਿੱਚ ਸਮਰਪਿਤ ਸੜਕ ਸੁਰੱਖਿਆ ਫੋਰਸ ਨਾਮੀ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਸ਼ੁਰੂ ਕੀਤੀ ਹੈ, ਜੋ ਰਾਜ ਅਤੇ ਕੌਮੀ ਮਾਰਗਾਂ 'ਤੇ ਸੁਰੱਖਿਆ ਨੂੰ ਯਕੀਨੀ ਬਣਾਉਂਦਿਆਂ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਹਰ ਸਮੇਂ ਤਾਇਨਾਤ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਨਵੇਂ ਭਰਤੀ ਕੀਤੇ ਗਏ 1597 ਕਰਮਚਾਰੀ ਇਸ ਫੋਰਸ ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰ ਰਹੇ ਹਨ, ਜਿਨ੍ਹਾਂ ਨੂੰ 144 ਪੂਰੀ ਤਰ੍ਹਾਂ ਲੈਸ ਵਾਹਨ ਪ੍ਰਦਾਨ ਕੀਤੇ ਗਏ ਹਨ।

ਉਨ੍ਹਾਂ ਅੱਗੇ ਕਿਹਾ ਕਿ ਪਿਛਲੇ ਸਾਲ ਫਰਵਰੀ ਵਿੱਚ ਆਪਣੀ ਸ਼ੁਰੂਆਤ ਤੋਂ ਬਾਅਦ ਇਹ ਫੋਰਸ ਸੜਕ ਹਾਦਸਿਆਂ ਹੁੰਦੀਆਂ ਮੌਤਾਂ ਨੂੰ 48 ਫੀਸਦ ਤੱਕ ਘਟਾਉਣ ਵਿੱਚ ਸਫ਼ਲ ਰਹੀ ਹੈ। ਇਸ ਤੋਂ ਇਲਾਵਾ ਇਹ ਫੋਰਸ ਹਾਦਸੇ ਦੇ ਪੀੜਤਾਂ ਨਾਲ ਸਬੰਧਤ ਹਰ ਚੀਜ਼ ਅਤੇ ਉਨ੍ਹਾਂ ਦੇ ਪੈਸੇ ਨੂੰ ਪਰਿਵਾਰਕ ਮੈਂਬਰਾਂ ਤੱਕ ਸੁਰੱਖਿਅਤ ਪਹੁੰਚਾਉਣਾ ਯਕੀਨੀ ਬਣਾ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਫੋਰਸ 4200 ਕਿਲੋਮੀਟਰ ਹਾਈਵੇਅ, ਜਿੱਥੇ ਸੜਕ ਹਾਦਸਿਆਂ ਦੀ ਸੰਭਾਵਨਾ ਜ਼ਿਆਦਾ ਹੈ, 'ਤੇ ਤਾਇਨਾਤ ਕੀਤੀ ਗਈ ਹੈ ਅਤੇ ਇਹ ਟ੍ਰੈਫਿਕ ਉਲੰਘਣਾਵਾਂ ਵਿਰੁੱਧ ਇੱਕ ਮਜ਼ਬੂਤ ਰੋਕਥਾਮ ਪ੍ਰਣਾਲੀ ਵਜੋਂ ਕੰਮ ਕਰ ਕਰਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਪਿਛਲੀ ਕਿਸੇ ਵੀ ਸਰਕਾਰ ਨੇ ਅਜਿਹੇ ਗੰਭੀਰ ਮੁੱਦਿਆਂ ਵੱਲ ਧਿਆਨ ਨਹੀਂ ਦਿੱਤਾ, ਜਿਸ ਕਾਰਨ ਪੰਜਾਬ ਪਹਿਲਾਂ ਸੜਕ ਹਾਦਸਿਆਂ 'ਚ ਹੁੰਦੀਆਂ ਮੌਤਾਂ ਦੇ ਮਾਮਲੇ ਵਿੱਚ ਚੋਟੀ ਦੇ ਤਿੰਨ ਰਾਜਾਂ ਵਿੱਚ ਆਉਂਦਾ ਸੀ। ਉਨ੍ਹਾਂ ਅੱਗੇ ਕਿਹਾ ਕਿ ਇਸ ਮਹੱਤਵਪੂਰਨ ਫੈਸਲੇ ਦੀ ਭਾਰਤ ਸਰਕਾਰ ਅਤੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਵੀ ਭਰਵੀਂ ਸ਼ਲਾਘਾ ਕੀਤੀ ਹੈ।

ਪ੍ਰਸ਼ਾਸਕੀ ਸੁਧਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਈਜ਼ੀ ਰਜਿਸਟਰੀ ਪ੍ਰੋਜੈਕਟ ਨੂੰ ਪੰਜਾਬ ਭਰ ਵਿੱਚ ਸਫਲਤਾਪੂਰਵਕ ਲਾਗੂ ਕੀਤਾ ਗਿਆ ਹੈ, ਜਿਸ ਨਾਲ ਪਾਰਦਰਸ਼ੀ ਅਤੇ ਮੁਸ਼ਕਲ ਰਹਿਤ ਜਾਇਦਾਦ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾ ਰਹੀ ਹੈ। ਇਸ ਪਹਿਲਕਦਮੀ ਨੇ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਆਸਾਨ ਅਤੇ ਭ੍ਰਿਸ਼ਟਾਚਾਰ ਮੁਕਤ ਬਣਾਇਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ 19 ਟੋਲ ਪਲਾਜ਼ਾ ਬੰਦ ਕਰ ਦਿੱਤੇ ਹਨ, ਜਿਸ ਨਾਲ ਆਮ ਆਦਮੀ ਦੀ ਜੇਬ ਵਿੱਚੋਂ ਰੋਜ਼ਾਨਾ 64 ਲੱਖ ਰੁਪਏ ਦੀ ਬਚਤ ਹੋ ਰਹੀ ਹੈ। ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ ਅਤੇ ਅੱਗੇ ਵੀ ਪੂਰੀ ਵਚਨਬੱਧਤਾ ਨਾਲ ਅਜਿਹਾ ਕਰਦੀ ਰਹੇਗੀ।

ਯੁੱਧ ਨਸ਼ਿਆਂ ਵਿਰੁੱਧ ਬਾਰੇ ਉਨ੍ਹਾਂ ਕਿਹਾ ਕਿ ਆਪ ਸਰਕਾਰ ਦਾ ਇੱਕੋ-ਇੱਕ ਏਜੰਡਾ ਪੰਜਾਬ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਦਿੱਤੀ ਗਈ ਹੈ ਅਤੇ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਇਹ ਮੁਹਿੰਮ ਲੋਕਾਂ ਦੇ ਸਮਰਥਨ ਨਾਲ ਇੱਕ ਲੋਕ ਲਹਿਰ ਬਣ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਾਸੂਮਾਂ ਦੀਆਂ ਜਾਨਾਂ ਦੀ ਕੀਮਤ 'ਤੇ ਕਿਸੇ ਵੀ ਹੀਲੇ ਤਸਕਰਾਂ ਨੂੰ ਸਿਰ ਚੁੱਕਣ ਦੀ ਆਗਿਆ ਨਹੀਂ ਦੇਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ, ਜਦੋਂ ਗੈਰ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਢਾਹਿਆ ਅਤੇ ਜ਼ਬਤ ਕੀਤਾ ਜਾ ਰਿਹਾ ਹੈ ਤਾਂ ਜੋ ਅਜਿਹੇ ਅਨਸਰਾਂ ਵਿੱਚ ਡਰ ਪੈਦਾ ਕੀਤਾ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਸਾਡਾ ਉਦੇਸ਼ ਨੌਜਵਾਨਾਂ ਨੂੰ ਰੋਜ਼ਗਾਰ ਦੇ ਕੇ ਉਨ੍ਹਾਂ ਦੇ ਹੱਥਾਂ ਵਿੱਚ ਟਿਫ਼ਿਨ ਦੇਣਾ ਹੈ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ ਮਿਲਣ ਤਾਂ ਜੋ ਉਹ ਸਮਾਜਿਕ ਬੁਰਾਈਆਂ ਦਾ ਸ਼ਿਕਾਰ ਨਾ ਹੋਣ।

ਖੇਡਾਂ ਅਤੇ ਸੱਭਿਆਚਾਰਕ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਲੰਬੇ ਸਮੇਂ ਬਾਅਦ ਏਸ਼ੀਆ ਕੱਪ ਹਾਕੀ ਦੀ ਮੇਜ਼ਬਾਨੀ ਕਰੇਗਾ, ਜਿਸ ਦੇ ਮੈਚ ਜਲੰਧਰ ਅਤੇ ਮੋਹਾਲੀ ਵਿੱਚ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਖ-ਵੱਖ ਸਮਾਗਮ ਕਰਵਾ ਕੇ ਸ਼ਾਨਦਾਰ ਢੰਗ ਨਾਲ ਮਨਾਇਆ ਜਾਵੇਗਾ।

ਰਵਾਇਤੀ ਰਾਜਨੀਤਿਕ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਉਹ ਈਰਖਾ ਕਰਦੇ ਹਨ, ਕਿਉਂਕਿ ਉਹ ਇਹ ਸਵੀਕਾਰ ਨਹੀਂ ਕਰ ਪਾ ਰਹੇ ਕਿ ਇੱਕ ਆਮ ਪਰਿਵਾਰ ਨਾਲ ਸਬੰਧਤ ਵਿਅਕਤੀ ਪੰਜਾਬ ਨੂੰ ਇੰਨੇ ਪ੍ਰਭਾਵਸ਼ਾਲੀ ਢੰਗ ਨਾਲ ਚਲਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਆਗੂਆਂ ਦੇ ਲੋਕ ਵਿਰੋਧੀ ਅਤੇ ਪੰਜਾਬ ਵਿਰੋਧੀ ਰੁਖ਼ ਕਾਰਨ ਲੋਕਾਂ ਦਾ ਉਨ੍ਹਾਂ ਤੋਂ ਵਿਸ਼ਵਾਸ ਉੱਠ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਸ਼ਾਸਕ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੀ ਬਜਾਏ ਆਪਣੇ ਪਰਿਵਾਰਾਂ ਬਾਰੇ ਸੋਚਦੇ ਰਹੇ, ਜਿਸ ਕਾਰਨ ਲੋਕਾਂ ਨੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ।

ਇਸ ਮੌਕੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਜਲ ਸਰੋਤ ਵਿਭਾਗ ਦੇ ਮੰਤਰੀ ਬਰਿੰਦਰ ਗੋਇਲ, ਆਪ ਦੇ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ, ਹਲਕਾ ਸਨੌਰ ਦੇ ਇੰਚਾਰਜ ਅਤੇ ਅੱਜ ਦੇ ਸਮਾਗਮ ਦੇ ਮੁੱਖ ਪ੍ਰਬੰਧਕ ਰਣਜੋਧ ਸਿੰਘ ਹਡਾਣਾ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਨੀਨਾ ਮਿੱਤਲ, ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ, ਗੁਰਲਾਲ ਘਨੌਰ ਤੇ ਕੁਲਵੰਤ ਸਿੰਘ ਬਾਜ਼ੀਗਰ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਸੂਬਾ ਸਕੱਤਰ ਤੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਪੰਜਾਬ ਖਾਦੀ ਬੋਰਡ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਕਨਵੇਅਰ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ

# ਪਹਿਲੇ ਸਫ਼ੇ ਦੀ ਬਾਕੀ

ਸੰਧੂ,ਨਗਰ ਕੌਂਸਲ ਸਨੌਰ ਦੇ ਵਾਈਸ ਪ੍ਰਧਾਨ ਪਰਦੀਪ ਜੋਸਨ, ਚੇਅਰਮੈਨ ਜਸਵੀਰ ਸਿੰਘ ਕੁਦਨੀ, ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਐਸ.ਐਸ.ਪੀ. ਵਰੁਣ ਸ਼ਰਮਾ, ਏ.ਡੀ.ਸੀ. ਦਮਨਜੀਤ ਸਿੰਘ ਮਾਨ, ਐਸ.ਡੀ.ਐਮ ਹਰਜੋਤ ਕੌਰ ਮਾਵੀ, ਸਰਪੰਚ ਸਿਮਰਪ੍ਰੀਤ ਸਿੰਘ ਉਲਟਪੁਰ, ਮੇਜਰ ਸਿੰਘ ਦੁੜਦ ਵੀ ਮੌਜੂਦ ਸਨ।

## ਕੇਂਦਰ ਵੱਲੋਂ 8 ਲੱਖ ਸਿਮ ਅਤੇ 83 ਹਜ਼ਾਰ

ਸਾਈਬਰ ਅਪਰਾਧੀਆਂ 'ਤੇ ਸ਼ਿਕੰਜਾ ਕੱਸਣ ਲਈ 94ਸੀ ਨੇ ਵ੍ਹਾਟਸਐਪ ਅਤੇ ਸਕਾਈਪ ਵਰਗੇ ਪਲੇਟਫਾਰਮਾਂ ਨੂੰ ਨਿਸ਼ਾਨਾ ਬਣਾਇਆ ਹੈ। ਅਪਰਾਧੀਆਂ ਵੱਲੋਂ ਵਰਤੀਆਂ ਜਾਣ ਵਾਲੀਆਂ ਹਜ਼ਾਰਾਂ ਆਈ.ਡੀ. ਬਲਾਕ ਕਰ ਦਿੱਤੀਆਂ ਗਈਆਂ ਹਨ ਤਾਂ ਜੋ ਉਹ ਨਵੇਂ ਸ਼ਿਕਾਰ ਨਾ ਬਣਾ ਕਣ। ਇਸ ਦੇ ਨਾਲ ਹੀ, ਫਰਾਡ ਲਈਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗਏ 800ਤੋਂ ਵੱਧ ਐਪਸ ਨੂੰ ਹਟਾ ਕੇ ਉਨ੍ਹਾਂ ਦੇ ਤਕਨੀਕੀ ਨੈਟਵਰਕ ਨੂੰ ਤੋੜ ਦਿੱਤਾ ਗਿਆ ਹੈ। ਏਘਸ਼ ਅਤ¶ IMEI ਨੰਬਰਾਂ 'ਤੇ ਐਕਸ਼ਨ: ਗ੍ਰਹਿ ਮੰਤਰਾਲੇ ਨੇ ਟੈਲੀਕਾਮ ਕੰਪਨੀਆਂ ਨਾਲ ਤਾਲਮੇਲ ਕਰਕੇ 8,00,000 ਤੋਂ ਵੱਧ ਸ਼ੱਕੀ ਸਿਮ ਕਾਰਡਾਂ ਨੂੰ ਬਲਾਕ ਕਰ ਦਿੱਤਾ ਹੈ। ਇਸ ਤੋਂ ਇਲਾਵਾ, ਧੋਖਾਧੜੀ ਲਈ ਵਾਰ-ਵਾਰ ਵਰਤੇ ਜਾਣ ਵਾਲੇ 200,000 ਤੋਂ ਵੱਧ ਮੋਬਾਈਲ ਡਿਵਾਈਸਾਂ ਦੇ IMEI ਨੰਬਰਾਂ ਨੂੰ ਬਲੈਕਲਿਸਟ ਕੀਤਾ ਗਿਆ ਹੈ। ਇਸ ਸਿਸਟਮ ਨਾਲ ਧੋਖਾਧੜੀ ਲਈ ਵਰਤੇ ਜਾਣ ਵਾਲੇ ਡਿਵਾਈਸਾਂ ਨੂੰ ਤੇਜ਼ੀ ਨਾਲ ਬਲਾਕ ਕਰਨਾ ਸੌਖਾ ਹੋ ਗਿਆ ਹੈ।

ਸਹਿਯੋਗ ਪੋਰਟਲ ਰਾਹੀਂ, ਮੰਤਰਾਲੇ ਨੇ ਇੰਟਰਨੈੱਟ ਤੋਂ 100,000 ਤੋਂ ਵੱਧ ਸ਼ੱਕੀ ਅਤੇ ਇਤਰਾਜ਼ਯੋਗ ਸਮੱਗਰੀ ਨੂੰ ਹਟਾ ਦਿੱਤਾ ਹੈ। 94ਸੀ ਦੀ ਇਸ ਪਹਿਲਕਦਮੀ ਨੇ ਸਾਈਬਰ ਅਪਰਾਧੀਆਂ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ। ਮੰਤਰਾਲਾ ਅਤੇ ਜਾਂਚ ਏਜੰਸੀਆਂ ਹੁਣ ਉਨ੍ਹਾਂ ਨੈੱਟਵਰਕਾਂ ਦੀ ਪਛਾਣ ਕਰਨ ਲਈ ਕੰਮ ਕਰ ਰਹੀਆਂ ਹਨ ਜੋ ਜਾਅਲੀ ਪਛਾਣਾਂ ਦੀ ਵਰਤੋਂ ਕਰਕੇ ਸਿਮ ਕਾਰਡ ਅਤੇ ਖਾਤੇ ਚਲਾ ਰਹੇ ਸਨ।

## ਜੇਕਰ ਈਰਾਨ ਛੇਤੀ ਜੰਗਬੰਦੀ ਨਹੀਂ ਕਰਦਾ

ਰਾਸ਼ਟਰਪਤੀ ਨੇ ਇਸ ਸੰਭਾਵੀ ਕਾਰਵਾਈ ਨੂੰ ਈਰਾਨ ਦੇ ਪੁਰਾਣੇ ਸ਼ਾਸਨ ਦੇ 47 ਸਾਲਾਂ ਦੇ 'ਦਹਿਸ਼ਤ ਦੇ ਰਾਜ' ਦੌਰਾਨ ਮਾਰੇ ਗਏ ਅਮਰੀਕੀ ਸੈਨਿਕਾਂ ਤੇ ਹੋਰ ਲੋਕਾਂ ਦੇ ਬਦਲੇ ਵਜੋਂ ਦੱਸਿਆ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਉਨ੍ਹਾਂ ਕਤਲਾਂ ਦਾ ਬਦਲਾ ਹੋਵੇਗਾ ਜੋ ਈਰਾਨ ਵੱਲੋਂ ਪਿਛਲੇ ਕਈ ਦਹਾਕਿਆਂ ਵਿੱਚ ਕੀਤੇ ਗਏ ਹਨ। ਇਸ ਅਲਟੀਮੇਟਮ ਨੇ ਖਾੜੀ ਦੇਸ਼ਾਂ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਹਲਚਲ ਮਚਾ ਦਿੱਤੀ ਹੈ, ਕਿਉਂਕਿ ਇਨ੍ਹਾਂ ਊਰਜਾ ਸਰੋਤਾਂ ਦੀ ਤਬਾਹੀ ਨਾਲ ਪੂਰੀ ਦੁਨੀਆਂ ਦੀ ਆਰਥਿਕਤਾ 'ਤੇ ਵੱਡਾ ਅਸਰ ਪੈ ਸਕਦਾ ਹੈ।

## ਸਪੇਨ ਨੇ ਅਮਰੀਕਾ ਲਈ ਆਪਣਾ ਹਵਾਈ

ਸੀ ਕਿ ਨਾ ਤਾਂ ਉਹ ਸਪੇਨ ਵਿੱਚ ਸਥਿਤ ਰੋਟਾ ਅਤੇ ਮੋਰੋਨ ਵਰਗੇ ਸਾਂਝੇ ਫੌਜੀ ਅੱਡਿਆਂ ਦੀ ਵਰਤੋਂ ਕਰ ਸਕਦੇ ਹਨ ਅਤੇ ਨਾ ਹੀ ਸਪੇਨ ਦੇ ਉੱਪਰੋਂ ਉੱਡ ਕੇ ਈਰਾਨ 'ਤੇ ਹਮਲੇ ਕਰ ਸਕਦੇ ਹਨ। ਪ੍ਰਧਾਨ ਮੰਤਰੀ ਪੇਡਰੋ ਸਾਂਚੇਜ਼ ਦੀ ਅਗਵਾਈ ਵਾਲੀ ਸਰਕਾਰ ਨੇ ਇਸ ਜੰਗ ਨੂੰ ਗੈਰ-ਕਾਨੂੰਨੀ ਅਤੇ ਅਨਿਆਂਪੂਰਨ ਦੱਸਿਆ ਹੈ। ਸਪੇਨ ਦਾ ਕਹਿਣਾ ਹੈ ਕਿ ਉਹ ਕਿਸੇ ਵੀ ਅਜਿਹੀ ਜੰਗ ਦਾ ਹਿੱਸਾ ਨਹੀਂ ਬਣੇਗਾ ਜੋ ਅੰਤਰਰਾਸ਼ਟਰੀ ਨਿਯਮਾਂ ਦੇ ਵਿਰੁੱਧ ਹੋਵੇ। ਸਿਰਫ਼ ਐਮਰਜੈਂਸੀ ਦੀ ਸਥਿਤੀ ਵਿੱਚ ਹੀ ਕਿਸੇ ਜਹਾਜ਼ ਨੂੰ ਲੈਂਡ ਕਰਨ ਜਾਂ ਲੰਘਣ ਦੀ ਇਜਾਜ਼ਤ ਦਿੱਤੀ ਜਾਵੇਗੀ। ਰਿਪੋਰਟਾਂ ਅਨੁਸਾਰ, ਸਪੇਨ ਦੇ ਇਸ ਫੈਸਲੇ ਕਾਰਨ ਅਮਰੀਕੀ ਬੰਬਾਰ ਜਹਾਜ਼ਾਂ ਨੂੰ ਹੁਣ ਲੰਬੇ ਰਸਤੇ ਰਾਹੀਂ ਮੱਧ-ਪੂਰਬ ਜਾਣਾ ਪੈ ਰਿਹਾ ਹੈ, ਜਿਸ ਨਾਲ ਉਨ੍ਹਾਂ ਦੇ ਆਪ੍ਰੇਸ਼ਨ ਦਾ ਖਰਚਾ ਅਤੇ ਸਮਾਂ ਵਧ ਗਿਆ ਹੈ। ਫਰਾਂਸ ਨੇ ਵੀ ਕੁਝ ਖ਼ਾਸ ਹਥਿਆਰਾਂ ਵਾਲੇ ਜਹਾਜ਼ਾਂ ਨੂੰ ਆਪਣੇ ਹਵਾਈ ਖੇਤਰ ਤੋਂ ਲੰਘਣ ਤੋਂ ਰੋਕ ਦਿੱਤਾ ਹੈ।

## ਸੋਸ਼ਲ ਮੀਡੀਆ ਮੰਚਾਂ ਨੇ ਡੀਪਫੇਕ

ਬਹੁਤ ਸਾਰੀ ਸਮੱਗਰੀ ਆਉਣ ਲੱਗੀ ਹੈ। ਏਆਈ ਦੀ ਦੁਨੀਆਂ 'ਚ ਹੋਈਆਂ ਤਬਦੀਲੀਆਂ ਕਾਰਨ ਸੋਸ਼ਲ ਮੀਡੀਆ 'ਤੇ ਭਾਰੀ ਮਾਤਰਾ 'ਚ ਡੀਪਫੇਕ ਆ ਰਹੇ ਹਨ। ਪੂਰੀ ਦੁਨੀਆ ਅਤੇ ਸੋਸ਼ਲ ਮੀਡੀਆ ਮੰਚਾਂ ਨੇ ਖੁਦ ਇਨ੍ਹਾਂ ਫਰਜ਼ੀ ਵੀਡੀਓ ਅਤੇ ਤਸਵੀਰਾਂ ਨੂੰ ਹਟਾਉਣ ਦੀਆਂ ਆਪਣੀਆਂ ਕੋਸ਼ਿਸ਼ਾਂ ਨੂੰ ਕਾਫੀ ਵਧਾ ਦਿੱਤਾ ਹੈ।" ਉਨ੍ਹਾਂ ਨੇ ਜਾਣਕਾਰੀ ਦਿੱਤੀ ਕਿ ਸੋਸ਼ਲ ਮੀਡੀਆ ਮੰਚਾਂ ਨੇ ਡੀਪਫੇਕ ਸਮੱਗਰੀ ਨੂੰ ਹਟਾਉਣ ਦੀ ਆਪਣੀ ਕਾਰਵਾਈ ਨੂੰ ਲਗਭਗ ਦੁੱਗਣਾ ਜਾਂ ਤਿੰਨ ਗੁਣਾ ਕਰ ਦਿੱਤਾ ਹੈ। ਵੈਸ਼ਨਵ ਨੇ ਡੀਪਫੇਕ ਨੂੰ ਸਮਾਜ ਲਈ ਇਕ ਨਵਾਂ ਖਤਰਾ ਦੱਸਦੇ ਹੋਏ ਕਿਹਾ ਕਿ ਹਰ ਵਿਅਕਤੀ ਸੰਸਥਾ ਅਤੇ ਪੂਰੇ ਸਮਾਜ ਲਈ ਇਸ ਨਾਲ ਪ੍ਰਭਾਵੀ ਢੰਗ ਨਾਲ ਨਿਪਟਣਾ ਬਹੁਤ ਮਹੱਤਵਪੂਰਨ ਹੈ।

## ਆਈ.ਬੀ.ਸੀ. ਕਾਰਨ ਬੈਂਕਿੰਗ ਪ੍ਰਣਾਲੀ

ਉਮੀਦ ਹੈ। ਹੁਣ ਤੱਕ 7 ਵਾਰ ਹੋ ਚੁੱਕੀ ਹੈ ਸੋਧ: ਦੱਸਣਯੋਗ ਹੈ ਕਿ ਸਰਕਾਰ ਨੇ 12 ਅਗਸਤ, 2025 ਨੂੰ ਇਹ ਸੋਧ ਬਿੱਲ ਲੋਕ ਸਭਾ ਵਿੱਚ ਪੇਸ਼ ਕੀਤਾ ਸੀ। ਇਸ ਦਾ ਮੁੱਖ ਉਦੇਸ਼ ਦਿਵਾਲਾ ਹੱਲ ਦੀਆਂ ਅਰਜ਼ੀਆਂ ਨੂੰ ਸਵੀਕਾਰ ਕਰਨ ਵਿੱਚ ਲੱਗਣ ਵਾਲੇ ਸਮੇਂ ਨੂੰ ਘਟਾਉਣਾ ਸੀ। ਇਸ ਬਿੱਲ ਨੂੰ ਬਾਅਦ ਵਿੱਚ ਪ੍ਰਵਰ ਕਮੇਟੀ ਕੋਲ ਭੇਜਿਆ ਗਿਆ ਸੀ, ਜਿਸ ਨੇ ਦਸੰਬਰ 2025 ਵਿੱਚ ਆਪਣੀ ਰਿਪੋਰਟ ਸੌਂਪੀ ਸੀ। ਜਾਣਕਾਰੀ ਮੁਤਾਬਕ 923 ਵਿੱਚ ਹੁਣ ਤੱਕ ਸੱਤ ਵਾਰ ਸੋਧ ਕੀਤੀ ਜਾ ਚੁੱਕੀ ਹੈ।

## ਵਿਰੋਧੀ ਧਿਰ ਨੇ ਓ.ਬੀ.ਸੀ.

ਮੈਂਬਰਾਂ ਨੇ ਲਕਸ਼ਮਣ ਦੇ ਬਿਆਨ 'ਤੇ ਇਤਰਾਜ਼ ਜਤਾਇਆ। ਉਨ੍ਹਾਂ ਦੇ ਬਿਆਨ ਨੇ ਸਦਨ ਵਿੱਚ ਹੰਗਾਮਾ ਮਚਾ ਦਿੱਤਾ। ਇਸ ਤੋਂ ਬਾਅਦ ਲਗਭਗ ਸਾਰੀ ਵਿਰੋਧੀ ਧਿਰ ਵਿਰੋਧ ਵਿੱਚ ਸਦਨ ਤੋਂ ਵਾਕਆਊਟ ਕਰ ਗਈ। ਸਦਨ ਦੇ ਨੇਤਾ ਅਤੇ ਕੇਂਦਰੀ ਮੰਤਰੀ ਜੇ.ਪੀ. ਨੱਡਾ ਨੇ ਵਿਰੋਧੀ ਧਿਰ ਦੇ ਇਸ ਕਦਮ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਕਾਂਗਰਸ ਲੀਡਰਸ਼ਿਪ ਅਤੇ ਵਿਰੋਧੀ ਗਠਜੋੜ 'ਭਾਰਤ' ਨੂੰ ਨਾ ਤਾਂ ਬਹਿਸ ਵਿੱਚ ਦਿਲਚਸਪੀ ਹੈ ਅਤੇ ਨਾ ਹੀ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਸੰਵਿਧਾਨ ਦਾ ਸਤਿਕਾਰ। ਨੱਡਾ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਸੰਸਦੀ ਪ੍ਰਕਿਰਿਆਵਾਂ ਦਾ ਸਤਿਕਾਰ ਨਹੀਂ ਕਰਦੀਆਂ ਅਤੇ ਚਰਚਾ ਤੋਂ ਬਚਣ ਦੀ ਕੋਸ਼ਿਸ਼ ਕਰਦੀਆਂ ਹਨ। ਉਨ੍ਹਾਂ ਵਿਰੋਧੀ ਧਿਰ 'ਤੇ ਮੁਸਲਮਾਨਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਦੇਖਣ ਅਤੇ ਤੁਸ਼ਟੀਕਰਨ ਦੀ ਰਾਜਨੀਤੀ ਕਰਨ ਦਾ ਦੋਸ਼ ਲਗਾਇਆ। ਇਸ ਮੁੱਦੇ 'ਤੇ ਸਦਨ ਵਿੱਚ ਗਰਮਾ-ਗਰਮ ਬਹਿਸ ਹੋਈ।

## ਲੋਕ ਸਭਾ 'ਚ ਇਨਸੌਲਵੈਂਸੀ ਅਤੇ

ਵਧੇਗਾ। ਉਨ੍ਹਾਂ ਕਿਹਾ ਕਿ ਇਹ ਬਿੱਲ ਅਗਸਤ 2025 ਵਿੱਚ ਲੋਕ ਸਭਾ ਵਿੱਚ ਪੇਸ਼ ਕੀਤਾ ਗਿਆ ਸੀ ਅਤੇ ਇਸਨੂੰ ਸਿਲੈਕਟ ਕਮੇਟੀ ਨੂੰ ਭੇਜਿਆ ਗਿਆ ਸੀ।ਚੋਣ ਕਮੇਟੀ ਨੇ ਧਿਆਨ ਅਤੇ ਗੰਭੀਰਤਾ ਨਾਲ ਵਿਚਾਰ ਕਰਨ ਤੋਂ ਬਾਅਦ 11 ਸੋਧਾਂ ਸੁਝਾਈਆਂ ਅਤੇ ਸਾਰੀਆਂ ਨੂੰ ਇਸ ਵਿਚ ਸ਼ਾਮਲ ਕੀਤਾ। ਇਸ ਵਿੱਚ ਲੈਣਦਾਰ ਨੂੰ ਵਧੇਰੇ ਅਧਿਕਾਰ ਦਿੱਤੇ ਗਏ ਹਨ। ਲੈਣਦਾਰ ਨਿਪਟਾਰੇ ਦੀ ਪ੍ਰਕਿਰਿਆ ਵਿੱਚ ਆਪਣੇ ਅਧਿਕਾਰਾਂ ਦੀ ਵਰਤੋਂ ਕਰਨ ਦੇ ਯੋਗ ਹੋਣਗੇ। ਇਸ ਨਾਲ ਪੂਰੀ ਪ੍ਰਕਿਰਿਆ ਵਿੱਚ ਵਧੇਰੇ ਪਾਰਦਰਸ਼ਤਾ ਆਵੇਗੀ ਅਤੇ ਹੱਲ ਪ੍ਰਕਿਰਿਆ ਤੇਜ਼ ਹੋਵੇਗੀ। ਸ਼੍ਰੀਮਤੀ ਸੀਤਾਰਮਨ ਨੇ ਕਿਹਾ ਕਿ ਬਿੱਲ ਐਨਸੀਐਲਏਟੀ ਨੂੰ ਅਪੀਲ ਕਰਨ ਦੇ ਤਿੰਨ ਮਹੀਨਿਆਂ ਦੇ ਅੰਦਰ ਫੈਸਲਾ ਲੈਣ ਦੀ ਵਿਵਸਥਾ ਕਰਦਾ ਹੈ। ਉਨ੍ਹਾਂ ਕਿਹਾ ਕਿ ਇਹ ਸੋਧ ਬਿੱਲ ਬਿਮਾਰ ਕੰਪਨੀਆਂ ਦੇ ਹੱਲ ਵਿੱਚ ਦੇਰੀ ਤੋਂ ਬਚਣ ਲਈ ਢੁਕਵੇਂ ਉਪਾਅ ਕਰਦਾ ਹੈ। ਇਹ ਕਰਮਚਾਰੀਆਂ ਦੇ ਹਿੱਤਾਂ ਦਾ ਪੂਰਾ ਧਿਆਨ ਰੱਖਦਾ ਹੈ। ਉਨ੍ਹਾਂ ਦੀਆਂ ਦੇਣਦਾਰੀਆਂ ਨੂੰ ਤਰਜੀਹ ਦਿੱਤੀ ਜਾਵੇਗੀ।

## ਭਿੰਡੀਸੈਦਾਂ ਥਾਣੇ ਕੋਲ ਰਾਤੀਂ ਸ਼ੱਕੀ ਧਮਾਕਾ

ਕਿਸੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਸਾਹਮਣੇ ਆਈ ਹੈ ਅਤੇ ਨਾ ਹੀ ਕਿਸੇ ਤਰ੍ਹਾਂ ਦੇ ਮਾਲੀ ਨੁਕਸਾਨ ਦੀ ਪੁਸ਼ਟੀ ਹੋਈ ਹੈ। ਥਾਣੇ ਦੇ ਅੰਦਰ ਵੀ ਕਿਸੇ ਤਰ੍ਹਾਂ ਦੀ ਤੋੜ-ਫੋੜ ਨਹੀਂ ਮਿਲੀ, ਜਿਸ ਨਾਲ ਇਹ ਸਪੱਸ਼ਟ ਹੁੰਦਾ ਹੈ ਕਿ ਘਟਨਾ ਦੀ ਗੰਭੀਰਤਾ ਬਾਰੇ ਹਾਲੇ ਪੂਰੀ ਤਸਵੀਰ ਸਾਹਮਣੇ ਨਹੀਂ ਆਈ।

ਪੁਲਿਸ ਵੱਲੋਂ ਥਾਣੇ ਅਤੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਲਗਭਗ 12 ਘੰਟਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ, ਜਿਸ ਵਿਚ ਕੁਝ ਸਮਾਂ ਲੱਗ ਸਕਦਾ ਹੈ। ਇਸ ਦੇ ਨਾਲ ਹੀ ਫੋਰੈਂਸਿਕ ਟੀਮ ਨੂੰ ਵੀ ਮੌਕੇ 'ਤੇ ਬੁਲਾਇਆ ਗਿਆ ਹੈ, ਜੋ ਸਬੂਤ ਇਕੱਠੇ ਕਰਕੇ ਧਮਾਕੇ ਦੇ ਅਸਲੀ ਕਾਰਨਾਂ ਦਾ ਪਤਾ ਲਗਾਏਗੀ।ਫਿਲਹਾਲ ਪੁਲਿਸ ਹਰ ਪੱਖ ਤੋਂ ਜਾਂਚ ਕਰ ਰਹੀ ਹੈ ਅਤੇ ਸ਼ੱਕੀ ਵਿਅਕਤੀਆਂ ਦੀ ਪਛਾਣ ਕਰਨ ਲਈ ਕੋਸ਼ਿਸ਼ਾਂ ਜਾਰੀ ਹਨ। ਇਲਾਕੇ ਵਿੱਚ ਸੁਰੱਖਿਆ ਪ੍ਰਬੰਧ ਕੜੇ ਕਰ ਦਿੱਤੇ ਗਏ ਹਨ ਅਤੇ ਲੋਕਾਂ ਨੂੰ ਅਫਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਗਈ ਹੈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਸੱਚਾਈ ਸਾਹਮਣੇ ਆਵੇਗੀ।

## ਕੌਮੀ ਸਰਵੇਖਣ 'ਚ ਕੇਰਲਾ ਨੂੰ ਪਛਾੜ ਕੇ

ਨਤੀਜੇ ਸ਼ਾਸਨ ਦੇ ਸਾਰੇ ਹਿੱਸਿਆਂ ਵਿੱਚ ਸਰਕਾਰ ਵੱਲੋਂ ਦਿੱਤੇ ਜਾ ਰਹੇ ਵਿਸ਼ੇਸ਼ ਧਿਆਨ ਨੂੰ ਦਰਸਾਉਂਦੇ ਹਨ।

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਕੂਲ ਤੇ ਉਚੇਰੀ ਸਿੱਖਿਆ ਵਿੱਚ ਕੀਤੇ ਵਿਆਪਕ ਸੁਧਾਰਾਂ ਦੀ ਰੂਪ-ਰੇਖਾ ਪੇਸ਼ ਕੀਤੀ ਜਿਸ ਵਿੱਚ ਪਿਛਲੇ ਚਾਰ ਸਾਲਾਂ ਵਿੱਚ ਕੀਤੇ ਗਏ ਢਾਂਚਾਗਤ ਸੁਧਾਰਾਂ, ਰਿਕਾਰਡ ਨਿਵੇਸ਼ ਅਤੇ ਨਤੀਜਿਆਂ ਨੂੰ ਉਜਾਗਰ ਕੀਤਾ ਗਿਆ। ਉਨ੍ਹਾਂ ਕਿਹਾ, 'ਸਿੱਖਿਆ ਨੂੰ ਤਰਜੀਹ ਦੇਣ ਵਾਲੇ ਦੇਸ਼ਾਂ ਨੇ ਹਰ ਖੇਤਰ ਵਿੱਚ ਤਰੱਕੀ ਕੀਤੀ ਹੈ। ਸਾਡੇ ਦੇਸ਼ ਵਿੱਚ ਸਿੱਖਿਆ ਨੂੰ ਨਿੱਜੀ ਅਤੇ ਸਰਕਾਰੀ ਸਕੂਲਾਂ ਵਿੱਚ ਵੰਡਿਆ ਗਿਆ ਸੀ, ਜਿਸ ਨਾਲ ਸਿੱਖਿਆ ਵਿੱਚ ਡੂੰਘਾ ਪਾੜਾ ਪੈਦਾ ਹੋਇਆ। ਪਿਛਲੀਆਂ ਸਰਕਾਰਾਂ ਨੇ ਸਕੂਲਾਂ ਨੂੰ ਸਿਰਫ ਮਿਡ ਡੇ ਮੀਲ ਦੇ ਕੇਂਦਰਾਂ ਤੱਕ ਸੀਮਿਤ ਕਰ ਦਿੱਤਾ ਪਰ ਸਾਡੀ ਸਰਕਾਰ ਨੇ ਪੂਰੀ ਪ੍ਰਣਾਲੀ ਨੂੰ ਬਦਲ ਦਿੱਤਾ ਹੈ।'

ਮੁੱਖ ਮੰਤਰੀ ਨੇ ਕਿਹਾ, ਸਰਕਾਰੀ ਸਕੂਲਾਂ ਵਿੱਚ ਹੁਣ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਮਾਪਿਆਂ ਨੂੰ ਬਿਹਤਰ ਬਦਲ ਮਿਲੇਗਾ। ਇਕ ਅਪ੍ਰੈਲ ਤੋਂ ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਸਕੂਲ ਤੋਂ ਗੈਰ-ਹਾਜ਼ਰੀ ਅਤੇ ਅਧਿਆਪਕਾਂ ਦੀ ਛੁੱਟੀ ਬਾਰੇ ਵੀ ਸੂਚਿਤ ਕੀਤਾ ਜਾਵੇਗਾ, ਜਿਸ ਨਾਲ ਹਰ ਪੱਧਰ 'ਤੇ ਜਵਾਬਦੇਹੀ ਯਕੀਨੀ ਬਣਾਈ ਜਾ ਸਕੇਗੀ। ਕਈ ਹੋਰ ਸੂਬਿਆਂ ਖਾਸ ਕਰਕੇ ਗੁਜਰਾਤ ਦੇ ਉਲਟ, ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਇੱਕ ਵੀ ਪੇਪਰ ਲੀਕ ਦੀ ਘਟਨਾ ਸਾਹਮਣੇ ਨਹੀਂ ਆਈ ਜੋ ਕਿ ਬੇਹੱਦ ਮਾਣ ਵਾਲੀ ਗੱਲ ਹੈ।

ਪ੍ਰਸ਼ਾਸਨ ਵਿੱਚ ਸਿੱਖਿਆ ਨੂੰ ਤਰਜੀਹ ਦੇਣ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਸਿੱਖਿਆ ਕਿਸੇ ਵੀ ਸੂਬੇ ਜਾਂ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਂਦੀ ਹੈ। ਪਿਛਲੇ ਚਾਰ ਸਾਲਾਂ ਵਿੱਚ ਅਸੀਂ ਇਸ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ। ਪਹਿਲਾਂ, 'ਸਮਾਰਟ ਸਕੂਲ' ਦੇ ਨਾਮ ਹੇਠ ਲੋਕਾਂ ਅਤੇ ਮਾਸੂਮ ਬੱਚਿਆਂ ਨੂੰ ਗੁੰਮਰਾਹ ਕੀਤਾ ਗਿਆ ਸੀ। ਸਕੂਲਾਂ ਨੂੰ ਸਿਰਫ਼ ਪੇਂਟ ਕਰਕੇ ਸੁੰਦਰ ਬਣਾਇਆ ਜਾਂਦਾ ਸੀ ਪਰ ਇਹਨਾਂ ਵਿੱਚ ਢੁਕਵੀਆਂ ਸਹੂਲਤਾਂ ਜਾਂ ਅਧਿਆਪਕਾਂ ਦੀ ਘਾਟ ਰਹਿੰਦੀ ਸੀ। ਅੱਜ ਪੰਜਾਬ ਦੇ ਸਰਕਾਰੀ ਸਕੂਲ ਨਿੱਜੀ ਸੰਸਥਾਵਾਂ ਦੇ ਬਰਾਬਰ ਖੜ੍ਹੇ ਹਨ ਅਤੇ ਸਾਡੇ ਸਿੱਖਿਆ ਮਾਡਲ ਦੀ ਚਰਚਾ ਦੇਸ਼ ਭਰ ਵਿੱਚ ਹੋ ਰਹੀ ਹੈ।

ਸਿੱਖਿਆ ਲਈ ਵਿੱਤੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, ਵਿੱਤੀ ਸਾਲ 2026-27 ਲਈ 19,279 ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਗਿਆ ਹੈ ਜੋ ਕਿ ਪਿਛਲੇ ਸਾਲ ਨਾਲੋਂ 7 ਫੀਸਦ ਵੱਧ ਹੈ। ਅਸੀਂ 3,500 ਕਰੋੜ ਰੁਪਏ ਨਾਲ ਸਿੱਖਿਆ ਕ੍ਰਾਂਤੀ ਦੇ ਦੂਜੇ ਪੜਾਅ ਦੀ ਸ਼ੁਰੂਆਤ ਕਰ ਰਹੇ ਹਾਂ। ਇਸ ਤਹਿਤ ਵਿਸ਼ਵ ਬੈਂਕ ਨਾਲ ਭਾਈਵਾਲੀ ਕੀਤੀ ਗਈ ਹੈ, ਜੋ ਇਸ ਨੂੰ ਸਭ ਤੋਂ ਵੱਡਾ ਸਿੱਖਿਆ ਸੁਧਾਰ ਪ੍ਰੋਗਰਾਮ ਬਣਾਉਂਦਾ ਹੈ।

ਮੁੱਖ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨੈਸ਼ਨਲ ਅਚੀਵਮੈਂਟ ਸਰਵੇ-2024 ਵਿੱਚ ਪੰਜਾਬ ਨੇ ਕੇਰਲਾ ਨੂੰ ਵੀ ਪਛਾੜ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਦੋਂ ਕਿ ਗੁਜਰਾਤ 16ਵੇਂ ਅਤੇ ਹਰਿਆਣਾ ਲਗਭਗ 7ਵੇਂ ਜਾਂ 8ਵੇਂ ਸਥਾਨ 'ਤੇ ਹੈ। ਇਹ ਪ੍ਰਾਪਤੀ ਸਾਡੇ ਸਰਕਾਰੀ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਹੈ।

ਉਨ੍ਹਾਂ ਕਿਹਾ, ਹਾਲ ਹੀ ਦੇ ਸਾਲਾਂ ਵਿੱਚ 740 ਵਿਦਿਆਰਥੀਆਂ ਨੇ ਜੇ.ਈ.ਈ. ਪ੍ਰੀਖਿਆ ਅਤੇ 1284 ਨੇ ਨੀਟ ਪ੍ਰੀਖਿਆ ਪਾਸ ਕੀਤੀ ਹੈ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਸਰਵੇਖਣ ਵਿੱਚ ਰਾਸ਼ਟਰੀ ਔਸਤ ਨਾਲੋਂ 18 ਫੀਸਦ ਵੱਧ ਅੰਕ ਪ੍ਰਾਪਤ ਕੀਤੇ ਹਨ।

ਸੰਸਥਾਗਤ ਵਿਸਥਾਰ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, 118 ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 60 ਪਹਿਲਾਂ ਹੀ ਕਾਰਜਸ਼ੀਲ ਹਨ। ਇਹ ਸਕੂਲ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਯੋਗਤਾਵਾਂ ਅਤੇ ਰੁਚੀਆਂ ਦੇ ਅਨੁਸਾਰ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਮਦਦ ਕਰ ਰਹੇ ਹਨ। ਪਹਿਲੀ ਵਾਰ 24 ਲੱਖ ਮਾਪਿਆਂ ਨੇ ਮੈਗਾ ਪੀ.ਟੀ.ਐਮ. ਵਿੱਚ ਹਿੱਸਾ ਲਿਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਸਕੂਲਾਂ ਵਿੱਚ 30,000 ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਪ੍ਰਦਾਨ ਕੀਤੀਆਂ ਗਈਆਂ ਹਨ ਅਤੇ ਮੈਡੀਕਲ ਤੇ ਨਾਨ-ਮੈਡੀਕਲ ਸਮੇਤ ਹਰ ਸਟਰੀਮ ਦੀ ਪੜ੍ਹਾਈ ਉਪਲਬਧ ਹੈ। ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਆਰਮਡ ਫੋਰਸਿਜ਼ ਪ੍ਰੈਪਰੇਟਰੀ, ਨੀਟ, ਜੇ.ਈ.ਈ., ਅਤੇ ਕਲੈਟ ਵਰਗੀਆਂ ਪ੍ਰੀਖਿਆਵਾਂ ਲਈ ਕੋਚਿੰਗ ਵੀ ਪ੍ਰਦਾਨ ਕੀਤੀ ਜਾ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਅਪ੍ਰੈਲ 2022 ਤੋਂ 14,525 ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਅਤੇ ਸਿੱਖਿਆ ਵਿਭਾਗ ਦੇ 12,316 ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਗਿਆ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਅਸੀਂ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਲਈ ਵਿਸ਼ਵ ਪੱਧਰੀ ਸਿਖਲਾਈ ਵੀ ਯਕੀਨੀ ਬਣਾ ਰਹੇ ਹਾਂ।

ਸਮਰੱਥਾ ਨਿਰਮਾਣ ਬਾਰੇ ਵਿਸਥਾਰ ਵਿੱਚ ਦੱਸਦਿਆਂ ਉਨ੍ਹਾਂ ਕਿਹਾ ਕਿ ਇਸ ਉਦੇਸ਼ ਲਈ 264 ਸਿੱਖਿਆ ਅਧਿਕਾਰੀਆਂ, ਪ੍ਰਿੰਸੀਪਲਾਂ ਅਤੇ ਅਧਿਆਪਕਾਂ ਦੇ ਅੱਠ ਬੈਚ ਸਿੰਗਾਪੁਰ ਭੇਜੇ ਗਏ ਹਨ। ਇਸ ਦੇ ਨਾਲ ਹੀ 216 ਪ੍ਰਾਇਮਰੀ ਅਧਿਆਪਕਾਂ ਦੇ ਤਿੰਨ ਬੈਚ ਫਿਨਲੈਂਡ ਦੇ ਤੁਰਕੂ ਵਿਖੇ ਸਿਖਲਾਈ ਲਈ ਭੇਜੇ ਗਏ। ਪੰਜ ਬੈਚ ਆਈ.ਆਈ.ਐਮ. ਅਹਿਮਦਾਬਾਦ ਭੇਜੇ ਗਏ, ਜਿੱਥੇ 249 ਮੁੱਖ ਅਧਿਆਪਕਾਂ ਨੇ ਲੀਡਰਸ਼ਿਪ ਸਿਖਲਾਈ ਹਾਸਲ ਕੀਤੀ। ਅੰਮ੍ਰਿਤਸਰ ਦੇ ਸੈਂਸਰਾ ਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਸਾਇੰਸ ਅਧਿਆਪਕਾ ਗਗਨਦੀਪ ਕੌਰ ਨੇ ਕੈਲੀਫੋਰਨੀਆ ਸਟੇਟ ਯੂਨੀਵਰਸਿਟੀ, ਅਮਰੀਕਾ ਵਿਖੇ ਦੋ ਮਹੀਨਿਆਂ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ, ਜੋ ਸਾਡੇ ਅਧਿਆਪਕਾਂ ਦੇ ਸਮਰਪਣ ਅਤੇ ਸਮਰੱਥਾ ਨੂੰ ਦਰਸਾਉਂਦਾ ਹੈ।

ਬੁਨਿਆਦੀ ਢਾਂਚੇ ਅਤੇ ਸੁਰੱਖਿਆ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਸਰਕਾਰੀ ਸਕੂਲਾਂ ਵਿੱਚ ਸਹੀ ਰੱਖ-ਰਖਾਅ ਅਤੇ ਸੁਰੱਖਿਆ ਨੂੰ ਯਕੀਨੀ ਬਣਾ ਰਹੇ ਹਾਂ। ਇਸ ਉਦੇਸ਼ ਲਈ ਕੁੱਲ 1,932 ਕੈਂਪਸ ਮੈਨੇਜਰ, 1,323 ਸੁਰੱਖਿਆ ਗਾਰਡ, 7,876 ਸਫਾਈ ਕਰਮਚਾਰੀ ਅਤੇ 1,792 ਚੌਕੀਦਾਰ ਭਰਤੀ ਕੀਤੇ ਗਏ ਹਨ। ਇਸ ਦੇ ਨਾਲ ਹੀ 20 ਕਰੋੜ ਰੁਪਏ ਦੇ ਬਜਟ ਨਾਲ ਸਾਰੇ ਸਰਕਾਰੀ ਸਕੂਲਾਂ ਵਿੱਚ ਹਾਈ-ਸਪੀਡ ਫਾਈਬਰ ਵਾਈ-ਫਾਈ ਸਹੂਲਤ ਦਿੱਤੀ ਗਈ ਹੈ, ਜਿਸ ਨਾਲ ਪੰਜਾਬ ਇਹ ਪਹਿਲਕਦਮੀ ਕਰਨ ਵਾਲਾ ਦੇਸ਼ ਦਾ ਇਕਲੌਤਾ ਸੂਬਾ ਬਣ ਗਿਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਦੇ ਨਾਲ ਹੀ ਨਵੇਂ ਕਲਾਸਰੂਮ, ਸਾਇੰਸ ਲੈਬਾਟਰੀਆਂ, ਕੰਪਿਊਟਰ ਲੈਬਾਂ, ਬਹੁ-ਮੰਤਵੀ ਕਮਰੇ, ਰਸੋਈਆਂ, ਮੈਡੀਕਲ ਕਮਰੇ, ਹੈੱਡ ਰੂਮ, ਖੇਡ ਦੇ ਮੈਦਾਨ ਅਤੇ ਮੁੰਡਿਆਂ ਤੇ ਕੁੜੀਆਂ ਲਈ ਵੱਖਰੇ ਪਖਾਨੇ ਬਣਾਏ ਗਏ ਹਨ। ਵਿਦਿਆਰਥੀਆਂ ਨੂੰ ਹੁਣ ਸਮੇਂ ਸਿਰ ਕਿਤਾਬਾਂ ਮਿਲਦੀਆਂ ਹਨ ਅਤੇ ਮੁਫਤ ਵਰਦੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ 25 ਸਰਕਾਰੀ ਸਕੂਲਾਂ ਦਾ ਨਾਮ ਸ਼ਹੀਦਾਂ, ਆਜ਼ਾਦੀ ਘੁਲਾਟੀਆਂ ਅਤੇ ਉੱਘੀਆਂ ਸ਼ਖਸੀਅਤਾਂ ਦੇ ਨਾਮ 'ਤੇ ਰੱਖਿਆ ਗਿਆ ਹੈ।

ਸਕੂਲ ਮੈਂਟਰਸ਼ਿਪ ਪ੍ਰੋਗਰਾਮ (ਵਿਦਿਆਰਥੀਆਂ ਨੂੰ ਸੇਧ ਦੇਣ ਦਾ ਉਪਰਾਲਾ) 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪ੍ਰੋਗਰਾਮ ਪਹਿਲੀ ਵਾਰ ਸ਼ੁਰੂ ਕੀਤਾ ਗਿਆ ਹੈ, ਜਿੱਥੇ ਆਈ.ਏ.ਐਸ., ਆਈ.ਪੀ.ਐਸ. ਅਤੇ ਸੀਨੀਅਰ ਅਧਿਕਾਰੀ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਮਨਾਉਣ ਦੇ ਹਿੱਸੇ ਵਜੋਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਅਤੇ ਲਾਮਿਸਾਲ ਕੁਰਬਾਨੀ ਬਾਰੇ ਜਾਗਰੂਕ ਕਰਨ ਲਈ 15 ਦਿਨਾਂ ਦਾ ਪ੍ਰੋਗਰਾਮ ਕਰਵਾਇਆ ਕੀਤਾ ਗਿਆ ਸੀ।

ਉਚੇਰੀ ਸਿੱਖਿਆ ਸੁਧਾਰਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨੇ ਦੇਸ਼ ਦੀ ਪਹਿਲੀ 'ਡਿਜੀਟਲ ਓਪਨ ਯੂਨੀਵਰਸਿਟੀ ਨੀਤੀ-2026' ਪੇਸ਼ ਕੀਤੀ ਹੈ। ਸ੍ਰੀ ਆਨੰਦਪੁਰ ਸਾਹਿਬ ਵਿਖੇ ਗੁਰੂ ਤੇਗ਼ ਬਹਾਦਰ ਜੀ ਦੇ ਨਾਮ 'ਤੇ ਇੱਕ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਿਤ ਕੀਤੀ ਜਾਵੇਗੀ। ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਪਿੰਡਾਂ ਦੇ ਵਿਦਿਆਰਥੀਆਂ ਲਈ ਪਹੁੰਚ ਨੂੰ ਬਿਹਤਰ ਬਣਾਉਣ ਲਈ 'ਪੰਜਾਬੀ-ਫਸਟ ਨੀਤੀ' ਲਾਗੂ ਕੀਤੀ ਹੈ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਰਕਾਰੀ ਡਿਗਰੀ ਕਾਲਜਾਂ ਲਈ ਔਨਲਾਈਨ ਦਾਖਲਾ ਪੋਰਟਲ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 10 ਨਵੇਂ ਡਿਗਰੀ ਕਾਲਜਾਂ ਦੀ ਯੋਜਨਾ ਬਣਾਈ ਗਈ ਹੈ ਅਤੇ ਅਜਨਾਲਾ ਦੇ ਬਿਕਰੌਰ ਵਿਖੇ ਇੱਕ ਕਾਲਜ ਦੀ ਉਸਾਰੀ ਚੱਲ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਭਾਸ਼ਾਈ ਅਤੇ ਸੱਭਿਆਚਾਰਕ ਪਹਿਲਕਦਮੀਆਂ ਨੂੰ ਮਜ਼ਬੂਤੀ ਦੇਣ ਲਈ ਪੰਜਾਬ ਭਾਸ਼ਾ ਐਕਟ ਤਹਿਤ ਸਰਕਾਰੀ ਕੰਮਕਾਜ ਵਿੱਚ ਪੰਜਾਬੀ ਨੂੰ 100 ਫੀਸਦੀ ਲਾਜ਼ਮੀ ਬਣਾਇਆ ਗਿਆ ਹੈ। ਪੰਜਾਬੀ ਸਾਹਿਤ ਦਾ ਡਿਜੀਟਾਈਜ਼ੇਸ਼ਨ ਚੱਲ ਰਿਹਾ ਹੈ ਅਤੇ ਹੁਣ ਤੱਕ 18,550 ਕਿਤਾਬਾਂ ਡਿਜੀਟਾਈਜ਼ ਕੀਤੀਆਂ ਜਾ ਚੁੱਕੀਆਂ ਹਨ। ਇਸ ਤੋਂ ਇਲਾਵਾ 592 ਦੁਰਲੱਭ ਹੱਥ-ਲਿਖਤਾਂ ਦੀ ਸੰਭਾਲ ਦੇ ਨਾਲ-ਨਾਲ ਇਨ੍ਹਾਂ ਨੂੰ ਡਿਜੀਟਾਈਜ਼ ਕੀਤਾ ਗਿਆ ਹੈ ਅਤੇ 100 ਤੋਂ ਵੱਧ ਕਿਤਾਬਾਂ ਹੁਣ ਔਨਲਾਈਨ ਉਪਲਬਧ ਹਨ।

ਉਨ੍ਹਾਂ ਅੱਗੇ ਕਿਹਾ ਕਿ 'ਸ਼ਬਦਮਾਲਾ ਈ-ਡਿਕਸ਼ਨਰੀ' ਨੂੰ ਕਈ ਪੰਜਾਬੀ ਸ਼ਬਦਕੋਸ਼ਾਂ ਦੇ ਨਾਲ ਐਂਡਰਾਇਡ ਐਪ ਵਜੋਂ ਲਾਂਚ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਨਵੀਂ ਦਿੱਲੀ ਦੇ ਪੰਜਾਬ ਭਵਨ ਵਿਖੇ 60 ਉੱਘੀਆਂ ਪੰਜਾਬੀ ਸਾਹਿਤਕ ਸ਼ਖਸੀਅਤਾਂ ਦੀਆਂ ਤਸਵੀਰਾਂ ਲਾਈਆਂ ਗਈਆਂ ਹਨ ਅਤੇ ਪੰਜਾਬੀ, ਹਿੰਦੀ ਤੇ ਉਰਦੂ ਵਿੱਚ ਸਰਵੋਤਮ ਕਿਤਾਬਾਂ ਲਈ ਪੁਰਸਕਾਰ ਵੀ ਵੰਡੇ ਗਏ ਹਨ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹੋਰ ਮੌਜੂਦ ਸਨ।

## ਜਿੱਥੇ ਮਨੁੱਖੀ ਦੁੱਖ ਅਤੇ ਜੰਗ ਦੀ ਤਬਾਹੀ ਵੀ

ਕਿ ਜੰਗ ਦੀ ਕਹਾਣੀ ਹੁਣ ਖ਼ਬਰਾਂ ਦੇ ਚੈਨਲਾਂ ਨਾਲੋਂ ਵੱਧ ਐਲਗੋਰਿਦਮਾਂ ਦੁਆਰਾ ਨਿਰਧਾਰਿਤ ਹੋ ਰਹੀ ਹੈ।

ਇਸ ਨਵੇਂ ਮਾਡਲ ਵਿੱਚ ਰੇਟਿੰਗ ਦਾ ਅਰਥ TRP ਤੋਂ ਬਦਲ ਕੇ ਵਿਊਜ਼, ਲਾਈਕਸ, ਸ਼ੇਅਰ ਅਤੇ ਐਂਗੇਜਮੈਂਟ ਹੋ ਗਿਆ ਹੈ। ਜਿਹੜੀ ਵੀਡੀਓ ਜ਼ਿਆਦਾ ਭਾਵਨਾਤਮਕ, ਡਰਾਉਣੀ ਜਾਂ ਚੌਂਕਾਉਣ ਵਾਲੀ ਹੁੰਦੀ ਹੈ, ਉਹ ਵਾਇਰਲ ਹੋ ਜਾਂਦੀ ਹੈ। ਇਸ ਨਾਲ ਇੱਕ ਖਤਰਨਾਕ ਰੁਝਾਨ ਪੈਦਾ ਹੋ ਰਿਹਾ ਹੈ—ਜੰਗ ਦੀ ਹਕੀਕਤ ਨੂੰ ਸਨਸਨੀਖੇਜ਼ ਬਣਾਉਣਾ। ਕਈ ਵਾਰ ਇਹ ਵੀਡੀਓਜ਼ ਅਧੂਰੀ ਜਾਂ ਗਲਤ ਜਾਣਕਾਰੀ 'ਤੇ ਆਧਾਰਿਤ ਹੁੰਦੀਆਂ ਹਨ, ਪਰ ਉਨ੍ਹਾਂ ਦੀ ਪਹੁੰਚ ਸੱਚੀ ਰਿਪੋਰਟਿੰਗ ਨਾਲੋਂ ਕਈ ਗੁਣਾ ਵੱਧ ਹੁੰਦੀ ਹੈ।

ਆਰਟੀਫੀਸ਼ਲ ਇੰਟੈਲੀਜੈਂਸ (19) ਨੇ ਇਸ ਸਮੱਸਿਆ ਨੂੰ ਹੋਰ ਵੀ ਗੰਭੀਰ ਬਣਾ ਦਿੱਤਾ ਹੈ। 19 ਨਾਲ ਬਣੀਆਂ ਫੇਕ ਵੀਡੀਓਜ਼ ਅਤੇ ਤਸਵੀਰਾਂ, ਜਿਨ੍ਹਾਂ ਨੂੰ ਡੀਪਫੇਕ ਕਿਹਾ ਜਾਂਦਾ ਹੈ, ਹੁਣ ਆਮ ਯੂਜ਼ਰ ਲਈ ਵੀ ਬਣਾਉਣ ਯੋਗ ਹਨ। ਇੱਕ ਰਿਪੋਰਟ ਮੁਤਾਬਕ 2024-25 ਵਿੱਚ ਆਨਲਾਈਨ ਸ਼ੇਅਰ ਕੀਤੀ ਗਈ ਜੰਗ ਸੰਬੰਧੀ ਸਮੱਗਰੀ ਵਿੱਚ ਲਗਭਗ 20-30% ਤੱਕ ਸਮੱਗਰੀ ਜਾਂ ਤਾਂ ਮਿਸਲੀਡਿੰਗ ਸੀ ਜਾਂ ਪੂਰੀ ਤਰ੍ਹਾਂ ਫਰਜ਼ੀ। ਇਸ ਨਾਲ ਜਨਤਾ ਲਈ ਸੱਚ ਅਤੇ ਝੂਠ ਵਿੱਚ ਫਰਕ ਕਰਨਾ ਮੁਸ਼ਕਲ ਹੋ ਰਿਹਾ ਹੈ।ਹੁਣ ਇਸ ਪੂਰੇ ਪਰਿਪੇਖ ਵਿੱਚ ਆਈਟੀ ਕੰਪਨੀਆਂ ਦੀ ਭੂਮਿਕਾ ਕੇਂਦਰੀ ਬਣ ਗਈ ਹੈ। Meta, Google ਅਤੇ ByteDance ਵਰਗੀਆਂ ਕੰਪਨੀਆਂ ਦੇ ਐਲਗੋਰਿਦਮ ਹੀ ਇਹ ਤੈਅ ਕਰਦੇ ਹਨ ਕਿ ਕਿਹੜੀ ਵੀਡੀਓ ਕਿਸਨੂੰ ਦਿਖਾਈ ਜਾਵੇਗੀ। ਇਹ ਐਲਗੋਰਿਦਮ ਮੁੱਖ ਤੌਰ 'ਤੇ ਯੂਜ਼ਰ ਦੀ ਦਿਲਚਸਪੀ ਅਤੇ ਐਂਗੇਜਮੈਂਟ ਦੇ ਆਧਾਰ 'ਤੇ ਕੰਮ ਕਰਦੇ ਹਨ, ਨਾ ਕਿ ਸੱਚਾਈ ਜਾਂ ਜ਼ਿੰਮੇਵਾਰੀ ਦੇ ਆਧਾਰ 'ਤੇ। ਇਸ ਲਈ ਜੇ ਕੋਈ ਸਨਸਨੀਖੇਜ਼ ਜਾਂ ਵਿਵਾਦਿਤ ਸਮੱਗਰੀ ਵੱਧ ਕਲਿੱਕ ਲੈਂਦੀ ਹੈ, ਤਾਂ ਉਹ ਹੋਰ ਵੱਧ ਲੋਕਾਂ ਤੱਕ ਪਹੁੰਚਦੀ ਹੈ।

ਇਹੀ ਹੈ ਰੇਟਿੰਗ ਕ੍ਰਾਂਤੀ ਦਾ ਨਵਾਂ ਰੂਪ—ਜਿੱਥੇ ਮਨੁੱਖੀ ਦੁੱਖ ਅਤੇ ਜੰਗ ਦੀ ਤਬਾਹੀ ਵੀ ਇੱਕ ਕਿਸਮ ਦੀ ਡਿਜ਼ੀਟਲ ਕਰੰਸੀ ਬਣ ਗਈ ਹੈ। ਹਰ ਵਿਊ, ਹਰ ਲਾਈਕ ਇੱਕ ਮਾਪਦੰਡ ਹੈ, ਜਿਸ ਨਾਲ ਪਲੇਟਫਾਰਮ ਆਪਣੀ ਆਮਦਨ ਵਧਾਉਂਦੇ ਹਨ। ਇੱਕ ਅੰਦਾਜ਼ੇ ਮੁਤਾਬਕ, ਡਿਜ਼ੀਟਲ ਐਡਵਰਟਾਈਜ਼ਿੰਗ ਮਾਰਕੀਟ 2025 ਵਿੱਚ 700 ਬਿਲੀਅਨ ਡਾਲਰ ਤੋਂ ਵੱਧ ਹੋ ਚੁੱਕੀ ਹੈ, ਜਿਸ ਵਿੱਚ ਵੱਡਾ ਹਿੱਸਾ ਸੋਸ਼ਲ ਮੀਡੀਆ ਪਲੇਟਫਾਰਮਾਂ ਦਾ ਹੈ।

ਪਰ ਇਸਦਾ ਦੂਜਾ ਪੱਖ ਵੀ ਹੈ। ਰੀਲਾਂ ਅਤੇ ਸੋਸ਼ਲ ਮੀਡੀਆ ਨੇ ਜੰਗ ਦੇ ਕੁਝ ਅਣਸੁਣੇ ਪੱਖ ਵੀ ਸਾਹਮਣੇ ਲਿਆਂਦੇ ਹਨ। ਮੈਦਾਨ ਵਿੱਚ ਮੌਜੂਦ ਆਮ ਲੋਕ, ਨਾਗਰਿਕ ਅਤੇ ਛੋਟੇ ਪੱਤਰਕਾਰ ਹੁਣ ਆਪਣੀ ਆਵਾਜ਼ ਸਿੱਧੀ ਦੁਨੀਆ ਤੱਕ ਪਹੁੰਚਾ ਸਕਦੇ ਹਨ। ਇਹ ਇੱਕ ਲੋਕਤੰਤਰਿਕ ਬਦਲਾਅ ਹੈ, ਜਿੱਥੇ ਜਾਣਕਾਰੀ ਦੇ ਕੇਂਦਰਕਰਨ ਦੀ ਥਾਂ ਵਿਕੇਂਦਰੀਕਰਨ ਹੋ ਰਿਹਾ ਹੈ।

ਫਿਰ ਵੀ, ਇਹ ਆਜ਼ਾਦੀ ਬਿਨਾਂ ਜ਼ਿੰਮੇਵਾਰੀ ਦੇ ਖਤਰਨਾਕ ਸਾਬਤ ਹੋ ਸਕਦੀ ਹੈ। ਜਦੋਂ ਕੋਈ ਸੰਪਾਦਕੀ ਨਿਗਰਾਨੀ ਨਹੀਂ ਹੁੰਦੀ, ਤਾਂ ਗਲਤ ਜਾਣਕਾਰੀ ਤੇਜ਼ੀ ਨਾਲ ਫੈਲਦੀ ਹੈ। ਇੱਕ Gallup ਸਰਵੇ ਮੁਤਾਬਕ ਅਮਰੀਕਾ ਵਿੱਚ ਮੀਡੀਆ 'ਤੇ ਭਰੋਸਾ 1970 ਦੇ 70% ਤੋਂ ਘਟ ਕੇ 2025 ਵਿੱਚ 28% ਰਹਿ ਗਿਆ ਹੈ। ਇਹ ਭਰੋਸੇ ਦੀ ਘਾਟ ਵੀ ਰੀਲ-ਆਧਾਰਿਤ ਖਪਤ ਨੂੰ ਵਧਾਉਂਦੀ ਹੈ, ਕਿਉਂਕਿ ਲੋਕ ਪਰੰਪਰਾਗਤ ਇਸ ਸਾਰੇ ਦ੍ਰਿਸ਼ ਵਿੱਚ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਅਸੀਂ ਜੰਗ ਨੂੰ ਸਮਝ ਰਹੇ ਹਾਂ ਜਾਂ ਸਿਰਫ਼ ਉਸਦਾ ਮਨੋਰੰਜਨ ਕਰ ਰਹੇ ਹਾਂ ? ਜਦੋਂ ਜੰਗ ਇੱਕ 30 ਸਕਿੰਟ ਦੀ ਵੀਡੀਓ ਵਿੱਚ ਸਿਮਟ ਜਾਂਦੀ ਹੈ, ਤਾਂ ਉਸਦੀ ਜਟਿਲਤਾ, ਮਨੁੱਖੀ ਪੀੜਾ ਅਤੇ ਰਾਜਨੀਤਿਕ ਸੰਦਰਭ ਗੁੰਮ ਹੋ ਜਾਂਦੇ ਹਨ।ਅਖ਼ੀਰ ਵਿੱਚ, ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਰੀਲਾਂ ਦੀ ਜੰਗ ਸਿਰਫ਼ ਮੀਡੀਆ ਦੀ ਬਦਲਾਅ ਨਹੀਂ, ਸਗੋਂ ਸਮਾਜ ਦੀ ਸੋਚ ਵਿੱਚ ਬਦਲਾਅ ਹੈ। ਆਈਟੀ ਕੰਪਨੀਆਂ ਦੀ ਰੇਟਿੰਗ ਕ੍ਰਾਂਤੀ ਨੇ ਜੰਗ ਨੂੰ ਇੱਕ ਡਿਜ਼ੀਟਲ ਉਤਪਾਦ ਬਣਾ ਦਿੱਤਾ ਹੈ—ਜਿਸਨੂੰ ਵੇਚਿਆ ਵੀ ਜਾਂਦਾ ਹੈ ਅਤੇ ਖਪਾਇਆ ਵੀ ਜਾਂਦਾ ਹੈ।

ਲੋੜ ਹੈ ਕਿ ਸਰਕਾਰਾਂ, ਮੀਡੀਆ ਸੰਸਥਾਵਾਂ ਅਤੇ ਟੈਕ ਕੰਪਨੀਆਂ ਮਿਲ ਕੇ ਇਸ ਨਵੇਂ ਚੈਲੰਜ ਦਾ ਹੱਲ ਲੱਭਣ। ਫੈਕਟ-ਚੈੱਕਿੰਗ ਨੂੰ ਮਜ਼ਬੂਤ ਕਰਨਾ, ਐਲਗੋਰਿਦਮਾਂ ਵਿੱਚ ਪਾਰਦਰਸ਼ਤਾ ਲਿਆਉਣਾ ਅਤੇ ਯੂਜ਼ਰਾਂ ਨੂੰ ਮੀਡੀਆ ਲਿਟਰੇਸੀ ਬਾਰੇ ਸਚੇਤ ਕਰਨਾ ਸਮੇਂ ਦੀ ਮੰਗ ਹੈ।ਨਹੀਂ ਤਾਂ, ਅਸਲੀ ਜੰਗ ਮੈਦਾਨ ਵਿੱਚ ਘੱਟ ਅਤੇ ਸਕ੍ਰੀਨਾਂ 'ਤੇ ਵੱਧ ਲੜੀ ਜਾਵੇਗੀ—ਜਿੱਥੇ ਸੱਚਾਈ ਦੀ ਹਾਰ ਅਤੇ ਸਨਸਨੀ ਦੀ ਜਿੱਤ ਹੋਵੇਗੀ।


### ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

| ਲ. ਨੰ. | ਨਿਵਿਦਾ ਨੰਬਰ | ਕੰਮ ਦਾ ਵੇਰਵਾ | ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | ਅੰਦਾਜ਼ਨ ਲਾਗਤ ਰੁਪੈ | ਬਿਆਨਾ ਰਾਸ਼ੀ ਰੁਪਏ | ਕੰਮ ਪੂਰਾ ਕਰਨ ਦਾ ਸਮਾਂ |
|---|---|---|---|---|---|---|
| 1 | OT-44/ 2025-26 | 1. ਪ੍ਰੋਵੀਜਨ ਆਫ ਸੀ.ਸੀ.ਟੀ. ਵੀ ਸਰਵੀਲਾਂਸ ਸਿਸਟਮ ਐਟ ਆਰ ਪੀ ਐਫ ਪੋਸਟਸ / ਆਉਟ ਪੋਸਟਸ ਹੈਵਿੰਗ ਕਵਰੈਜ ਓਵਰ ਸਪੇਸ ਪ੍ਰਵਾਇਡਿਡ ਫਾਰ ਕੀਪਿੰਗ ਅਕਯੂਜਡ ਐਂਡ ਇੰਟੈਰੋਗੇਸ਼ਨ ਪਰਪੋਜ, 2. ਅਕਸਪੋਂਸ਼ਨ ਆਫ ਸੀ. ਸੀ. ਟੀ ਵੀ ਸਰਵੀਲਾਂਸ ਨੈਟਵਰਕ ਇਨ ਰੇਲਵੇ ਹਾਸਪੀਟਲ ਅੰਬਾਲਾ ਕੈਂਟ। | 27/04/2026 at 15.00 hrs. | Rs. 9507636.25/- | Rs. 190200/- | 180 ਦਿਨ |
| 2 | OT-45/ 2025-26 | 1. ਪ੍ਰੋਵੀਜਨ ਆਫ ਈ.ਸੀ. ਸਾਕੇਟ ਆਨ 6 ਕਵਾਡ ਕੇਬਲ ਇਨ ਸਰਹਿੰਦ-ਊਨਾ ਹਿਮਾਚਲ, ਅੰਬਾਲਾ ਡਵੀਜਨ। 2. ਟੇਲੀਕਾਮ ਵਰਕ ਇਨ ਕਨੇਕਸ਼ਨ ਵਿਦ ਕਨਸਟ੍ਰਕਸ਼ਨ ਆਫ 6 ਮੀ x 6 ਮੀ ਸਾਈਜ ਲਿਮਟਿਡ ਹਾਈਟ ਸਬਵੇ ਇਨ ਲਿਓ ਆਫ ਲੇਵਲ ਕ੍ਰਾਸਿੰਗ 5, ਬਿਟਵੀਨ ਖਰਰ ਐਂਡ ਜੰਕਸ਼ਨ ਕੈਬਿਨ ਸਟੇਸ਼ਨ ਆਫ ਸੀ.ਡੀ. ਜੀ. - ਐਮ.ਆਰ.ਐਨ. ਡੀ. ਸੈਕਸ਼ਨ ਟੂ ਇਲਿਮਨੇਟ ਲੇਵਲ ਕ੍ਰਾਸਿੰਗ ਇਨ ਦਾ ਸੈਕਸ਼ਨ ਆਫ ਐਸ.ਐਸ.ਈ./ਡਬਲਯੂ/ਸੀ.ਡੀ.ਜੀ. ਅੰਡਰ ਸੀਨੀਅਰ ਏ.ਡੀ. ਈ.ਐਨ./ ਸੀ.ਡੀ.ਜੀ. 3. ਟੇਲੀਕਾਮ ਵਰਕ ਇਨ ਕਨੇਕਸ਼ਨ ਵਿਦ ਕਨਸਟ੍ਰਕਸ਼ਨ ਆਫ 6 ਮੀ x 5 ਮੀ. ਸਾਈਜ ਐਲ.ਐਚ.ਐਸ. ਇਨ ਲਿਊ ਆਫ ਲੇਵਲ ਕ੍ਰਾਸਿੰਗ 6 ਬਿਟਵੀਨ ਖਰਰ ਐਂਡ ਜੰਕਸ਼ਨ ਕੇਬਿਨ ਸਟੇਸ਼ਨ ਆਫ. ਸੀ.ਡੀ.ਜੀ.-ਐਮ.ਆਰ.ਐਨ.ਡੀ. ਸੈਕਸ਼ਨ ਆਫ ਐਸ.ਐਸ. ਈ./ਡਬਲਯੂ/ਸੀ.ਡੀ.ਜੀ.-ਐਮ.ਆਰ.ਐਨ.ਡੀ. ਸੈਕਸ਼ਨ ਆਫ ਐਸ.ਐਸ.ਈ./ਡਬਲਯੂ.ਸੀ.ਡੀ.ਜੀ. ਅੰਡਰ ਸੀਨੀਅਰ ਏ.ਡੀ.ਈ.ਐਨ/ ਸੀ.ਡੀ. ਜੀ. 4. ਟੇਲੀਕਾਮ ਵਰਕ ਇਨ ਕਨੇਕਸ਼ਨ ਵਿਦ ਕਨਸਟ੍ਰਕਸ਼ਨ ਆਫ 6 ਮੀ x 5 ਮੀ. ਸਾਈਜ ਐਲ.ਐਚ.ਐਸ. ਇਨ ਲਿਓ ਆਫ ਲੇਵਲ ਕ੍ਰਾਸਿੰਗ 7. ਬਿਟਵੀਨ ਖਰਰ ਐਂਡ ਜੰਕਸ਼ਨ ਕੈਬਿਨ ਸਟੇਸ਼ਨ ਆਫ ਸੀ.ਡੀ.ਜੀ.-ਐਮ.ਆਰ.ਐਨ.ਡੀ. ਸੇਕਸ਼ਨ ਆਫ ਐਸ./ਐਸ.ਈ. / ਡਬਲਯੂ/ ਸੀ.ਡੀ.ਜੀ. ਅੰਡਰ ਸੀਨੀਅਰ ਏ.ਡੀ.ਈ.ਐਨ ਵਿਦ ਇਮਪਰੂਮੈਂਟ/ ਅਪਗ੍ਰੇਡੇਸ਼ਨ ਐਟ ਡੀ.ਟੀ.ਟੀ. ਐਸ. / ਕੇ.ਐਲ. ਕੇ. ਐਟ ਕੇ.ਐਲ. ਕੇ. 6. ਟੇਲੀਕਾਮ ਅਸਿਟਮੇਟ ਇਨ ਕਨੇਕਸ਼ਨ ਵਿਦ ਇਮਪਰੂਵਮੈਂਟ/ ਅਪਗ੍ਰੇਡੇਸ਼ਨ ਆਫ ਸੇਫਟੀ ਕੈਂਪ ਡੀ.ਐਮ.ਪੀ. | 27/04/2026 at 15.00 hrs. | Rs. 6350180.94/- | Rs. 127000/- | 180 ਦਿਨ |
| 3 | OT-46/ 2025-26 | ਪ੍ਰੋਵੀਜਨ ਆਫ ਕਲਾਕਸ ਐਟ ਐਨ.ਐਸ.ਜੀ. 3, ਐਨ.ਐਸ.ਜੀ. 4, ਐਨ.ਐਸ.ਜੀ.-5 ਅਤੇ ਐਨ.ਐਸ.ਜੀ. 6 ਕੈਟੇਗਰੀ ਸਟੇਸ਼ਨ ਓਵਰ ਅੰਬਾਲਾ ਡਵੀਜਨ. | 27/04/2026 at 15.00 hrs. | Rs. 8591446.13/- | Rs. 171800 | 270 ਦਿਨ |

ਨੋਟ : - ਸੀਨੀ. ਮੰਡਲ ਸਿਗ0 ਅਤੇ ਟੈਲੀ. ਇੰਜੀ./ਉ.ਰੇ., ਡੀ.ਆਰ.ਐਮ. ਆਫਿਸ, ਰੇਲ ਬਿਹਾਰ, ਅੰਬਾਲਾ ਛਾਉਣੀ ਦੇ ਦੁਆਰਾ ਇਛੁਕ ਟੈਂਡਰਕਾਰਾਂ ਤੋਂ ਉਪਰੋਕਤ ਸੰਧਰਭਿਤ ਕੰਮਾਂ ਲਈ ਖੁਲ੍ਹੀ ਦਰਸਾਈ ਗਈ ਮਿਤੀ ਅਨੁਸਾਰ 15:00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਾਂ ਦੇ ਦੁਆਰਾ ਸਾਰੇ ਜਰੂਰੀ ਦਸਤਾਵੇਜ ਦੀ ਸਕੈਨ ਪ੍ਰਤੀਲਿਪੀ ਅਪਲੋਡ ਕਰੋ। 2.ਟੈਂਡਰ ਡਾਕੂਮੈਂਟਸ ਤੇ ਟੈਂਡਰ ਸੂਚਨਾ ਦੀ ਵਿਸਤ੍ਰਿਤ ਜਾਣਕਾਰੀ ਦੇ ਲਈ ਵੈਬਸਾਈਟ www.ireps.gov.in ਤੇ ਲਾਗ ਆਨ ਕਰੋ। 3.ਟੈਂਡਰਕਾਰਾਂ ਨੂੰ ਈ-ਟੈਂਡਰਿੰਗ ਵਿਚ ਭਾਗ ਲੈਣ ਦੇ ਲਈ ਉਨ੍ਹਾਂ ਦੇ ਕਲਾਸ-III ਡਿਜੀਟਲ ਸਿਗਨੇਚਰ ਸਰਟੀਫਿਕੇਟ ਹੋਣਾ ਚਾਹੀਦੀ ਅਤੇ ਉਨ੍ਹਾਂ ਉਪਰੋਕਤ ਸਾਈਟ ਤੇ ਰਜਿਸਟਰਡ ਹੋਣਾ ਜਰੂਰੀ ਹੈ। ਟੈਂਡਰਕਾਰਾਂ ਨੂੰ ਨਿਵੇਦਨ ਹੈ ਕਿ ਟੈਂਡਰ ਨੋਟਿਸ ਅਤੇ ਟੈਂਡਰ ਡਾਕੂਮੈਂਟਸ ਵਿਚ ਦਿਤੀਆਂ ਹਿਦਾਇਤਾਂ/ਸ਼ਰਤਾਂ ਆਦਿ ਨੂੰ ਟੈਂਡਰ ਪਾਉਣ ਦੀ ਚੰਗੀ ਤਰ੍ਹਾਂ. ਪੜ੍ਹ ਲੈਣ। ਨੰਬਰ: ਐਸ.ਡਬਲਯੂ./ਸਿਗ/ਅੰਬਾਲਾ/ਐਨ.ਆਈ.ਟੀ.-18/2025-26 ਮਿਤੀ: 30.03.2026

1072/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਿਟਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਪੰਜਾਬ ਦੇ ਹੋਸਪਿਟੈਲਿਟੀ ਖੇਤਰ ਵਿੱਚ 200 ਕਰੋੜ ਦੇ ਟਰਨਓਵਰ ਛੁਪਾਉਣ ਦਾ ਪਰਦਾਫਾਸ਼, ਡਾਟਾ-ਆਧਾਰਿਤ ਜਾਂਚ ਰਾਹੀਂ ਕਾਰਵਾਈ ਤੇਜ਼ : ਚੀਮਾ

ਚੰਡੀਗੜ੍ਹ, 30 ਮਾਰਚ (ਚ.ਨ.ਸ.): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਪੰਜਾਬ ਦੇ ਹੋਸਪਿਟੈਲਿਟੀ (ਖਾਣਪੀਣ ਦੇ ਕਾਰੋਬਾਰ) ਖੇਤਰ ਵਿੱਚ 200 ਕਰੋੜ ਰੁਪਏ ਦੇ ਟਰਨਓਵਰ ਛੁਪਾਉਣ ਦੇ ਇੱਕ ਵੱਡੇ ਰੈਕੇਟ ਦਾ ਪਰਦਾਫਾਸ਼ ਕਰਦਿਆਂ ਢਾਬਿਆਂ, ਖਾਣ-ਪੀਣ ਵਾਲੀਆਂ ਥਾਵਾਂ, ਰੈਸਟੋਰੈਂਟਾਂ ਅਤੇ ਫਾਸਟ-ਫੂਡ ਆਊਟਲੈਟਾਂ ਵਿੱਚ ਡੂੰਘੀਆਂ ਜੜ੍ਹਾਂ ਜਮਾ ਚੁੱਕੀ ਅਤੇ ਵਿਵਸਥਾਗਤ ਢੰਗ ਨਾਲ ਆਮਦਨ ਘੱਟ ਦਿਖਾਉਣ ਦੀ ਪ੍ਰਵਿਰਤੀ ਤੋਂ ਪਰਦਾ ਉਠਾਇਆ। ਵਿੱਤ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਜਨਤਕ ਮਾਲੀਏ ਦੀ ਰਾਖੀ ਲਈ ਤਕਨਾਲੋਜੀ-ਆਧਾਰਿਤ ਸਖ਼ਤ ਕਾਰਵਾਈ ਸ਼ੁਰੂ ਕੀਤੀ ਜਿਸ ਤਹਿਤ 882 ਅਦਾਰੇ ਜਾਂਚ ਦੇ ਘੇਰੇ ਵਿੱਚ ਲਏ ਗਏ ਅਤੇ ਹੁਣ ਤੱਕ 2.02 ਕਰੋੜ ਰੁਪਏ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜਾਂਚ ਦਾ ਦਾਇਰਾ ਤੇਜ਼ੀ ਨਾਲ ਵੱਧ ਰਿਹਾ ਹੈ ਅਤੇ ਹੋਰ ਡਾਟਾ ਦਾ ਵਿਸ਼ਲੇਸ਼ਣ ਕਰਨ ਨਾਲ ਕੁੱਲ ਟਰਨਓਵਰ ਲੁਕਾਉਣ ਦਾ ਇਹ ਮਾਮਲਾ ਲਗਭਗ 500 ਕਰੋੜ ਰੁਪਏ ਤੱਕ ਪਹੁੰਚ ਸਕਦਾ ਹੈ। ਇਸ ਗੱਲ ਦਾ ਜ਼ਿਕਰ ਕਰਦਿਆਂ ਕਿ ਮੋਹਾਲੀ, ਜਲੰਧਰ ਤੇ ਲੁਧਿਆਣਾ ਵਰਗੇ ਪ੍ਰਮੁੱਖ ਸ਼ਹਿਰੀ ਕੇਂਦਰ ਟੈਕਸ ਚੋਰੀ ਦੇ ਮੁੱਖ ਗੜ੍ਹ ਵਜੋਂ ਉੱਭਰੇ ਹਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਵੱਧ ਨਕਦੀ ਤੇ ਹਾਈਬ੍ਰਿਡ ਭੁਗਤਾਨਾਂ (ਨਕਦੀ ਤੇ ਡਿਜੀਟਲ ਦੋਵੇਂ) ਵਾਲੇ ਖੇਤਰ ਇਸ ਧੋਖਾਧੜੀ ਦੇ ਕੇਂਦਰ ਵਿੱਚ ਹਨ। ਉਨ੍ਹਾਂ ਕਿਹਾ ਕਿ ਐਡਵਾਂਸਡ ਡਾਟਾ ਐਨਾਲਿਟਿਕਸ, ਟੈਕਸ ਇੰਟੈਲੀਜੈਂਸ ਯੂਨਿਟ ਤੇ ਸਟੇਟ ਇੰਟੈਲੀਜੈਂਸ ਤੇ ਪ੍ਰੀਵੈਂਟਿਵ ਯੂਨਿਟ (ਸਿਪੂ) ਤੋਂ ਮਿਲੀ ਜਾਣਕਾਰੀ, ਤੇ "ਬਿੱਲ ਲਿਆਓ, ਇਨਾਮ



ਪਾਓ" ਸਕੀਮ ਦੀ ਸਫਲਤਾ ਦੇ ਸਹਾਰੇ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਕਾਰਵਾਈ ਤੇਜ਼ ਕਰ ਦਿੱਤੀ ਹੈ। ਉਨ੍ਹਾਂ ਸਖ਼ਤ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਸੂਬੇ ਦੇ ਮਾਲੀਏ ਦੀ ਰਾਖੀ ਲਈ ਤਕਨਾਲੋਜੀ ਦੀ ਪੂਰੀ ਵਰਤੋਂ ਯਕੀਨੀ ਬਣਾਉਂਦਿਆਂ ਹਰ ਉਲੰਘਣਾ ਕਰਨ ਵਾਲੇ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਹੋਟਲਾਂ, ਢਾਬਿਆਂ, ਖਾਣ-ਪੀਣ ਵਾਲੀਆਂ ਥਾਵਾਂ, ਬੇਕਰੀਆਂ, ਮਿਠਾਈ ਦੀਆਂ ਦੁਕਾਨਾਂ, ਰੈਸਟੋਰੈਂਟਾਂ, ਕੇਟਰਿੰਗ ਸੇਵਾਵਾਂ ਅਤੇ ਅਜਿਹੇ ਹੋਰ ਅਦਾਰਿਆਂ ਨੂੰ ਕਵਰ ਕਰਨ ਵਾਲੀ ਇੱਕ ਵਿਆਪਕ, ਰਾਜ ਪੱਧਰੀ ਅਤੇ ਡਾਟਾ-ਆਧਾਰਿਤ ਮੁਹਿੰਮ ਰਾਹੀਂ, ਅਸੀਂ ਵਿੱਤੀ ਸਾਲ 2025-26 ਨਾਲ ਸਬੰਧਤ ਕੁੱਲ 882 ਅਦਾਰਿਆਂ ਦੀ ਪਛਾਣ ਕੀਤੀ ਹੈ।" ਵਿੱਤ ਮੰਤਰੀ ਨੇ ਅੱਗੇ ਕਿਹਾ, "ਹੋਰ ਵਿਸ਼ਲੇਸ਼ਣ ਅਤੇ ਵਿੱਤੀ ਸਾਲ 2023-24 ਅਤੇ 2024-25 ਨਾਲ ਸਬੰਧਤ ਡਾਟੇ ਨੂੰ ਸ਼ਾਮਲ ਕਰਨ ਨਾਲ, ਟਰਨਓਵਰ ਲੁਕਾਉਣ ਦਾ ਕੁੱਲ ਆਕਾਰ ਲਗਭਗ 500 ਕਰੋੜ ਰੁਪਏ ਤੱਕ ਪਹੁੰਚਣ ਦੀ ਸੰਭਾਵਨਾ ਹੈ।"

ਚੱਲ ਰਹੀ ਜਾਂਚ ਦੇ ਨਤੀਜਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਅੱਜ ਤੱਕ ਕਰਵਾਈ ਗਈ ਮੁੱਢਲੀ ਜਾਂਚ ਵਿੱਚ 239 ਮਾਮਲਿਆਂ ਦੀ ਘੋਖ ਕੀਤੀ ਗਈ ਹੈ, ਜਿਸ ਦੇ ਨਤੀਜੇ ਵਜੋਂ ਲਗਭਗ 50 ਕਰੋੜ ਰੁਪਏ ਦੀ ਟਰਨਓਵਰ ਛੁਪਾਉਣ ਦਾ ਪਤਾ ਲੱਗਾ ਹੈ।" ਉਨ੍ਹਾਂ ਅੱਗੇ ਕਿਹਾ, "ਇਸ ਚੋਰੀ ਵਿੱਚ 5% ਦੀ ਦਰ ਨਾਲ 2.54 ਕਰੋੜ ਰੁਪਏ ਦਾ ਟੈਕਸ ਸ਼ਾਮਲ ਹੈ, ਅਤੇ ਸਾਡੇ ਵਿਭਾਗ ਨੇ ਹੁਣ ਤੱਕ 2.02 ਕਰੋੜ ਰੁਪਏ ਦੀ ਵਸੂਲੀ ਯਕੀਨੀ ਬਣਾਈ ਹੈ, ਜਦਕਿ ਬਾਕੀ ਵਸੂਲੀ ਦੀ ਕਾਰਵਾਈ ਅਜੇ ਜਾਰੀ ਹੈ।" ਇੰਨ੍ਹਾਂ ਬੇਨਿਯਮੀਆਂ ਦੇ ਪੱਧਰ ਨੂੰ ਉਜਾਗਰ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਅਸੀਂ 3 ਕਰਦਾਤਾਵਾਂ ਵੱਲੋਂ 2 ਕਰੋੜ ਰੁਪਏ ਤੋਂ ਵੱਧ, 6 ਵੱਲੋਂ 1 ਕਰੋੜ ਰੁਪਏ ਤੋਂ ਵੱਧ, 18 ਵੱਲੋਂ 50 ਲੱਖ ਰੁਪਏ ਤੋਂ ਵੱਧ, 26 ਕਰਦਾਤਾਵਾਂ ਵੱਲੋਂ 25 ਲੱਖ ਰੁਪਏ ਤੋਂ ਵੱਧ, ਅਤੇ 91 ਕਰਦਾਤਾਵਾਂ ਵੱਲੋਂ 5 ਲੱਖ ਰੁਪਏ ਤੋਂ ਵੱਧ ਦੀ ਟਰਨਓਵਰ ਛੁਪਾਉਣ ਦਾ ਪਤਾ ਲਗਾਇਆ ਹੈ।" ਸੈਕਟਰ-ਵਿਸ਼ੇਸ਼ ਰੁਝਾਨਾਂ ਬਾਰੇ ਦੱਸਦਿਆਂ ਉਨ੍ਹਾਂ ਕਿਹਾ, "ਸਾਡਾ ਅਗਲਾ ਵਿਸ਼ਲੇਸ਼ਣ ਵੱਧ ਨਕਦੀ ਅਤੇ ਹਾਈਬ੍ਰਿਡ ਭੁਗਤਾਨ ਵਾਲੇ ਹਿੱਸਿਆਂ ਵਿੱਚ ਆਮਦਨ ਨੂੰ ਵਿਵਸਥਾਗਤ ਤਰੀਕੇ ਨਾਲ ਘੱਟ ਦਿਖਾਉਣ ਦੇ ਪੈਟਰਨ ਨੂੰ ਦਰਸਾਉਂਦਾ ਹੈ।" ਉਨ੍ਹਾਂ ਅੱਗੇ ਕਿਹਾ, "ਆਮਦਨ ਛੁਪਾਉਣ ਵਿੱਚ ਢਾਬਿਆਂ ਦਾ ਹਿੱਸਾ ਲਗਭਗ 10 ਕਰੋੜ ਰੁਪਏ ਹੈ, ਇਸ ਤੋਂ ਬਾਅਦ ਛੋਟੀਆਂ ਖਾਣ-ਪੀਣ ਵਾਲੀਆਂ ਥਾਵਾਂ, ਕੌਫੀ ਅਤੇ ਚਾਹ ਬਾਰਾਂ ਦਾ ਹਿੱਸਾ ਲਗਭਗ 8 ਕਰੋੜ ਰੁਪਏ, ਅਤੇ ਪੀਜ਼ਾ ਅਤੇ ਫਾਸਟ-ਫੂਡ ਆਊਟਲੈਟਸ ਦਾ ਹਿੱਸਾ 6 ਕਰੋੜ ਰੁਪਏ ਤੋਂ ਵੱਧ ਹੈ।"

ਇਸ ਕਾਰਵਾਈ ਪਿੱਛੇ ਵਰਤੀ ਗਈ ਕਾਰਜ-ਵਿਧੀ ਦੀ ਵਿਆਖਿਆ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਸਟੇਟ ਇਨਵੈਸਟੀਗੇਸ਼ਨ ਐਂਡ ਪ੍ਰੀਵੈਂਟਿਵ ਯੂਨਿਟ ਵੱਲੋਂ ਕਾਰੋਬਾਰੀ ਡਾਟੇ ਦੀ ਬਾਰੀਕੀ ਨਾਲ ਕੀਤੀ ਗਈ ਜਾਂਚ ਦੌਰਾਨ ਇਹ ਦੇਖਿਆ ਗਿਆ ਕਿ ਅਜਿਹੇ ਅਦਾਰਿਆਂ ਦੀ ਇੱਕ ਵੱਡੀ ਗਿਣਤੀ ਆਨਲਾਈਨ ਬਿਲਿੰਗ ਐਪਲੀਕੇਸ਼ਨਾਂ ਦੀ ਵਰਤੋਂ ਕਰ ਰਹੀ ਸੀ।" ਉਨ੍ਹਾਂ ਅੱਗੇ ਕਿਹਾ, "ਮੈਂ ਟੈਕਸ ਇੰਟੈਲੀਜੈਂਸ ਯੂਨਿਟ, ਸਟੇਟ ਇਨਵੈਸਟੀਗੇਸ਼ਨ ਐਂਡ ਪ੍ਰੀਵੈਂਟਿਵ ਯੂਨਿਟ ਨੂੰ, ਅਤੇ ਸਾਡੀ "ਬਿੱਲ ਲਿਆਓ, ਇਨਾਮ ਪਾਓ" ਸਕੀਮ ਦੀ ਸ਼ਾਨਦਾਰ ਸਫਲਤਾ ਨੂੰ ਇਸ ਵੱਡੇ ਪੱਧਰ 'ਤੇ ਟੈਕਸ ਚੋਰੀ ਫੜਨ ਦਾ ਪੂਰਾ ਸਿਹਰਾ ਦਿੰਦਾ ਹਾਂ।" ਉਨ੍ਹਾਂ ਅੱਗੇ ਵਿਸਥਾਰ ਦਿੰਦਿਆਂ ਕਿਹਾ, "ਜੋਖਮ ਦੇ ਮਾਪਦੰਡਾਂ, ਡਾਟਾ ਐਨਾਲਿਟਿਕਸ, ਅਤੇ ਜੀਐਸਟੀ ਰਿਟਰਨਾਂ ਦੇ ਨਾਲ ਤੁਲਨਾਤਮਕ ਵਿਸ਼ਲੇਸ਼ਣ ਦੇ ਅਧਾਰ 'ਤੇ, ਅਸੀਂ ਟਰਨਓਵਰ ਛੁਪਾਉਣ ਦੀਆਂ ਸੰਭਾਵਿਤ ਘਟਨਾਵਾਂ ਦੀ ਪਛਾਣ ਕੀਤੀ। ਅਸੀਂ ਉਸੇ ਅਨੁਸਾਰ ਸਬੰਧਤ ਆਨਲਾਈਨ ਪਲੇਟਫਾਰਮਾਂ ਨੂੰ ਲੈਣ-ਦੇਣ ਦਾ ਵਿਸਤ੍ਰਿਤ ਡਾਟਾ ਪ੍ਰਦਾਨ ਕਰਨ ਲਈ ਨਿਰਦੇਸ਼ ਦਿੱਤੇ, ਜਿਸਦੀ ਵਰਤੋਂ ਹੁਣ ਫੀਲਡ ਟੀਮਾਂ ਜ਼ਮੀਨੀ ਪੜਤਾਲ ਅਤੇ ਰਿਟਰਨਾਂ ਨਾਲ ਮੇਲ ਕਰਨ ਲਈ ਕਰ ਰਹੀਆਂ ਹਨ।"

ਸੰਤੁਲਿਤ ਕਾਰਵਾਈ 'ਤੇ ਜ਼ੋਰ ਦਿੰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਹ ਧਿਆਨ ਦੇਣ ਯੋਗ ਹੈ ਕਿ 52 ਅਦਾਰਿਆਂ ਵਿੱਚ ਕੋਈ ਵੀ ਬੇਨਿਯਮੀ ਨਹੀਂ ਪਾਈ ਗਈ, ਜੋ ਡਾਟਾ-ਆਧਾਰਿਤ ਚੋਣ 'ਤੇ ਅਧਾਰਤ ਸੰਤੁਲਿਤ ਇਨਫੋਰਸਮੈਂਟ ਤੇ ਪੜਤਾਲ ਨੂੰ ਦਰਸਾਉਂਦਾ ਹੈ।" ਅਗਲੇ ਕਦਮਾਂ ਦੀ ਰੂਪਰੇਖਾ ਉਲੀਕਦਿਆਂ ਉਨ੍ਹਾਂ ਕਿਹਾ, "ਬਾਕੀ ਰਹਿੰਦੇ ਮਾਮਲਿਆਂ ਦੀ ਸਰਗਰਮੀ ਨਾਲ ਜਾਂਚ ਅਤੇ ਬਾਰੀਕੀ ਨਾਲ ਪੜਤਾਲ ਕੀਤੀ ਜਾ ਰਹੀ ਹੈ ਤੇ ਉਮੀਦ ਹੈ ਕਿ ਪੜਤਾਲ ਤੇ ਵਸੂਲੀ ਦੀ ਇਹ ਪੂਰੀ ਪ੍ਰਕਿਰਿਆ ਇੱਕ ਮਹੀਨੇ ਦੇ ਅੰਦਰ ਮੁਕੰਮਲ ਕਰ ਲਈ ਜਾਵੇਗੀ।" ਉਨ੍ਹਾਂ ਅੱਗੇ ਕਿਹਾ, "ਜਾਂਚ ਨੂੰ ਹੋਰ ਮਜ਼ਬੂਤ ਕਰਨ ਲਈ, ਵਿਭਾਗ ਯੂਪੀਆਈ ਲੈਣ-ਦੇਣ ਦਾ ਡਾਟਾ ਅਤੇ ਹੋਰ ਡਿਜੀਟਲ ਭੁਗਤਾਨਾਂ ਦੇ ਰਿਕਾਰਡ ਪ੍ਰਾਪਤ ਕਰਨ ਦੀ ਪ੍ਰਕਿਰਿਆ ਵਿੱਚ ਹੈ, ਜੋ ਰਿਪੋਰਟ ਕੀਤੀ ਗਈ ਟਰਨਓਵਰ ਦੇ ਨਾਲ ਅਸਲ ਪ੍ਰਾਪਤੀਆਂ ਦੇ ਡੂੰਘੇ ਮਿਲਾਣ ਨੂੰ ਸਮਰੱਥ ਬਣਾਏਗਾ, ਜਿਸ ਨਾਲ ਟੈਕਸ ਚੋਰੀ ਫੜਨ ਦੀ ਸ਼ੁੱਧਤਾ ਵਿੱਚ ਵਾਧਾ ਹੋਵੇਗਾ।" ਉਲੰਘਣਾ ਕਰਨ ਵਾਲਿਆਂ ਨੂੰ ਸਪੱਸ਼ਟ ਚੇਤਾਵਨੀ ਜਾਰੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਭਗਵੰਤ ਮਾਨ ਸਰਕਾਰ ਕਰ ਅਦਾਇਗੀ ਨੂੰ ਯਕੀਨੀ ਬਣਾਉਣ ਅਤੇ ਸੂਬੇ ਦੇ ਮਾਲੀਏ ਦੀ ਰਾਖੀ ਲਈ ਤਕਨਾਲੋਜੀ, ਡਾਟਾ ਐਨਾਲਿਟਿਕਸ ਅਤੇ ਤਾਲਮੇਲ ਵਾਲੀ ਫੀਲਡ ਇਨਫੋਰਸਮੈਂਟ ਦਾ ਲਾਭ ਉਠਾਉਣ ਲਈ ਵਚਨਬੱਧ ਹੈ।" ਉਨ੍ਹਾਂ ਜ਼ੋਰ ਦੇ ਕੇ ਕਿਹਾ, "ਕਰ ਚੋਰੀ ਦੇ ਸਾਰੇ ਮਾਮਲਿਆਂ ਵਿੱਚ ਸਖ਼ਤ ਕਾਰਵਾਈ ਕੀਤੀ ਜਾਵੇਗੀ, ਜਦੋਂ ਕਿ ਕਰ ਨਿਯਮਾਂ ਦੀ ਪਾਲਣਾ ਕਰਨ ਵਾਲੇ ਟੈਕਸਦਾਤਾਵਾਂ ਨੂੰ ਸਹੂਲਤਾਂ ਮਿਲਦੀਆਂ ਰਹਿਣਗੀਆਂ।"

### ਨਵੇਂ ਕਣਕ ਖ਼ਰੀਦ ਸੀਜ਼ਨ ਲਈ ਖ਼ੁਰਾਕ, ਸਿਵਲ ਸਪਲਾਈ ਤੇ ਖ਼ਪਤਕਾਰ ਮਾਮਲੇ ਵਿਭਾਗ ਵੱਲੋਂ ਤਿਆਰੀਆਂ ਮੁਕੰਮਲ

# ਸੂਬੇ ਦੀਆਂ ਮੰਡੀਆਂ 'ਚ ਬਾਹਰਲੇ ਰਾਜਾਂ ਤੋਂ ਕਣਕ ਦੀ ਵਿਕਰੀ ਨਾ ਹੋਣ ਨੂੰ ਯਕੀਨੀ ਬਣਾਉਣ ਲਈ ਬਾਜ਼ ਅੱਖ ਰੱਖੀ ਜਾਵੇ : ਕਟਾਰੂਚੱਕ

ਚੰਡੀਗੜ੍ਹ, 30 ਮਾਰਚ (ਚ.ਨ.ਸ.): ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ (ਡੀ.ਐਫ.ਐਸ.ਸੀ) ਨੂੰ ਸੂਬੇ ਦੀਆਂ ਮੰਡੀਆਂ ਵਿੱਚ ਬਾਹਰਲੇ ਰਾਜਾਂ ਤੋਂ ਕਣਕ ਦੀ ਵਿਕਰੀ 'ਤੇ ਬਾਜ਼ ਅੱਖ ਰੱਖਣ ਦੇ ਨਿਰਦੇਸ਼ ਦਿੰਦਿਆਂ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਇਸ ਸਬੰਧੀ ਖਾਸ ਕਰਕੇ ਸਰਹੱਦੀ ਜ਼ਿਲ੍ਹਿਆਂ ਵਿੱਚ ਸਖ਼ਤ ਨਿਗਰਾਨੀ ਰੱਖਣ ਲਈ ਕਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋ ਰਹੇ ਕਣਕ ਦੇ ਖਰੀਦ ਸੀਜ਼ਨ ਨੂੰ ਬਿਨਾਂ ਕਿਸੇ ਮੁਸ਼ਕਿਲ ਦੇ ਨੇਪਰੇ ਚਾੜ੍ਹਨ ਦੇ ਸੰਕਲਪ ਨੂੰ ਦੁਹਰਾਉਂਦਿਆਂ ਕੈਬਨਿਟ ਮੰਤਰੀ ਨੇ ਡੀ.ਐਫ.ਐਸ.ਸੀਜ਼ ਨੂੰ ਨਿੱਜੀ ਤੌਰ 'ਤੇ ਮੰਡੀਆਂ ਦਾ ਦੌਰਾ ਕਰਕੇ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਖਰੀਦ ਸੀਜ਼ਨ ਦੌਰਾਨ ਕੋਈ ਵੀ ਕੁਤਾਹੀ ਨਾ ਹੋਵੇ।

ਡੀ.ਐਫ.ਐਸ.ਸੀਜ਼ ਅਤੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਵਿੱਚ ਆਉਣ ਵਾਲੇ ਖਰੀਦ ਸੀਜ਼ਨ ਦੀਆਂ ਤਿਆਰੀਆਂ ਦੀ ਸਮੀਖਿਆ ਕਰਦਿਆਂ ਕਟਾਰੂਚੱਕ ਨੇ ਅਧਿਕਾਰੀਆਂ ਨੂੰ ਹਰੇਕ ਮੰਡੀ ਵਿੱਚ ਸਾਫ਼-ਸਫ਼ਾਈ, ਬਿਜਲੀ ਅਤੇ ਪੀਣ ਵਾਲੇ ਸਾਫ਼ ਪਾਣੀ ਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਹੁਕਮ ਦਿੱਤੇ। ਕੈਬਨਿਟ ਮੰਤਰੀ ਨੂੰ ਦੱਸਿਆ ਗਿਆ ਕਿ ਸੂਬੇ ਨੂੰ ਅਪ੍ਰੈਲ ਮਹੀਨੇ ਲਈ 30973 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ.ਸੀ.ਐਲ.) ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸੂਬੇ ਕੋਲ 122 ਲੱਖ ਮੀਟ੍ਰਿਕ ਟਨ (ਐਲਐਮਟੀ) ਕਣਕ ਦੀ ਖ਼ਰੀਦ ਦਾ ਟੀਚਾ ਹੈ। ਹਾਲਾਂਕਿ ਵਿਭਾਗ ਵੱਲੋਂ 132 ਐਲ.ਐਮ.ਟੀ. ਕਣਕ ਦੀ ਖਰੀਦ ਲਈ ਵਿਆਪਕ ਪ੍ਰਬੰਧ ਕੀਤੇ



ਗਏ ਹਨ।

ਇਨ੍ਹਾਂ ਤਿਆਰੀਆਂ ਦੇ ਹਿੱਸੇ ਵਜੋਂ 1897 ਖਰੀਦ ਕੇਂਦਰਾਂ ਨੂੰ ਨੋਟੀਫਾਈ ਕੀਤਾ ਗਿਆ ਹੈ ਤੇ ਜ਼ਿਲ੍ਹਾ ਪੱਧਰੀ ਖਰੀਦ ਕਮੇਟੀਆਂ (ਡੀ.ਐਲ.ਪੀ.ਸੀਜ਼) ਤੋਂ ਹੋਰ 266 ਆਰਜ਼ੀ ਯਾਰਡਾਂ ਲਈ ਪ੍ਰਸਤਾਵ ਹਾਸਿਲ ਹੋਏ ਹਨ। ਬਾਰਦਾਨੇ ਦੇ ਮੁੱਦੇ 'ਤੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਡੀ.ਐਫ.ਐਸ.ਸੀਜ਼ ਨੂੰ ਮੰਡੀਆਂ ਵਿੱਚ ਬਾਰਦਾਨੇ ਦੀ ਢੁਕਵੀਂ ਉਪਲਬਧਤਾ ਨੂੰ ਯਕੀਨੀ ਬਣਾਉਣ ਵਾਸਤੇ ਅੱਗੇ ਇਸਦੀ ਜ਼ਿੰਮੇਵਾਰੀ ਇੰਸਪੈਕਟਰਾਂ ਨੂੰ ਸੌਂਪਣ ਲਈ ਕਿਹਾ। ਫ਼ਸਲ ਦੇ ਭੰਡਾਰਨ ਵਾਲੀ ਥਾਂ ਦੇ ਮੁੱਦੇ 'ਤੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਪਿਛਲੇ ਸੀਜ਼ਨਾਂ ਦੀ ਉਪਜ ਨੂੰ ਚੁੱਕਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਨਿਯਮਿਤ ਅੰਤਰਾਲਾਂ 'ਤੇ ਕੇਂਦਰ ਸਰਕਾਰ ਕੋਲ ਇਹ ਮਾਮਲਾ ਉਠਾਇਆ ਗਿਆ ਹੈ ਤਾਂ ਜੋ ਆਉਣ ਵਾਲੇ ਸੀਜ਼ਨਾਂ ਦੀ ਉਪਜ ਲਈ ਢੁਕਵੀਂ ਜਗ੍ਹਾ ਦੀ ਉਪਲੱਬਧਾ ਨੂੰ ਯਕੀਨੀ ਬਣਾਇਆ ਜਾ ਸਕੇ।

ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਤਰਪਾਲਾਂ, ਲੱਕੜ ਦੇ ਕਰੇਟ ਆਦਿ ਦੇ ਸਬੰਧ ਵਿੱਚ ਪੁਖਤਾ ਪ੍ਰਬੰਧਾਂ ਨੂੰ ਵੀ ਯਕੀਨੀ ਬਣਾਉਣ ਲਈ ਕਿਹਾ ਹੈ। ਇਸਦੇ ਨਾਲ ਹੀ ਉਨ੍ਹਾਂ ਨੇ ਪੈਟਰੋਲ, ਡੀਜ਼ਲ ਅਤੇ ਐਲਪੀਜੀ ਸਪਲਾਈ ਦੇ ਮੁੱਦੇ 'ਤੇ ਭਰੋਸਾ ਦਿੱਤਾ ਅਤੇ ਕਿਹਾ ਕਿ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਇਨ੍ਹਾਂ ਵਸਤਾਂ ਦੀ ਸਪਲਾਈ ਨੂੰ ਕਾਇਮ ਰੱਖਣ ਲਈ ਤੇਲ ਮਾਰਕੀਟਿੰਗ ਕੰਪਨੀਆਂ ਨਾਲ ਤਾਲਮੇਲ ਰੱਖ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਸਪਲਾਈ ਦੀ ਨਿਗਰਾਨੀ ਅਤੇ ਜਨਤਾ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਇੱਕ ਰਾਜ ਪੱਧਰੀ ਕੰਟਰੋਲ ਰੂਮ ਨੰਬਰ 0172-2233001 ਸ਼ੁਰੂ ਕੀਤਾ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਤੇ ਅਜੈਵੀਰ ਸਿੰਘ ਸਰਾਓ ਮੌਜੂਦ ਸਨ।

# ਗੈਂਗਸਟਰਾਂ 'ਤੇ ਵਾਰ ਦੇ 69ਵੇਂ ਦਿਨ 455 ਥਾਵਾਂ ਉੱਤੇ ਛਾਪੇਮਾਰੀ ਦੌਰਾਨ 162 ਕਾਬੂ

ਚੰਡੀਗੜ੍ਹ, 30 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 69ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 455 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 69ਵੇਂ ਦਿਨ, ਪੁਲਿਸ ਟੀਮਾਂ ਨੇ 162 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ 1 ਹਥਿਆਰ ਬਰਾਮਦ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 17,836 ਹੋ ਗਈ ਹੈ। ਇਸ ਤੋਂ ਇਲਾਵਾ 54 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 107 ਵਿਅਕਤੀਆਂ ਨੂੰ ਤਫਤੀਸ਼ ਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ / ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 394ਵੇਂ ਦਿਨ ਵੀ ਜਾਰੀ ਰੱਖਦਿਆਂ 91 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 837 ਗ੍ਰਾਮ ਹੈਰੋਇਨ, 2.6 ਕਿਲੋ ਅਫੀਮ, 198 ਨਸ਼ੀਲੀਆਂ ਗੋਲੀਆਂ/ਕੈਪਸੂਲ ਤੇ 2500 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 394 ਦਿਨਾਂ ਵਿੱਚ ਗ੍ਰਿਫਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 56,193 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 24 ਵਿਅਕਤੀਆਂ ਨੂੰ ਨਸ਼ਾ ਛੁਡਾਊ ਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਦਿਵਿਆਂਗ ਵਿਅਕਤੀਆਂ ਤੇ ਆਂਗਨਵਾੜੀ ਵਰਕਰਾਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਸਰਕਾਰ ਵਚਨਬੱਧ : ਡਾ. ਬਲਜੀਤ ਕੌਰ

ਚੰਡੀਗੜ੍ਹ, 30 ਮਾਰਚ (ਅੰਮ੍ਰਿਤਪਾਲ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹੋਰ ਵਰਗਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਉਥੇ ਹੀ ਦਿਵਿਆਂਗ ਵਿਅਕਤੀਆਂ ਅਤੇ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਲਾਈ ਲਈ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗ ਵਿਅਕਤੀਆਂ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਸਮੱਸਿਆਵਾਂ ਨੂੰ



ਗੰਭੀਰਤਾ ਨਾਲ ਸੁਣ ਕੇ ਉਨ੍ਹਾਂ ਦਾ ਜਲਦ ਅਤੇ ਪ੍ਰਭਾਵਸ਼ਾਲੀ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਪੰਜਾਬ ਭਵਨ, ਚੰਡੀਗੜ੍ਹ ਵਿਖੇ ਦਿਵਿਆਂਗ ਯੂਨੀਅਨਾਂ ਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਯੂਨੀਅਨਾਂ ਨਾਲ ਮੀਟਿੰਗ ਦੀ ਅਗਵਾਈ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਦੋਵੇਂ ਵਰਗ ਰਾਜ ਦੇ ਸਮਾਜਿਕ ਭਲਾਈ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿੱਥੇ ਆਂਗਣਵਾੜੀ ਵਰਕਰ ਅਤੇ ਹੈਲਪਰ ਬੱਚਿਆਂ ਤੇ ਮਹਿਲਾਵਾਂ ਦੀ ਭਲਾਈ ਲਈ ਜ਼ਮੀਨੀ ਪੱਧਰ 'ਤੇ ਮਹੱਤਵਪੂਰਨ ਸੇਵਾਵਾਂ ਦੇ ਰਹੇ ਹਨ, ਉੱਥੇ ਦਿਵਿਆਂਗ ਵਿਅਕਤੀਆਂ ਦੀ ਭਲਾਈ ਤੇ ਸਸ਼ਕਤੀਕਰਨ ਵੀ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

ਮੰਤਰੀ ਨੇ ਦੱਸਿਆ ਕਿ ਮੀਟਿੰਗ ਦੌਰਾਨ ਯੂਨੀਅਨਾਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਗਿਆ ਤੇ ਵਿਭਾਗ ਤੇ ਯੂਨੀਅਨਾਂ ਦਰਮਿਆਨ ਸਾਰਥਕ ਚਰਚਾ ਹੋਈ। ਉਨ੍ਹਾਂ ਕਿਹਾ ਕਿ ਜਿਹੜੀਆਂ ਮੰਗਾਂ ਵਿਭਾਗੀ ਪੱਧਰ 'ਤੇ ਹੱਲ ਹੋ ਸਕਦੀਆਂ ਹਨ, ਉਨ੍ਹਾਂ ਨੂੰ ਤੁਰੰਤ ਨਿਪਟਾਇਆ ਜਾਵੇਗਾ, ਜਦਕਿ ਹੋਰ ਮਸਲਿਆਂ ਨੂੰ ਸਰਕਾਰ ਪੱਧਰ 'ਤੇ ਟੇਕ-ਅੱਪ ਕਰਕੇ ਜਲਦ ਹੱਲ ਕਰਨ ਲਈ ਯਤਨ ਕੀਤੇ ਜਾਣਗੇ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ-ਕੇਂਦਰਿਤ ਪਹੁੰਚ ਨਾਲ ਕਲਿਆਣਕਾਰੀ ਵਰਗਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਆਂਗਣਵਾੜੀ ਵਰਕਰਾਂ, ਹੈਲਪਰਾਂ ਅਤੇ ਦਿਵਿਆਂਗ ਵਿਅਕਤੀਆਂ ਦੀਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਉਨ੍ਹਾਂ ਦੀ ਭਲਾਈ ਲਈ ਹੋਰ ਠੋਸ ਕਦਮ ਚੁੱਕੇ ਜਾਣਗੇ। ਇਸ ਮੌਕੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਸਕੱਤਰ ਗੁਰਕੀਰਤ ਕ੍ਰਿਪਾਲ ਸਿੰਘ, ਡਾਇਰੈਕਟਰ ਸ਼ੇਨਾ ਅਗਰਵਾਲ, ਡਿਪਟੀ ਡਾਇਰੈਕਟਰਾਂ ਸਮੇਤ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# 243ਵੇਂ ਦਿੱਲੀ ਫ਼ਤਿਹ ਦਿਵਸ ਸਮਾਗਮ ਦੇ ਦੂਜੇ ਦਿਨ ਜਰਨੈਲੀ ਮਾਰਚ ਸਜਾਇਆ

ਨਵੀਂ ਦਿੱਲੀ, 30 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 243ਵੇਂ ਦਿੱਲੀ ਫਤਿਸ ਸਮਾਗਮਾਂ ਮੌਕੇ ਲਾਲ ਕਿਲ੍ਹੇ 'ਤੇ ਕੀਤੇ ਜਾ ਰਹੇ ਸਮਾਗਮਾਂ ਦੀ ਲੜੀ ਵਿਚ ਦੂਜੇ ਦਿਨ ਗੁਰਦੁਆਰਾ ਮਜਨੂੰ ਕਾ ਟਿੱਲਾ ਸਾਹਿਬ ਤੋਂ ਲਾਲ ਕਿਲ੍ਹੇ ਤੱਕ ਜਰਨੈਲੀ ਮਾਰਚ ਸਜਾਇਆ ਗਿਆ ਜੋ ਪੂਰੀ ਸ਼ਾਨੋ ਸ਼ੋਕਤ ਤੇ ਜਾਹੋ ਜਲਾਲ ਨਾਲ ਸੰਪੰਨ ਹੋਇਆ।



ਇਸ ਜਰਨੈਲੀ ਮਾਰਚ ਵਿਚ ਨਹਿੰਗ ਸਿੰਘ ਜਥੇਬੰਦੀਆਂ ਦੇ ਨਾਲ-ਨਾਲ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀ ਤੇ ਦਲ ਪੰਥ ਦੀਆਂ ਹੋਰ ਨੁਮਾਇੰਦਾ ਜਥੇਬੰਦੀਆਂ ਸ਼ਾਮਲ ਹੋਈਆਂ। ਲਾਲ ਕਿਲ੍ਹੇ 'ਤੇ ਹੋਏ ਸ਼ਾਨਦਾਰ ਸਮਾਗਮ ਵਿਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀਆਂ ਨੇ ਸਾਰੇ 10 ਗੁਰੂ ਸਾਹਿਬਾਨ ਦੇ ਜੀਵਨ ਨਾਲ ਸਬੰਧਤ ਪੇਸ਼ਕਾਰੀਆਂ ਦਿੱਤੀਆਂ ਜਦੋਂ ਨਿਹੰਗ ਸਿੰਘ ਜੱਥੇਬੰਦੀਆਂ ਦੇ ਮੈਂਬਰਾਂ ਨੇ ਕੌਤਬ ਵਿਖਾਏ।

ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਦੋ ਰੋਜ਼ਾ ਦਿੱਲੀ ਫਤਿਹ ਦਿਵਸ ਸਮਾਗਮ ਆਯੋਜਿਤ ਕਰਨ ਵਿਚ ਦਿੱਲੀ ਦੀਆਂ ਸੰਗਤਾਂ ਦੇ ਨਾਲ-ਨਾਲ ਦੇਸ਼ ਵਿਦੇਸ਼ ਤੋਂ ਸੰਗਤਾਂ ਨੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਵਡਮੁੱਲਾ ਸਹਿਯੋਗ ਦਿੱਤਾ ਹੈ ਜਿਸ ਵਾਸਤੇ ਉਹ ਧੰਨਵਾਦੀ ਹਨ। ਉਹਨਾਂ ਕਿਹਾ ਕਿ ਦਿੱਲੀ ਦੇ ਇਤਿਹਾਸ ਵਿਚ ਇਹ ਦਿਹਾੜਾ ਬਹੁਤ ਹੀ ਅਹਿਮੀਅਤ ਰੱਖਦਾ ਹੈ ਤੇ ਇਸਨੂੰ ਮਨਾ ਕੇ ਸਾਡੀ ਨੌਜਵਾਨ ਪੀੜੀ ਨੂੰ ਆਪਣੇ ਇਤਿਹਾਸ ਤੋਂ ਜਾਣੂ ਕਰਵਾਉਣਾ ਬਹੁਤ ਜ਼ਰੂਰੀ ਹੈ।

ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਮੌਜੂਦਾ ਕੈਬਨਿਟ ਮੰਤਰੀ ਦਿੱਲੀ ਸਰਕਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਤਿੰਨ ਮਹਾਨ ਸਿੱਖ ਜਰਨੈਲਾਂ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਸਮੇਤ ਹੋਰ ਸਿੱਖ ਜਰਨੈਲਾਂ ਵੱਲੋਂ ਦਿੱਲੀ ਫ਼ਤਿਹ ਕਰਨ ਦਾ ਇਤਿਹਾਸ ਘਰ-ਘਰ ਪਹੁੰਚਾਉਣਾ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਸਿੱਖ ਜਰਨੈਲਾਂ ਦੀ ਬਦੌਲਤ ਹੀ ਅੱਜ ਸੰਗਤਾਂ ਦਿੱਲੀ ਵਿਚ ਗੁਰਦੁਆਰਾ ਸੀਸਗੰਜ ਸਾਹਿਬ, ਗੁਰਦੁਆਰਾ ਰਕਾਬਗੰਜ ਸਾਹਿਬ ਤੇ ਗੁਰਦੁਆਰਾ ਬੰਗਲਾ ਸਾਹਿਬ ਦੇ ਦਰਸ਼ਨ ਕਰ ਰਹੀਆਂ ਹਨ। ਉਹਨਾਂ ਕਿਹਾ ਕਿ ਮਹਾਨ ਜਰਨੈਲਾਂ ਨੇ ਹੀ ਗੁਰੂ ਘਰਾਂ ਵਾਸਤੇ ਜ਼ਮੀਨਾਂ ਦੀ ਨਿਸ਼ਾਨਦੇਹੀ ਕਰਵਾਈ ਸੀ ਜਿਸ ਵਾਸਤੇ ਸਾਰੀ ਸਿੱਖ ਕੌਮ ਹੀ ਨਹੀਂ ਬਲਕਿ ਸਮੁੱਚੀ ਮਨੁੱਖਤਾ ਉਹਨਾਂ ਦੀ ਹਮੇਸ਼ਾ ਕਰਜ਼ਦਾਰ ਰਹੇਗੀ।

ਇਸ ਮੌਕੇ ਕਮੇਟੀ ਵੱਲੋਂ ਮਨਜਿੰਦਰ ਸਿੰਘ ਸਿਰਸਾ, ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ, ਬਾਬਾ ਬਲਜੀਤ ਸਿੰਘ ਦਾਦੂਵਾਲ, ਬਾਬਾ ਮੇਜਰ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਜੋਗਾ ਸਿੰਘ ਕਰਨਾਲ ਵਾਲੇ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਦਾ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ ਜਿਹਨਾਂ ਨੇ ਹਮੇਸ਼ਾ ਦਿੱਲੀ ਫਤਿਹ ਦਿਵਸ ਤੇ ਹੋਰ ਸਮਾਗਮਾਂ ਵਾਸਤੇ ਕਮੇਟੀ ਨੂੰ ਸਹਿਯੋਗ ਦਿੱਤਾ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਸ ਕੀਤਾ ਬਜਟ ਪੂਰੀ ਤਰ੍ਹਾਂ ਦਿਸ਼ਾਹੀਣ : ਬਰਸਟ

ਚੰਡੀਗੜ੍ਹ, 30 ਮਾਰਚ (ਚ.ਨ.ਸ.): ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 1487 ਕਰੋੜ 41 ਲੱਖ ਰੁਪਏ ਦਾ ਜੋ ਬਜਟ ਪਾਸ ਕੀਤਾ ਗਿਆ ਹੈ, ਉਹ ਸੰਗਤ ਦੀਆਂ ਭਾਵਨਾਵਾਂ ਦੀਆਂ ਤਰਜ਼ਮਾਨੀ ਨਹੀਂ ਕਰਦਾ ਹੈ ਕਿਉਂਕਿ ਇਸ ਬਜਟ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਸ਼ਤਾਬਦੀ ਸਮਾਰੋਹ ਮਨਾਉਣ ਲਈ ਕੋਈ ਵੀ ਫੰਡ ਨਹੀਂ ਰੱਖਿਆ ਗਿਆ। ਗੁਰੂ ਰਵਿਦਾਸ ਜੀ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਮਨੁੱਖਤਾਂ ਨੂੰ ਸੇਧ ਦੇਣ ਵਾਲੀ ਉਹ ਪਵਿੱਤਰ ਬਾਣੀ ਹੈ, ਜਿਸ ਤੋਂ ਸ੍ਰੀ ਗੁਰੂ ਨਾਨਕ ਜੀ ਵੀ ਪ੍ਰਭਾਵਿਤ ਹੋਏ ਸਨ। ਸ੍ਰੀ ਗੁਰੂ ਰਵਿਦਾਸ ਜੀ ਨੇ ਜਾਤ, ਧਰਮ, ਨਸਲ ਅਤੇ ਫਿਰਕਾ ਪ੍ਰਸਤੀ ਤੋਂ ਉੱਪਰ ਉੱਠ ਕੇ ਸਭ ਮਨੁੱਖਾਂ ਨੂੰ ਬਰਾਬਰਤਾਂ ਦਾ ਸੰਦੇਸ਼ ਦਿੱਤਾ। ਗੁਰੂ ਰਵਿਦਾਸ ਜੀ ਦੇ 650ਵੇਂ ਸ਼ਤਾਬਦੀ ਸਮਾਗਮਾਂ ਨੂੰ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੋਈ ਸੁਚੱਜੇ ਉਪਰਾਲੇ ਨਹੀਂ ਕੀਤੇ ਜਾ ਰਹੇ। ਪਿਛਲੇ ਲੰਮੇ ਸਮੇ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਨਾ ਹੋਣ ਕਾਰਨ ਮਿਆਦ ਪੂਰੀ ਕਰ ਚੁੱਕੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 147 ਵਿੱਚੋਂ ਕੇਵਲ 85 ਮੈਂਬਰ ਹੀ ਬਜਟ ਸੈਸ਼ਨ ਸਮੇਂ ਹਾਜ਼ਰ ਰਹੇ। ਇਸ ਤੋਂ ਸੰਸਥਾ ਨੂੰ ਕੰਟਰੋਲ ਕਰ ਰਹੇ ਮੈਂਬਰਾਂ ਦੀ ਗੰਭੀਰਤਾ ਵੀ ਨਜ਼ਰ ਆਉਂਦੀ ਹੈ। ਜੋ ਕੀ ਬਜਟ ਸੈਸ਼ਨ ਸਮੇਂ ਵੀ ਆਪਣੇ ਵਿਚਾਰ ਨਹੀਂ ਰੱਖ ਸਕਦੇ ਉਹ ਮੈਂਬਰ ਰਹਿਣ ਦੇ ਹੱਕਦਾਰ



ਨਹੀਂ ਹੋ ਸਕਦੇ। ਬਾਦਲਾਂ ਵੱਲੋਂ ਕੰਟਰੋਲ ਕੀਤੀ ਜਾ ਰਹੀ ਪ੍ਰਾਈਵੇਟ ਸੰਸਥਾ ਮੀਰੀ-ਪੀਰੀ ਕਾਲਜ ਨੂੰ 8 ਕਰੋੜ ਦੀ ਸਹਾਇਤਾ ਦੇਣਾ ਵੀ ਸ਼੍ਰੋਮਣੀ ਕਮੇਟੀ ਦੀ ਨਿਰਪੱਖਤਾ ਤੇ ਸਵਾਲ ਪੈਦਾ ਕਰਦਾ ਹੈ।

ਧਰਮ ਪ੍ਰਚਾਰ ਲਈ ਜੋ 120 ਕਰੋੜ ਰੁਪਏ ਰੱਖੇ ਗਏ ਹਨ, ਇਹ ਬਹੁਤ ਵੱਡੀ ਰਕਮ ਹੈ। ਧਰਮ ਪ੍ਰਚਾਰ ਦੇ ਨਾਂ ਤੇ ਪੈਸੇ ਦੀ ਹਮੇਸ਼ਾ ਦੁਰਵਰਤੋਂ ਦੇ ਇਲਜ਼ਾਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਲਗਦੇ ਰਹੇ ਹਨ। ਸਿੱਖ ਬੱਚਿਆਂ ਲਈ ਚੰਗੀ ਵਿੱਦਿਆ ਦੇਣ ਅਤੇ ਮੌਜੂਦਾ ਸਮੇਂ ਅਨੁਸਾਰ ਨਵੀਂ ਤਕਨੀਕ ਨਾਲ ਜੋੜਨ ਲਈ ਕੋਈ ਫੰਡ ਨਹੀਂ ਰੱਖਿਆ ਗਿਆ। ਬਜਟ ਵਿੱਚੋਂ ਵੱਡੀ ਰਕਮ ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਲਈ ਹੀ ਰੱਖੀ ਗਈ ਹੈ। ਗਰੀਬ ਸਿੱਖ ਬੱਚਿਆਂ ਨੂੰ ਵਿੱਦਿਆ ਦੇਣ ਲਈ ਕੋਈ ਉਪਰਾਲਾ ਨਹੀਂ ਕੀਤਾ ਜਾ ਰਿਹਾ। ਵਾਤਾਵਰਣ ਨੂੰ ਸੰਭਾਲਣ ਅਤੇ ਮੋਜੂਦਾ ਹਾਲਾਤਾਂ ਦਾ ਟਾਕਰਾ ਕਰਨ ਲਈ ਵੀ ਕੋਈ ਫੰਡ ਨਹੀਂ ਰੱਖਿਆ ਗਿਆ। ਸ਼੍ਰੋਮਣੀ ਕਮੇਟੀ ਦਾ ਇਹ ਬਜਟ ਦਿਸ਼ਾਹੀਣ ਹੈ ਅਤੇ ਗੁਰੂ ਦੀ ਸੰਗਤ ਵੱਲੋਂ ਚੜ੍ਹਾਏ ਜਾ ਰਹੇ ਚੜ੍ਹਾਵੇ ਦੀ ਦੁਰਵਰਤੋਂ ਦਾ ਸਪਸ਼ਟ ਏਜੰਡਾ ਹੈ।

ਜਿੰਨੀ ਆਮਦਨ ਗੁਰਦੁਆਰਾ ਸਾਹਿਬਾਨ ਤੋਂ ਹੁੰਦੀ ਹੈ, ਉਨੀ ਆਮਦਨ ਨਾਲ ਜੇਕਰ ਕੋਈ ਲੋਕ ਭਲਾਈ ਦੇ ਕਾਰਜ ਕੀਤੇ ਜਾਣ, ਜਿਸ ਵਿੱਚ ਵਿੱਦਿਆ, ਸਿਹਤ ਸੇਵਾਵਾਂ ਅਤੇ ਵਾਤਾਵਰਣ ਸੰਭਾਲ ਅਤੇ ਹੋਰ ਲੋਕ ਭਲਾਈ ਦੇ ਕੰਮ ਹੋਣ ਤਾਂ ਸੰਗਤ ਆਪਣੇ ਆਪ ਸਿੱਖ ਵਿਚਾਰਧਾਰਾ ਨਾਲ ਜੁੜੇਗੀ ਕਿਉਂਕਿ ਸੰਗਤ ਕੰਮ ਦੇਖਦੀ ਹੈ, ਬਿਆਨਬਾਜ਼ੀ ਨਹੀਂ। ਇਸ ਲਈ ਫੋਕੀ ਬਿਆਨਬਾਜੀ ਦੀ ਬਜਾਏ ਸਾਰਥਕ ਕੰਮ ਕਰਕੇ ਸਿੱਖ ਸੰਸਥਾਵਾਂ ਦਾ ਘੇਰਾ ਵਧਾ ਕੇ ਸਰਬੱਤ ਦੇ ਭਲੇ ਦੇ ਕਾਰਜ ਕਰਕੇ ਹੀ ਸਿੱਖੀ ਪ੍ਰਫੁਲਤ ਹੋ ਸਕਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਰਗੀ ਸਿਰਮੌਰ ਸੰਸਥਾ ਵਿੱਚ ਹੁੰਦੇ ਘਪਲਿਆਂ ਅਤੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਕੋਈ ਉਪਰਾਲੇ ਨਹੀਂ ਕੀਤੇ ਜਾ ਰਹੇ ਹਨ। ਇਸ ਲਈ ਇਹ ਬਜਨ ਦਿਸ਼ਾਹੀਣ ਹੈ। ਸ਼੍ਰੋਮਣੀ ਕਮੇਟੀ ਦੇ ਮੈਂਬਰ ਆਪਣੇ ਅੰਦਰ ਝਾਤੀ ਮਾਰਨ। ਕੇਂਦਰ ਸਰਕਾਰ ਇਸ ਸੰਸਥਾਂ ਦੀ ਚੋਣ ਜਲਦੀ ਕਰਵਾਏ ਤਾਂ ਜੋ ਇੰਨੀ ਵੱਡੀ ਸੰਸਥਾ ਦਾ ਵਕਾਰ ਮੁੜ ਲੋਕਾਂ ਦੀ ਸੇਵਾ ਲਈ ਵਰਤਿਆ ਜਾ ਸਕੇ।



**ਸੰਪਾਦਕੀ**

# ਯੁੱਧ ਦਾ ਪ੍ਰਭਾਵ ਰਸੋਈ ਤੱਕ

ਜਿਵੇਂ-ਜਿਵੇਂ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਯੁੱਧ ਤੋਂ ਪੈਦਾ ਹੋਏ ਸੰਕਟ ਦਾ ਪ੍ਰਭਾਵ ਫੈਲਦਾ ਜਾ ਰਿਹਾ ਹੈ, ਇਹ ਸਪੱਸ਼ਟ ਹੁੰਦਾ ਜਾ ਰਿਹਾ ਹੈ ਕਿ ਆਮ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੋਣਗੇ। ਬਜ਼ਾਰ ਵਿੱਚ ਵਸਤੂਆਂ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧੇ ਨੇ ਬਹੁਤ ਸਾਰੇ ਲੋਕਾਂ ਨੂੰ ਇਹ ਸੋਚਣ ਲਈ ਮਜਬੂਰ ਕਰ ਦਿੱਤਾ ਹੈ ਕਿ ਜੰਗ ਕਦੋਂ ਖਤਮ ਹੋਵੇਗੀ ਅਤੇ ਆਮ ਸਥਿਤੀ ਕਦੋਂ ਵਾਪਸ ਆਵੇਗੀ, ਭਾਵੇਂ ਉਹ ਰੋਜ਼ਾਨਾ ਜ਼ਰੂਰੀ ਚੀਜ਼ਾਂ ਦੀ ਖਰੀਦਦਾਰੀ ਕਰਦੇ ਹੋਣ। ਖਾਸ ਕਰਕੇ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀ ਉਪਲਬਧਤਾ ਸਬੰਧੀ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਆਮ ਸਥਿਤੀ ਬਣਾਈ ਰੱਖਣਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ। ਇਸ ਦਿਸ਼ਾ ਵਿੱਚ ਕਦਮ ਚੁੱਕਦੇ ਹੋਏ, ਸਰਕਾਰ ਨੇ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਵਿੱਚ ਦਸ ਰੁਪਏ ਪ੍ਰਤੀ ਐਕਸਾਈਜ਼ ਡਿਊਟੀ ਘਟਾ ਦਿੱਤੀ ਹੈ। ਜਿੱਥੇ ਇਸ ਨਾਲ ਸਿਰਫ ਤੇਲ ਕੰਪਨੀਆਂ ਨੂੰ ਰਾਹਤ ਮਿਲੇਗੀ, ਉੱਥੇ ਇਹ ਵੀ ਉਮੀਦ ਕੀਤੀ ਜਾ ਰਹੀ ਹੈ ਕਿ ਆਮ ਲੋਕਾਂ ਲਈ ਉਪਲਬਧ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਫਿਲਹਾਲ ਸਥਿਰ ਰਹਿ ਸਕਦੀਆਂ ਹਨ। ਹਾਲਾਂਕਿ, ਈਰਾਨ ਵਿਰੁੱਧ ਇਜ਼ਰਾਈਲੀ ਅਤੇ ਅਮਰੀਕੀ ਹਮਲਿਆਂ ਤੋਂ ਬਾਅਦ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀ ਸਪਲਾਈ ਵਿੱਚ ਵਿਘਨ ਕਾਰਨ ਵਿਸ਼ਵ ਪੱਧਰ 'ਤੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ ਹੈ। ਅਜਿਹੀ ਸਥਿਤੀ ਵਿੱਚ, ਭਾਰਤ ਨੂੰ ਵੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਕਿ ਇਸ ਸੰਕਟ ਦੌਰਾਨ ਆਮ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਕੀ ਕਦਮ ਚੁੱਕੇ ਜਾ ਸਕਦੇ ਹਨ। ਜਦੋਂ ਕਿ ਐਕਸਾਈਜ਼ ਡਿਊਟੀ ਵਿੱਚ ਕਟੌਤੀ ਖੁੱਲ੍ਹੇ ਬਾਜ਼ਾਰ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਨੂੰ ਸਥਿਰ ਕਰਨ ਵਿੱਚ ਮਦਦ ਕਰ ਸਕਦੀ ਹੈ, ਅਸਲ ਸਮੱਸਿਆ ਇਸ ਸਮੇਂ ਉਪਲਬਧਤਾ ਦੀ ਹੈ। ਦੇਸ਼ ਭਰ ਤੋਂ ਆਈਆਂ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਲੋਕਾਂ ਨੂੰ ਪੈਟਰੋਲ ਅਤੇ ਡੀਜ਼ਲ ਪ੍ਰਾਪਤ ਕਰਨ ਵਿੱਚ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੰਕਟ ਹੋਰ ਵਧਣ ਦੇ ਡਰੋਂ, ਵਾਧੂ ਪੈਟਰੋਲ ਅਤੇ ਡੀਜ਼ਲ ਖਰੀਦਣ ਲਈ ਭੀੜ ਦੇਖੀ ਗਈ ਹੈ। ਇਸ ਦੌਰਾਨ, ਐਲਪੀਜੀ ਸਿਲੰਡਰਾਂ ਦੀ ਸਪਲਾਈ ਵਿੱਚ ਵਿਆਪਕ ਵਿਘਨ ਨੇ ਵਿਆਪਕ ਚਿੰਤਾ ਪੈਦਾ ਕਰ ਦਿੱਤੀ ਹੈ। ਬਹੁਤ ਸਾਰੇ ਲੋਕਾਂ ਕੋਲ ਐਲਪੀਜੀ ਖਤਮ ਹੋ ਗਈ ਹੈ ਅਤੇ ਏਜੰਸੀਆਂ ਵਿੱਚ ਇਸਦੀ ਉਪਲਬਧਤਾ ਬਹੁਤ ਸੀਮਤ ਹੈ। ਸਰਕਾਰ ਅਧਿਕਾਰਤ ਤੌਰ 'ਤੇ ਭਰੋਸਾ ਦੇ ਰਹੀ ਹੈ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਕਿਉਂਕਿ ਦੇਸ਼ ਵਿੱਚ ਤੇਲ ਅਤੇ ਗੈਸ ਦੇ ਕਾਫ਼ੀ ਭੰਡਾਰ ਹਨ। ਸਰਕਾਰ ਨੇ ਕੱਚੇ ਤੇਲ ਨੂੰ ਖਰੀਦਣ ਲਈ ਹੋਰ ਵਿਕਲਪਾਂ ਦੀ ਵੀ ਖੋਜ ਕੀਤੀ ਹੈ। ਹਾਲਾਂਕਿ, ਸਥਿਤੀ ਇਹ ਹੈ ਕਿ ਐਲਪੀਜੀ ਸਿਲੰਡਰਾਂ ਦੀ ਕੀਮਤ ਵਧਾ ਦਿੱਤੀ ਗਈ ਹੈ, ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਸਮਾਂ ਅੰਤਰਾਲ ਵਧਾ ਦਿੱਤਾ ਗਿਆ ਹੈ ਅਤੇ ਵਪਾਰਕ ਸਿਲੰਡਰਾਂ ਦੀ ਸਪਲਾਈ ਵੀ ਸੀਮਤ ਕਰ ਦਿੱਤੀ ਗਈ ਹੈ। ਇਸ ਦੇ ਬਾਵਜੂਦ ਐਲਪੀਜੀ ਸਿਲੰਡਰ ਪ੍ਰਾਪਤ ਕਰਨਾ ਬਹੁਤ ਸਾਰੇ ਲੋਕਾਂ ਲਈ ਇੱਕ ਵੱਡੀ ਚੁਣੌਤੀ ਬਣ ਗਿਆ ਹੈ। ਕਈ ਥਾਵਾਂ ਤੋਂ ਸਿਲੰਡਰਾਂ ਦੀ ਕਾਲਾਬਾਜ਼ਾਰੀ ਅਤੇ ਜਮ੍ਹਾਂਖੋਰੀ ਦੀਆਂ ਸ਼ਿਕਾਇਤਾਂ ਵੀ ਮਿਲੀਆਂ ਹਨ। ਇਸ ਦੇ ਮੱਦੇਨਜ਼ਰ, ਪ੍ਰਧਾਨ ਮੰਤਰੀ ਨੇ ਰਾਜਾਂ ਦੇ ਮੁੱਖ ਮੰਤਰੀਆਂ ਨਾਲ ਗੱਲ ਕੀਤੀ ਹੈ ਅਤੇ ਉਨ੍ਹਾਂ ਨੂੰ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਨਾਲ ਸਖ਼ਤੀ ਨਾਲ ਨਜਿੱਠਣ ਲਈ ਕਿਹਾ ਹੈ। ਹਾਲਾਂਕਿ, ਇਹ ਤੈਅ ਹੈ ਕਿ ਜਦੋਂ ਤੱਕ ਸਰਕਾਰ ਇਸ ਸੰਕਟ ਦੌਰਾਨ ਵਿਕਲਪਿਕ ਉਪਾਵਾਂ ਜਾਂ ਅੰਤਰਰਾਸ਼ਟਰੀ ਕੂਟਨੀਤਕ ਯਤਨਾਂ ਰਾਹੀਂ ਤੇਲ ਅਤੇ ਗੈਸ ਦੀ ਸਪਲਾਈ ਨੂੰ ਆਮ ਬਣਾਉਣ ਦਾ ਪ੍ਰਬੰਧ ਨਹੀਂ ਕਰਦੀ, ਲੋਕਾਂ ਵਿੱਚ ਡਰ ਦੀ ਸਥਿਤੀ ਬਣੀ ਰਹੇਗੀ। ਉਮੀਦ ਹੈ ਕਿ ਜਿਸ ਤਰ੍ਹਾਂ ਸਰਕਾਰ ਨੇ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾ ਕੇ ਕੰਪਨੀਆਂ ਨੂੰ ਰਾਹਤ ਦਿੱਤੀ ਹੈ, ਉਸੇ ਤਰ੍ਹਾਂ ਇਹ ਰੋਜ਼ਾਨਾ ਜ਼ਰੂਰੀ ਚੀਜ਼ਾਂ ਦੀਆਂ ਕੀਮਤਾਂ ਨੂੰ ਕਾਬੂ ਵਿੱਚ ਰੱਖਦੇ ਹੋਏ ਐਲਪੀਜੀ ਸਿਲੰਡਰਾਂ ਦੀ ਸੁਚਾਰੂ ਸਪਲਾਈ ਨੂੰ ਵੀ ਯਕੀਨੀ ਬਣਾਏਗੀ।

**-ਜਗਜੀਤ ਸਿੰਘ ਦਰਦੀ**

**ਮੀਡੀਆ ਪ੍ਰਗਟਾਵੇ ਦੇ ਪ੍ਰਸ਼ਨ ਫ਼ਿਰ ਉਭਰੇ**

# ਕੀ ਭਾਰਤ ਵਿੱਚ ਮੀਡੀਆ ਆਜ਼ਾਦੀ ਨੂੰ ਸੱਚ ਮੁੱਚ ਖ਼ਤਰਾ ਹੈ ਜਾਂ ਫ਼ਿਰ ਕਥਿਤ ਫੇਕ ਸਰਕਾਰ ਵਿਰੋਧੀ ਨੈਰੇਟਿਵ

## ਡਿਜ਼ੀਟਲ ਮੀਡੀਆ ਦੀ ਆਜ਼ਾਦੀ 'ਤੇ ਪ੍ਰਸ਼ਨ ਵੀ ਸਾਹਮਣੇ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਕੀ ਭਾਰਤ ਵਿੱਚ ਮੀਡੀਆ ਦੀ ਆਜ਼ਾਦੀ ਦੀ ਅਭਿਵਿਅਕਤੀ 'ਤੇ ਪ੍ਰਸ਼ਨ ਹਨ ਜਾਂ ਅੱਜ ਸਰਕਾਰ ਦੇ ਵਿਰੁੱਧ ਕੋਈ ਫੇਕ, ਇਕ ਖਾਸ ਵਰਗ ਵੱਲੋਂ ਬਣਾਇਆ ਜਾ ਰਿਹਾ ਕੋਈ ਸਰਕਾਰ ਵਿਰੋਧੀ ਨੇਰੇਟਿਵ ਹੈ ।

ਇਹ ਹੁਣ ਇਕ ਵਾਰ ਫ਼ੇਰ ਚਰਚਾ ਵਿੱਚ ਹੈ ਕਿਉਂਕਿ ਸਰਕਾਰ ਤੇ ਮੀਡੀਆ ਵਿੱਚ ਇਸ ਸਮੇਂ ਭਾਰਤੀ ਡਿਜੀਟਲ ਲੈਂਡਸਕੇਪ ਵਿੱਚ ਇੱਕ ਵੱਡੀ ਬਹਿਸ ਇਸ 'ਤੇ ਚੱਲ ਰਹੀ ਹੈ। ਇੱਕ ਪਾਸੇ ਆਲੋਚਕ ਇਸ ਨੂੰ "ਅਣਐਲਾਨੀ ਐਮਰਜੈਂਸੀ" ਜਾਂ ਡਿਜ਼ੀਟਲ ਤਾਨਾਸ਼ਾਹੀ ਵਜੋਂ ਵਰਣਨ ਕਰ ਰਹੇ ਹਨ, ਜਦਕਿ ਦੂਜੇ ਪਾਸੇ ਸਰਕਾਰ ਅਤੇ ਉਸ ਦੇ ਸਮਰਥਕ ਇਸ ਨੂੰ ਫੇਕ ਨਿਊਜ਼, ਮਿਸਇਨਫਰਮੇਸ਼ਨ ਅਤੇ ਰਾਸ਼ਟਰੀ ਸੁਰੱਖਿਆ ਨਾਲ ਜੋੜ ਕੇ ਜਾਇਜ਼ ਠਹਿਰਾਉਂਦੇ ਹਨ।

ਇਸ ਮੌਕੇ 'ਤੇ ਤਾਜ਼ਾ ਘਟਨਾਵਾਂ ਵਿੱਚ DPM ਨਿਊਜ਼ ਯੂਟਿਊਬ ਚੈਨਲ ਉੱਤੇ ਪਾਬੰਦੀ, ਨੈਸ਼ਨਲ ਦਸਤਕ ਅਤੇ ਮੋਲੀਟਿਕਸ ਇੰਡੀਆ ਦੇ ਫੇਸਬੁੱਕ ਪੇਜਾਂ ਉੱਤੇ ਰੋਕ, ਰਾਜੀਵ ਨਿਗਮ ਵਰਗੇ ਸੈਟੀਰਿਸਟ ਦੇ ਪੇਜ ਉੱਤੇ ਪ੍ਰਭਾਵ ਅਤੇ ਮੁਕੇਸ਼ ਮੋਹਨ ਉੱਤੇ 50 ਕਰੋੜ ਰੁਪਏ ਦਾ ਮਾਨਹਾਨੀ ਮੁਕੱਦਮਾ ਸ਼ਾਮਲ ਹਨ। ਇਹ ਸਭ ਇੱਕ ਵੱਡੇ ਸਵਾਲ ਉੱਠਾਉਂਦਾ ਹੈ: ਕੀ ਭਾਰਤ ਵਿੱਚ ਸੱਚਮੁੱਚ ਮੀਡੀਆ ਅਤੇ ਬੋਲਣ ਦੀ ਆਜ਼ਾਦੀ ਉੱਤੇ ਵੱਡਾ ਹਮਲਾ ਹੋ ਰਿਹਾ ਹੈ, ਜਾਂ ਇਹ ਡਿਜੀਟਲ ਪਲੇਟਫਾਰਮਾਂ ਉੱਤੇ ਫੈਲ ਰਹੀ ਬਬਿੰਦਾ ਅਤੇ ਗਲਤ ਖ਼ਬਰਾਂ ਦਾ ਲੋੜੀਂਦਾ ਜਵਾਬ ਹੈ ?

ਅੱਜ ਇਸ ਵਿਸ਼ਲੇਸ਼ਣ ਵਿੱਚ ਅਸੀਂ ਅੰਕੜਿਆਂ, ਅੰਤਰਰਾਸ਼ਟਰੀ ਰਿਪੋਰਟਾਂ, ਕਾਨੂੰਨੀ ਢਾਂਚੇ ਅਤੇ ਵਿਵਾਦਾਸਪਦ ਘਟਨਾਵਾਂ ਨੂੰ ਧਿਆਨ ਨਾਲ ਵੇਖਦਿਆਂ ਜੋ ਇੱਕ ਸੰਤੁਲਿਤ ਤਸਵੀਰ ਉਭਰ ਕੇ ਸਾਹਮਣੇ ਆ ਰਹੀ ਹੈ ਉਸ ਵਿੱਚ ਵਿਸ਼ਵ ਪ੍ਰੈੱਸ ਫਰੀਡਮ ਇੰਡੈਕਸ ਵਿੱਚ ਭਾਰਤ ਦੀ ਸਥਿਤੀ ਰਿਪੋਰਟਰ ਜ਼ਿੰਦਗੀ ਵਿਦਾਉਟ ਬਾਰਡਰਜ਼ (RSF) ਦੇ ਵਰਲਡ ਪ੍ਰੈੱਸ ਫਰੀਡਮ ਇੰਡੈਕਸ 2025 ਵਿੱਚ ਭਾਰਤ 180 ਦੇਸ਼ਾਂ ਵਿੱਚੋਂ 151ਵੇਂ ਸਥਾਨ ਉੱਤੇ ਹੈ, ਜਿਸ ਦਾ ਸਕੋਰ 32.96 ਹੈ। ਇਹ 2024 ਵਿੱਚ 159ਵੇਂ ਤੋਂ ਥੋੜ੍ਹਾ ਉੱਪਰ ਆਇਆ ਹੈ, ਪਰ ਅਜੇ ਵੀ "ਵੈਰੀ ਸੀਰੀਅਸ" ਸ਼੍ਰੇਣੀ ਵਿੱਚ ਹੈ।

ਇਸ ਰਿਪੋਰਟ ਵਿੱਚ ਰਾਜਨੀਤਕ ਇੰਡੀਕੇਟਰ ਵਿੱਚ ਭਾਰਤ ਦਾ ਸਕੋਰ ਘੱਟ (24.30) ਹੈ, ਜਿਸ ਵਿੱਚ ਮੀਡੀਆ ਉੱਤੇ ਰਾਜਨੀਤਕ ਦਬਾਅ, ਪੱਤਰਕਾਰਾਂ ਉੱਤੇ ਹਮਲੇ ਅਤੇ ਮੀਡੀਆ ਓਨਰਸ਼ਿਪ ਦੀ ਗਾੜ੍ਹੀ ਗਾੜ੍ਹੀ ਗਿਣਤੀ ਨੂੰ ਉਜਾਗਰ ਕੀਤਾ ਗਿਆ ਹੈ। ਆਰਥਿਕ ਇੰਡੀਕੇਟਰ ਵੀ ਚਿੰਤਾਜਨਕ ਹੈ ਕਿਉਂਕਿ ਬਹੁਤੇ ਮੀਡੀਆ ਘਰਾਣੇ ਰਾਜਨੀਤਕ ਜਾਂ ਵਪਾਰੀ ਲੋਕਾਂ ਨਾਲ ਜੁੜੇ ਹੋਏ ਹਨ। ਇਸ ਤੋਂ ਇਲਾਵਾ, ਫਰੀਡਮ ਹਾਊਸ ਦੀ ਫਰੀਡਮ ਆਨ ਦ ਨੈੱਟ 2025 ਰਿਪੋਰਟ ਵੀ ਇੰਟਰਨੈੱਟ ਸੈਂਸਰਸ਼ਿਪ, ਇੰਟਰਨੈੱਟ ਸ਼ੱਟਡਾਊਨ ਅਤੇ ਆਨਲਾਈਨ ਸਮੱਗਰੀ ਉੱਤੇ ਰੋਕ ਲਗਾਉਣ ਨੂੰ ਉਜਾਗਰ ਕਰਦੀ ਹੈ।

ਅੱਜ ਭਾਰਤ ਵਿੱਚ 2012 ਤੋਂ 2024 ਤੱਕ 800 ਤੋਂ ਵੱਧ ਇੰਟਰਨੈੱਟ ਸ਼ੱਟਡਾਊਨ ਹੋ ਚੁੱਕੇ ਹਨ, ਜਿਨ੍ਹਾਂ ਵਿੱਚੋਂ 2024 ਵਿੱਚ 84 ਸਨ - ਲੋਕਤੰਤਰੀ ਦੇਸ਼ਾਂ ਵਿੱਚ ਸਭ ਤੋਂ ਵੱਧ। 2025 ਵਿੱਚ ਵੀ ਇਸ ਰੁਝਾਨ ਵਿੱਚ ਘਾਟਾ ਆਇਆ ਹੈ ਪਰ ਛੋਟੀਆਂ-ਛੋਟੀਆਂ ਰੋਕਾਂ ਜਾਰੀ ਹਨ।

ਹੁਣ ਤਾਜ਼ਾ ਘਟਨਾਵਾਂ ਅਤੇ ਉਨ੍ਹਾਂ ਦਾ ਪ੍ਰਸੰਗ ਮਾਰਚ 2026 ਵਿੱਚ DPM ਨਿਊਜ਼ ਯੂਟਿਊਬ ਚੈਨਲ ਉੱਤੇ ਰੋਕ ਲਗਾਈ ਗਈ, ਜਿਸ ਨੂੰ ਸਰਕਾਰ ਨੇ ਰਾਸ਼ਟਰੀ ਸੁਰੱਖਿਆ ਅਤੇ ਜਨਤਕ ਵਿਵਸਥਾ ਦੇ ਹਵਾਲੇ ਨਾਲ ਜਾਇਜ਼ ਠਹਿਰਾਇਆ। ਚੈਨਲ ਦੇ ਐਡੀਟਰ ਸੰਜੇ ਸ਼ਰਮਾ ਨੇ ਇਸ ਨੂੰ ਆਪਣੀਆਂ ਤਿੱਖੀਆਂ ਆਲੋਚਨਾਵਾਂ ਦਾ ਨਤੀਜਾ ਦੱਸਿਆ। ਇਸ ਤੋਂ ਬਾਅਦ ਨੈਸ਼ਨਲ ਦਸਤਕ (ਜੋ ਬਹੁਜਨ ਆਵਾਜ਼ਾਂ ਉੱਤੇ ਧਿਆਨ ਕੇਂਦਰਿਤ ਕਰਦਾ ਹੈ) ਅਤੇ ਮੋਲੀਟਿਕਸ ਇੰਡੀਆ ਦੇ ਫੇਸਬੁੱਕ ਪੇਜਾਂ ਉੱਤੇ ਰੋਕ ਲਗੀ। ਰਾਜੀਵ ਨਿਗਮ ਵਰਗੇ ਕਾਮੇਡੀਅਨ ਦਾ ਪੇਜ ਵੀ ਪ੍ਰਭਾਵਿਤ ਹੋਇਆ। ਇਸ ਤੋਂ ਇਲਾਵਾ ਗਡਕਰੀ ਪਰਿਵਾਰ ਨਾਲ ਜੁੜੀ ਬੀਫ ਵਪਾਰ ਵਾਲੀ ਰਿਪੋਰਟ ਉੱਤੇ ਵੀਡੀਓ ਬਣਾਉਣ ਵਾਲੇ ਮੁਕੇਸ਼ ਮੋਹਨ ਉੱਤੇ 50 ਕਰੋੜ ਰੁਪਏ ਦਾ ਮਾਨਹਾਨੀ ਮੁਕੱਦਮਾ ਦਰਜ ਹੋਇਆ, ਜਿਸ ਵਿੱਚ ਫੋਨ ਜ਼ਬਤ ਅਤੇ FIR ਵੀ ਸ਼ਾਮਲ ਹਨ।

ਅੱਜ ਇਨ੍ਹਾਂ ਘਟਨਾਵਾਂ ਨੂੰ ਸਮਝਣ ਲਈ ਇਹ ਜਾਣਨਾ ਜ਼ਰੂਰੀ ਹੈ ਕਿ ਇਹ ਸਭ ਸੈਕਸ਼ਨ 69ਏ ਆਈਟੀ ਐਕਟ ਅਧੀਨ ਹੋ ਰਿਹਾ ਹੈ, ਜੋ ਸਰਕਾਰ ਨੂੰ ਰਾਸ਼ਟਰੀ ਸੁਰੱਖਿਆ, ਜਨਤਕ ਵਿਵਸਥਾ ਜਾਂ ਅਨੇਕਾਂ ਦੀ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਸਮੱਗਰੀ ਬਲਾਕ ਕਰਨ ਦਾ ਅਧਿਕਾਰ ਦਿੰਦਾ ਹੈ। 2023 ਵਿੱਚ ਇਸ ਤਹਿਤ ਹਜ਼ਾਰਾਂ ਯੂਆਰਐੱਲ ਬਲਾਕ ਹੋਏ ਸਨ ਅਤੇ 2024-25 ਵਿੱਚ ਇਸ ਵਿੱਚ ਤੇਜ਼ੀ ਆਈ ਹੈ। ਫਰਵਰੀ 2026 ਵਿੱਚ ਸਰਕਾਰ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ ਲਈ ਤਿੰਨ ਘੰਟਿਆਂ ਵਿੱਚ ਅਣਲਾਅਫੁੱਲ ਸਮੱਗਰੀ ਹਟਾਉਣ ਦਾ ਨਿਯਮ ਲਾਗੂ ਕੀਤਾ, ਜੋ ਪਹਿਲਾਂ 36 ਘੰਟੇ ਸੀ। ਅੱਜ ਆਲੋਚਨਾ ਵਾਲਾ ਪੱਖ ਇਹ ਹੈ ਕਿ ਬੇੜੀਆਂ ਅਤੇ ਸੈਂਸਰਸ਼ਿਪ ਆਲੋਚਕ ਮੰਨਦੇ ਹਨ ਕਿ ਇਹ ਕਾਰਵਾਈਆਂ ਸੁਤੰਤਰ ਆਵਾਜ਼ਾਂ ਨੂੰ ਚੁੱਪ ਕਰਾਉਣ ਲਈ ਹਨ। ਨੈਸ਼ਨਲ ਦਸਤਕ ਬਹੁਜਨ, ਦਲਿਤ ਅਤੇ ਘੱਟ ਗਿਣਤੀ ਵਾਲੀਆਂ ਆਵਾਜ਼ਾਂ ਉੱਤੇ ਧਿਆਨ ਕੇਂਦਰਿਤ ਕਰਦਾ ਹੈ, ਜਦਕਿ ਮੋਲੀਟਿਕਸ ਬੇਰੁਜ਼ਗਾਰੀ, ਮਹਿਲਾ ਸੁਰੱਖਿਆ ਅਤੇ ਸਿਹਤ ਵਰਗੇ ਮੁੱਦਿਆਂ ਉੱਤੇ ਰਿਪੋਰਟਿੰਗ ਕਰਦਾ ਹੈ। ਇਨ੍ਹਾਂ ਉੱਤੇ ਰੋਕ ਲਗਾਉਣ ਨਾਲ ਇੱਕ ਸੰਦੇਸ਼ ਜਾਂਦਾ ਹੈ ਕਿ ਸਰਕਾਰ ਆਪਣੀਆਂ ਨੀਤੀਆਂ ਉੱਤੇ ਸਵਾਲ ਉਠਾਉਣ ਵਾਲੀਆਂ ਆਵਾਜ਼ਾਂ ਨੂੰ ਬਰਦਾਸ਼ਤ ਨਹੀਂ ਕਰਨਾ ਚਾਹੁੰਦੀ।

ਅੱਜ ਮੁੱਖ ਧਾਰਾ ਦੇ ਮੀਡੀਆ ਘਰਾਣਿਆਂ ਵਿੱਚ ਓਨਰਸ਼ਿਪ ਦੀ ਗਾੜ੍ਹੀ ਗਾੜ੍ਹੀ ਗਿਣਤੀ ਅਤੇ ਸਰਕਾਰੀ ਨੀਤੀਆਂ ਨਾਲ ਉਨ੍ਹਾਂ ਦਾ ਤਾਲਮੇਲ ਵੀ ਇਸ ਬਹਿਸ ਨੂੰ ਮਜ਼ਬੂਤ ਕਰਦਾ ਹੈ। RSF ਰਿਪੋਰਟ ਵਿੱਚ ਇਸ ਨੂੰ "ਮੀਡੀਆ ਮੋਨੋਪੋਲੀ" ਵਜੋਂ ਉਜਾਗਰ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਡਿਜੀਟਲ ਇੰਡੀਆ ਵਿੱਚ ਇੱਕ ਅਰਬ ਤੋਂ ਵੱਧ ਇੰਟਰਨੈੱਟ ਉਪਭੋਗਤਾ ਹਨ, ਜਿਨ੍ਹਾਂ ਲਈ ਸੋਸ਼ਲ ਮੀਡੀਆ ਆਪਣੀ ਆਵਾਜ਼ ਉਠਾਉਣ ਦਾ ਮੁੱਖ ਸਾਧਨ ਹੈ। ਇਸ ਨੂੰ ਰੋਕਣਾ ਲੋਕਤੰਤਰੀ ਬਹਿਸ ਨੂੰ ਖੋਖਲਾ ਬਣਾਉਂਦਾ ਹੈ।

ਭਾਰਤੀ ਸੰਵਿਧਾਨ ਦੇ ਆਰਟੀਕਲ 19 (1) (ਏ) ਸੰਵਿਧਾਨ ਵਿੱਚ ਬੋਲਣ ਅਤੇ ਪ੍ਰਗਟਾਵੇ ਦੀ ਆਜ਼ਾਦੀ ਦੀ ਗੱਲ ਕਰਦਾ ਹੈ, ਪਰ ਇਸ ਉੱਤੇ ਲਗਾਈਆਂ ਹੱਦਾਂ (ਜਨਤਕ ਵਿਵਸਥਾ ਆਦਿ) ਦੀ ਦੁਰਵਰਤੋਂ ਹੋ ਰਹੀ ਹੈ, ਇਸ ਬਾਰੇ ਆਲੋਚਕ ਚਿੰਤਤ ਹਨ। ਤਾਨਾਸ਼ਾਹੀ ਉਦੋਂ ਖਤਰਨਾਕ ਬਣਦੀ ਹੈ ਜਦੋਂ ਲੋਕਾਂ ਕੋਲ ਬੋਲਣ ਤੋਂ ਇਲਾਵਾ ਕੋਈ ਵਿਕਲਪ ਨਾ ਰਹੇ ਅਤੇ ਉਹ ਸੜਕਾਂ ਉੱਤੇ ਉਤਰਨ ਲਈ ਮਜਬੂਰ ਹੋ ਜਾਣ। ਸਰਕਾਰੀ ਪੱਖ ਅਤੇ ਫੇਕ ਨਿਊਜ਼ ਦੀ ਸਮੱਸਿਆ ਦੂਜੇ ਪਾਸੇ, ਸਰਕਾਰ ਇਸ ਨੂੰ ਫੇਕ ਨਿਊਜ਼ ਅਤੇ ਮਿਸਇਨਫਰਮੇਸ਼ਨ ਨਾਲ ਲੜਨ ਵਜੋਂ ਪੇਸ਼ ਕਰਦੀ ਹੈ।

ਅੱਜ ਭਾਰਤ ਵਿੱਚ ਡੀਪਫੇਕ, ਏਆਈ ਤੋਂ ਬਣੀਆਂ ਗਲਤ ਵੀਡੀਓਆਂ ਅਤੇ ਫੇਕ ਨਿਊਜ਼ ਬਹੁਤ ਤੇਜ਼ੀ ਨਾਲ ਫੈਲ ਰਹੀਆਂ ਹਨ। 2025 ਵਿੱਚ ਇੰਡੀਆ-ਪਾਕਿਸਤਾਨ ਤਣਾਅ ਦੌਰਾਨ ਡੀਪਫੇਕ ਵੀਡੀਓਆਂ ਅਤੇ ਫੇਕ ਖ਼ਬਰਾਂ ਨੇ ਵੱਡੀ ਭੂਮਿਕਾ ਨਿਭਾਈ। ਪੀਆਈਬੀ ਫੈਕਟ ਚੈੱਕ ਯੂਨਿਟ ਨੇ ਤਿੰਨ ਸਾਲਾਂ ਵਿੱਚ 1500 ਤੋਂ ਵੱਧ ਫੇਕ ਨਿਊਜ਼ ਚਿੰਨ੍ਹਤ ਕੀਤੀਆਂ ਹਨ। ਸਰਕਾਰ ਮੰਨਦੀ ਹੈ ਕਿ ਇੰਟਰਨੈੱਟ ਉੱਤੇ ਫੈਲ ਰਹੀ ਬਬਿੰਦਾ ਰਾਸ਼ਟਰੀ ਸੁਰੱਖਿਆ, ਧਾਰਮਿਕ ਭਾਵਨਾਵਾਂ ਅਤੇ ਜਨਤਕ ਵਿਵਸਥਾ ਲਈ ਖਤਰਾ ਹੈ। ਇਸ ਲਈ ਸੈਕਸ਼ਨ 69ਏ ਅਤੇ ਆਈਟੀ ਰੂਲਜ਼ 2021 ਤਹਿਤ ਕਾਰਵਾਈ ਜ਼ਰੂਰੀ ਹੈ। ਮੁੱਖ ਧਾਰਾ ਮੀਡੀਆ ਵੀ ਅਕਸਰ ਫੇਕ ਨਿਊਜ਼ ਫੈਲਾਉਂਦਾ ਹੈ, ਪਰ ਡਿਜੀਟਲ ਪਲੇਟਫਾਰਮਾਂ ਉੱਤੇ ਇਸ ਦੀ ਗਤੀ ਬਹੁਤ ਤੇਜ਼ ਹੈ। ਇਸ ਲਈ ਤਿੰਨ ਘੰਟਿਆਂ ਵਾਲਾ ਨਿਯਮ ਲਾਗੂ ਕੀਤਾ ਗਿਆ ਹੈ ਤਾਂ ਜੋ ਗਲਤ ਖ਼ਬਰਾਂ ਤੁਰੰਤ ਰੋਕੀਆਂ ਜਾ ਸਕਣ।

ਹੁਣ ਇਸ ਤੋਂ ਇਲਾਵਾ, ਭਾਰਤ ਵਿੱਚ ਚੋਣਾਂ, ਧਾਰਮਿਕ ਤਣਾਅ ਅਤੇ ਸਮਾਜੀ ਧਰਮਾਂ ਦੌਰਾਨ ਫੇਕ ਨਿਊਜ਼ ਨੇ ਵੱਡੀ ਭੂਮਿਕਾ ਨਿਭਾਈ ਹੈ, ਜਿਸ ਨਾਲ ਹਿੰਸਾ ਵੀ ਹੋਈ ਹੈ। ਇਸ ਲਈ ਸਰਕਾਰ ਦਾ ਦਾਅਵਾ ਹੈ ਕਿ ਇਹ ਕਾਰਵਾਈਆਂ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਹਨ, ਨਾ ਕਿ ਤਾਨਾਸ਼ਾਹੀ ਲਈ। ਇੱਕ ਸੰਤੁਲਿਤ ਨਜ਼ਰੀਆਵਾਸਤਵ ਵਿੱਚ ਇਹ ਮੁੱਦਾ ਬਹੁਤ ਗੁੰਝਲਦਾਰ ਹੈ। ਇੱਕ ਪਾਸੇ RSF ਵਰਗੀਆਂ ਅੰਤਰਰਾਸ਼ਟਰੀ ਰਿਪੋਰਟਾਂ ਭਾਰਤ ਵਿੱਚ ਮੀਡੀਆ ਆਜ਼ਾਦੀ ਉੱਤੇ ਚਿੰਤਾ ਜਤਾਉਂਦੀਆਂ ਹਨ ਅਤੇ ਰਾਜਨੀਤਕ ਦਬਾਅ, ਓਨਰਸ਼ਿਪ ਅਤੇ ਪੱਤਰਕਾਰਾਂ ਦੀ ਸੁਰੱਖਿਆ ਨੂੰ ਉਜਾਗਰ ਕਰਦੀਆਂ ਹਨ। ਦੂਜੇ ਪਾਸੇ ਭਾਰਤ ਵਰਗੇ ਵੱਡੇ ਲੋਕਤੰਤਰ ਵਿੱਚ ਫੇਕ ਨਿਊਜ਼ ਅਤੇ ਡੀਪਫੇਕ ਇੱਕ ਵਾਸਤਵਿਕ ਖਤਰਾ ਹਨ, ਜੋ ਚੋਣਾਂ, ਸਮਾਜੀ ਏਕਤਾ ਅਤੇ ਰਾਸ਼ਟਰੀ ਸੁਰੱਖਿਆ ਨੂੰ ਪ੍ਰਭਾਵਿਤ ਕਰ ਸਕਦੇ ਹਨ। ਸਮੱਸਿਆ ਇਹ ਹੈ ਕਿ ਸੈਕਸ਼ਨ 69ਏ ਵਰਗੀਆਂ ਤਾਕਤਾਂ ਦੀ ਦੁਰਵਰਤੋਂ ਹੋ ਰਹੀ ਹੈ ਜਾਂ ਨਹੀਂ।

ਇਸ ਵਿੱਚ ਪਾਰਦਰਸ਼ਤਾ ਘੱਟ ਹੈ-ਬਲਾਕਿੰਗ ਆਰਡਰਾਂ ਦੇ ਵਿਸਤ੍ਰਿਤ ਕਾਰਨ ਅਕਸਰ ਗੁਪਤ ਰੱਖੇ ਜਾਂਦੇ ਹਨ ਅਤੇ ਆਲੋਚਨਾ ਕਰਨ ਵਾਲੀਆਂ ਆਵਾਜ਼ਾਂ ਨੂੰ ਵਧੇਰੇ ਟਾਰਗੇਟ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਮੁਕੱਦਮਿਆਂ (ਖਾਸ ਕਰਕੇ ਵੱਡੀ ਰਕਮ ਵਾਲੇ ਮਾਨਹਾਨੀ ਕੇਸ) ਦੀ ਵਰਤੋਂ ਵੀ ਆਲੋਚਕਾਂ ਨੂੰ ਡਰਾਉਣ ਲਈ ਹੋ ਰਹੀ ਹੈ। ਦੂਜੇ ਪਾਸੇ, ਜੇਕਰ ਫੇਕ ਨਿਊਜ਼ ਨੂੰ ਰੋਕਣ ਲਈ ਕੋਈ ਕਾਰਵਾਈ ਨਾ ਹੋਵੇ ਤਾਂ ਡਿਜੀਟਲ ਲੋਕਤੰਤਰ ਖ਼ੁਦ ਖਤਰੇ ਵਿੱਚ ਪੈ ਜਾਵੇਗਾ। ਇਸ ਲਈ ਲੋੜ ਇੱਕ ਸੰਤੁਲਿਤ ਢੰਗ ਦੀ ਹੈ - ਜਿਸ ਵਿੱਚ ਪਾਰਦਰਸ਼ਤਾ ਵਧਾਈ ਜਾਵੇ, ਆਜ਼ਾਦੀ ਨੂੰ ਬਚਾਇਆ ਜਾਵੇ ਅਤੇ ਫੇਕ ਨਿਊਜ਼ ਲਈ ਵੱਖਰਾ, ਨਿਰਪੱਖ ਤੰਤਰ ਬਣਾਇਆ ਜਾਵੇ। ਅੱਜ ਅਦਾਲਤਾਂ ਦੀ ਵੀ ਇਸ ਵਿੱਚ ਵਧੇਰੇ ਭੂਮਿਕਾ ਹੈ ।

ਅੱਜ ਭਾਰਤ ਵਿੱਚ ਮੀਡੀਆ ਆਜ਼ਾਦੀ ਉੱਤੇ ਚੁਣੌਤੀਆਂ ਵੀ ਹਨ - ਇਹ ਇੱਕ ਤੱਥ ਹੈ। RSF ਇੰਡੈਕਸ, ਇੰਟਰਨੈੱਟ ਸ਼ੱਟਡਾਊਨ ਅੰਕੜੇ ਅਤੇ ਤਾਜ਼ਾ ਬਲਾਕਿੰਗ ਇਸ ਗੱਲ ਦੀ ਗਵਾਹੀ ਦਿੰਦੇ ਹਨ। ਪਰ ਇਸ ਨੂੰ ਸਿਰਫ਼ ਤਾਨਾਸ਼ਾਹੀ ਵਜੋਂ ਵੇਖਣਾ ਵੀ ਅਧੂਰਾ ਹੈ, ਕਿਉਂਕਿ ਡਿਜੀਟਲ ਬਬਿੰਦਾ ਇੱਕ ਵਾਸਤਵਿਕ ਸਮੱਸਿਆ ਹੈ। ਇੱਕ ਮਜ਼ਬੂਤ ਲੋਕਤੰਤਰ ਉਦੋਂ ਹੀ ਟਿਕਦਾ ਹੈ ਜਦੋਂ ਵਿਚਾਰਾਂ ਦੀ ਬਹੁਲਤਾ ਹੋਵੇ ਅਤੇ ਆਲੋਚਨਾ ਨੂੰ ਰਾਸ਼ਟਰ ਵਿਰੋਧੀ ਨਾ ਮੰਨਿਆ ਜਾਵੇ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਆਪਣੀਆਂ ਕਾਰਵਾਈਆਂ ਵਿੱਚ ਵਧੇਰੇ ਪਾਰਦਰਸ਼ੀ ਬਣੇ ਅਤੇ ਇੱਕ ਨਿਰਪੱਖ ਫੈਕਟ ਚੈੱਕਿੰਗ ਮਕੈਨਿਜ਼ਮ ਬਣਾਵੇ।

ਅੱਜ ਇਸ ਤੋਂ ਇਲਾਵਾ, ਮੀਡੀਆ ਘਰਾਣਿਆਂ ਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ ਤਾਂ ਜੋ ਫੇਕ ਨਿਊਜ਼ ਫੈਲਾਉਣ ਵਾਲੀਆਂ ਆਵਾਜ਼ਾਂ ਖੁਦ ਘੱਟ ਹੋਣ। ਅੰਤ ਵਿੱਚ, ਬੋਲਣ ਦੀ ਆਜ਼ਾਦੀ ਲੋਕਤੰਤਰ ਦੀ ਜਾਨ ਹੈ। ਇਸ ਨੂੰ ਬਚਾਉਣ ਲਈ ਸਭ ਨੂੰ -ਸਰਕਾਰ, ਮੀਡੀਆ, ਨਾਗਰਿਕ ਸਮਾਜ ਅਤੇ ਅਦਾਲਤਾਂ ਨੂੰ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਤਾਨਾਸ਼ਾਹੀ ਕਦੇ ਵੀ ਐਨੀ ਹੱਦ ਤੱਕ ਨਹੀਂ ਵਧਣੀ ਚਾਹੀਦੀ ਕਿ ਲੋਕਾਂ ਕੋਲ ਸਾਹ ਲੈਣ ਤੋਂ ਇਲਾਵਾ ਕੋਈ ਰਾਹ ਨਾ ਰਹੇ ਅਤੇ ਫੇਕ ਨਿਊਜ਼ ਵੀ ਇੰਨੀ ਤਾਕਤ ਨਾ ਬਣ ਜਾਵੇ ਕਿ ਸੱਚ ਖੁਦ ਖੋਜਣਾ ਮੁਸ਼ਕਲ ਹੋ ਜਾਵੇ। ਇੱਕ ਖੁੱਲ੍ਹੀ, ਆਜ਼ਾਦੀ ਵਿੱਚ ਮੀਡੀਆ ਅਤੇ ਜ਼ਿੰਮੇਵਾਰ ਬਹਿਸ ਵਾਲੀ ਵਿਵਸਥਾ ਹੀ ਭਾਰਤ ਨੂੰ ਸੱਚਮੁੱਚ ਵਿਸ਼ਵ ਗੁਰੂ ਬਣਾ ਸਕਦੀ ਹੈ।




# ਪੰਜਾਬ ਦੀ ਪੰਥਕ ਸਿਆਸਤ ਦਾ ਧੁੰਦਲਾ ਮੁਹਾਂਦਰਾ



ਕਮਲਜੀਤ ਸਿੰਘ ਬਨਵੈਤ
98147 34035

- ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਵਾਰਿਸ ਪੰਜਾਬ ਦੇ ਕਰ ਰਹੇ ਨੇ ਬਰਾਬਰੋ- ਬਰਾਬਰੀ ਰੈਲੀਆਂ
- ਪੁਨਰ ਸੁਰਜੀਤ ਅਕਾਲੀ ਦਲ ਨੇ ਹਾਲੇ ਤੱਕ ਨਹੀਂ ਫੜੀ ਰਫਤਾਰ, ਪੰਥ ਨੂੰ ਹਾਲੇ ਵੀ ਉਮੀਦ
- ਸਿਮਰਨਜੀਤ ਸਿੰਘ ਮਾਨ ਦਾ ਨਿੱਤ ਬਦਲਦਾ ਸਟੈਂਡ ਨਹੀਂ ਖਾਂਦਾ ਪੰਥ ਨੂੰ ਵਾਰਾ
- ਭਾਈ ਅੰਮ੍ਰਿਤਪਾਲ ਸਿੰਘ ਚੋਣਾਂ ਤੋਂ ਪਹਿਲਾਂ ਬਾਹਰ ਆਉਂਦੇ ਨੇ ਤਾਂ ਨਿਖਰੇਗਾ ਮੁਹਾਂਦਰਾ
- ਕੇਂਦਰ ਨੂੰ ਵਾਰਾ ਖਾਂਦਾ ਹੋਇਆ ਤਾਂ ਭਾਈ ਅੰਮ੍ਰਿਤਪਾਲ ਚੋਣਾਂ ਤੋਂ ਪਹਿਲਾਂ ਆਉਣਗੇ ਜੇਲ੍ਹ ਤੋਂ ਬਾਹਰ

ਵਿਧਾਨ ਸਭਾ ਚੋਣਾਂ ਵਿੱਚ ਇੱਕ ਸਾਲ ਤੋਂ ਘੱਟ ਸਮਾਂ ਰਹਿੰਦਿਆਂ ਜੇ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਅੱਕੀਂ ਪਲਾਹੀ ਹੱਥ ਮਾਰਦੀਆਂ ਦਿਸਦੀਆਂ ਹਨ ਤਾਂ ਪੰਥਕ ਸਿਆਸਤ ਵੀ ਕਿਸੇ ਕੰਢੇ ਲੱਗਦੀ ਨਜ਼ਰ ਨਹੀਂ ਆ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਅਤੇ ਵਾਰਿਸ ਪੰਜਾਬ ਦੇ ਦੀਆਂ ਚੱਲ ਰਹੀਆਂ ਬਰਾਬਰੋ ਬਰਾਬਰ ਰੈਲੀਆਂ ਨੂੰ ਨੱਕੋ ਨੱਕ ਹੁੰਗਾਰਾ ਮਿਲ ਰਿਹਾ ਹੈ। ਪੁਨਰ ਸੁਰਜੀਤ ਅਕਾਲੀ ਦਲ ਦਾ ਇੰਜਣ ਸ਼ੁਰੂ ਵਿੱਚ ਬੈਠ ਜਾਣ ਦੇ ਬਾਵਜੂਦ ਵੀ ਪੰਥਕ ਧਿਰਾਂ ਨੇ ਹਾਲੇ ਉਮੀਦ ਨਹੀਂ ਛੱਡੀ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਹਿਲਾਂ ਦੀ ਤਰ੍ਹਾਂ ਗੱਲਾਂ ਕਰ ਰਿਹਾ ਹੈ। ਪ੍ਰਧਾਨ ਸਿਮਰਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਬਣਨ ਤੋਂ ਬਾਅਦ ਸੰਵਿਧਾਨ ਦੀ ਸਹੁੰ ਖਾ ਕੇ ਜਦੋਂ ਖ਼ਾਲਿਸਤਾਨ ਦੀ ਮੰਗ ਕਰਨ ਲੱਗਦੇ ਹਨ ਤਾਂ ਸਿੱਖਾਂ ਦਾ ਭਰੋਸਾ ਵਾਰ ਵਾਰ ਤਿੜਕਦਾ ਹੈ। ਹੋਰ ਕਈ ਅਕਾਲੀ ਦਲ ਆਪਣੀ ਹੋਂਦ ਨੂੰ ਬਚਾਉਣ ਦੀ ਲੜਾਈ ਲੜ ਰਹੇ ਹਨ।

ਤਰਨ ਤਾਰਨ ਦੀ ਜ਼ਿਮਨੀ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਦੇ ਦੂਜੀ ਥਾਂ ਰਹਿਣ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਇੱਕ ਨਵੇਂ ਜੋਸ਼ ਨਾਲ ਮੈਦਾਨ ਵਿੱਚ ਨਿਤਰੇ ਹਨ। ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਰਿਕਾਰਡ ਤੋੜ ਵੋਟਾਂ ਨਾਲ ਜਿੱਤ ਕਰਨ ਵਾਲੇ ਵਾਰਿਸ ਪੰਜਾਬ ਦੇ ਉਮੀਦਵਾਰ ਨੂੰ ਹੁੰਗਾਰਾ ਤਾਂ ਨਹੀਂ ਮਿਲਿਆ ਪਰ ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਉੱਤੇ ਟੇਕ ਰੱਖੀ ਜਾ ਰਹੀ ਹੈ। ਵਾਰਸ ਪੰਜਾਬ ਦੇ ਪਾਰਟੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਨੇ ਡਿਬਰੂਗੜ੍ਹ ਦੀ ਜੇਲ੍ਹ ਵਿੱਚ ਰਹਿੰਦਿਆਂ ਮੈਂਬਰ ਪਾਰਲੀਮੈਂਟ ਦੀ ਚੋਣ ਜਿੱਤੀ ਸੀ ਅਤੇ ਉਹ ਹੁਣ ਵੀ ਉਸੇ ਜੇਲ੍ਹ ਵਿੱਚ ਬੰਦ ਹਨ। ਉਹਨਾਂ ਦੀ ਪਾਰਟੀ ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਲਈ ਪੂਰੇ ਜ਼ੋਰ ਸ਼ੋਰ ਨਾਲ ਤਿਆਰੀ ਕਰ ਰਹੀ ਹੈ। ਭਾਈ ਅੰਮ੍ਰਿਤਪਾਲ ਸਿੰਘ ਜੇਲ੍ਹ ਵਿੱਚ ਰਹਿ ਕੇ ਲੜਾਈ ਲੜਦੇ ਹਨ ਜਾਂ ਉਦੋਂ ਤੱਕ ਉਹਨਾਂ ਨੂੰ ਬਾਹਰ ਆਉਣ ਦਾ ਮੌਕਾ ਮਿਲ ਜਾਂਦਾ ਹੈ ਦੋਹਾਂ ਹਾਲਾਤਾਂ ਵਿੱਚ ਨਤੀਜੇ ਵੱਖ-ਵੱਖ ਹੋਣਗੇ।

ਵਾਰਸ ਪੰਜਾਬ ਦੇ ਪਾਰਟੀ ਨੂੰ ਖਡੂਰ ਸਾਹਿਬ ਹਲਕੇ ਤੋਂ ਸਭ ਤੋਂ ਵੱਧ ਹੁੰਗਾਰਾ ਮਿਲਿਆ ਸੀ। ਉਥੋਂ ਦੇ ਵੋਟਰਾਂ ਦੀ ਤਾਸੀਰ ਵੱਖਰੀ ਹੈ। ਸੁਭਾਅ ਤਾਂ ਤਰਨ ਤਾਰਨ ਵਿਧਾਨ ਸਭਾ ਹਲਕੇ ਦੇ ਲੋਕਾਂ ਦਾ ਵੀ ਉਹ ਹੈ ਪਰ ਨਤੀਜੇ ਲੋਕ ਸਭਾ ਤੇ ਵਿਧਾਨ ਸਭਾ ਚੋਣਾਂ ਦੇ ਵੱਖ-ਵੱਖ ਰਹੇ ਹਨ। ਪੰਜਾਬ ਦੇ ਦੂਜੇ 100 ਦੇ ਕਰੀਬ ਹਲਕੇ ਕਿਉਂਕਿ ਵੱਖਰੀਆਂ ਤਸਵੀਰਾਂ ਰੱਖਦੇ ਹਨ, ਇਸ ਕਰਕੇ ਇਹ ਸਮਝਣਾ ਮੁਸ਼ਕਲ ਹੋਵੇਗਾ ਕਿ ਅੰਮ੍ਰਿਤਪਾਲ ਸਿੰਘ ਦਾ ਗਰਮ ਖ਼ਿਆਲੀ ਮੁੱਦਾ ਕੋਈ ਰੰਗ ਦਿਖਾ ਵੀ ਸਕੇਗਾ। ਉਂਝ ਉਹ ਜਦੋਂ ਮੈਂਬਰ ਪਾਰਲੀਮੈਂਟ ਬਣਨ ਤੋਂ ਬਾਅਦ ਸੰਵਿਧਾਨ ਦੀ ਸਹੁੰ ਚੁੱਕਦੇ ਹਨ ਜਾਂ ਨਾਮਜ਼ਦਗੀ ਪੇਪਰ ਭਰਨ ਵੇਲੇ ਵੀ ਭਾਰਤ ਦੇ ਸੰਵਿਧਾਨ ਵਿੱਚ ਭਰੋਸਾ ਪ੍ਰਗਟ ਕੀਤਾ ਸੀ।

ਵਾਰਿਸ ਪੰਜਾਬ ਦੇ ਪਾਰਟੀ ਦੀਆਂ ਰੈਲੀਆਂ ਵਿੱਚ ਜ਼ਿਆਦਾ ਹਾਜ਼ਰੀ ਨੌਜਵਾਨ ਭਰਦੇ ਹਨ। ਜਦੋਂ ਕਿ ਸੁਖਬੀਰ ਸਿੰਘ ਬਾਦਲ ਦੀਆਂ ਰੈਲੀਆਂ ਵਿੱਚ ਕੇਡਰ ਸ਼ਾਮਲ ਹੁੰਦਾ ਹੈ। ਪਿਛਲੇ ਸਮੇਂ ਵਿੱਚ ਦੀ ਗੱਲ ਕਰ ਲਈਏ ਤਾਂ 1989 ਵਿੱਚ ਗਰਮ ਖਿਆਲੀਆਂ ਦਾ ਜਾਦੂ ਚੱਲ ਗਿਆ ਸੀ। ਇਸੇ ਤਰ੍ਹਾਂ 2024 ਦੀਆਂ ਲੋਕ ਸਭਾ ਦੀਆਂ ਚੋਣਾਂ ਵਿੱਚ ਵੀ ਖਡੂਰ ਸਾਹਿਬ ਦੇ ਨਾਲ ਨਾਲ ਲੋਕ ਸਭਾ ਹਲਕਾ ਫਰੀਦਕੋਟ ਵਿੱਚ ਵੀ ਉਸੇ ਤਰ੍ਹਾਂ ਦੀ ਹਵਾ ਵਗੀ ਸੀ। ਕੋਈ ਪਾਰਟੀ ਨਹੀਂ ਸੀ। ਕੋਈ ਏਜੰਡਾ ਨਹੀਂ ਸੀ। ਨਾ ਕੋਈ ਸੰਗਠਨ ਸੀ। ਦੂਰ ਨਾ ਜਾਈਏ ਤਾਂ 2022 ਦੇ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਡੀ ਬਹੁਮਤ ਨਾਲ ਜਿੱਤੀ। ਜਦੋਂ ਵੀ ਪਾਰਟੀ ਕੋਲ ਨਾ ਕੋਈ ਜਥੇਬੰਦਕ ਢਾਂਚਾ ਸੀ। ਏਜੰਡਾ ਵੀ ਨਹੀਂ। ਹੋਰ ਤਾਂ ਹੋਰ ਕੋਈ ਲੀਡਰਸ਼ਿਪ ਵੀ ਨਹੀਂ ਸੀ ਪਰ ਹਵਾ ਹੱਕ ਵਿੱਚ ਵਗ ਗਈ। ਹੋ ਸਕਦਾ ਇਸ ਕਰਕੇ ਕਿਉਂਕਿ ਪੰਜਾਬੀ ਵਿੱਚ ਵਿਚਾਲੇ ਨਹੀਂ ਰੱਖਣਾ ਜਾਣਦੇ ਸਗੋਂ ਕੰਢੇ ਲਾ ਕੇ ਗੱਲ ਛੱਡਦੇ ਹਨ।

ਪੰਥਕ ਸਿਆਸਤ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਵਾਰਿਸ ਪੰਜਾਬ ਦੇ ਬਰਾਬਰੋ ਬਰਾਬਰੀ ਗਰਜ ਰਹੇ ਹਨ। ਲੋਕਾਂ ਦਾ ਰੌਂਅ ਫੜਨਾ ਸੌਖਾ ਨਹੀਂ ਲੱਗਦਾ ਹੈ। ਸੁਖਬੀਰ ਸਿੰਘ ਬਾਦਲ ਦੀਆਂ ਰੈਲੀਆਂ ਦੇ ਪਿਛੋਕੜ ਵੱਲ ਝਾਤ ਮਾਰ ਲਈਏ ਤਾਂ ਸਪੋਰਟ ਤਾਂ ਮਿਲਦੀ ਹੈ ਵੋਟ ਨਹੀਂ ਪੈਂਦੀ। ਦੂਜੇ ਬੰਨੇ ਵਾਰਿਸ ਪੰਜਾਬ ਦੇ ਪਾਰਟੀ ਨੂੰ ਜਿੰਨਾ ਹੁੰਗਾਰਾ ਮਿਲਿਆ ਵੋਟਾਂ ਉਸ ਨਾਲੋਂ ਕਿਤੇ ਵੱਧ ਭੁਗਤੀਆਂ ਸਨ। ਸਿਮਰਨਜੀਤ ਸਿੰਘ ਮਾਨ ਜਿਨਾਂ ਦੀ ਚੋਣਾਂ ਵਿੱਚ ਅਕਸਰ ਪਿੱਠ ਲੱਗਦੀ ਰਹੀ ਹੈ। ਉਹ ਸੰਗਰੂਰ ਤੋਂ ਲੋਕ ਸਭਾ ਦੀ ਸੀਟ ਜ਼ਿਮਨੀ ਚੋਣ ਵੇਲੇ ਕੱਢ ਗਏ ਸਨ।

ਪੰਜਾਬ ਦੀ ਸਿਆਸਤ ਦਾ ਮੁਹਾਂਦਰਾ ਭਾਈ ਅੰਮ੍ਰਿਤਪਾਲ ਸਿੰਘ ਦੇ ਬਾਹਰ ਆਉਣ ਨਾਲ ਨਿਖਰੇਗਾ। ਉਹਨਾਂ ਦੀ ਰਿਹਾਈ ਭਾਰਤੀ ਜਨਤਾ ਪਾਰਟੀ ਦੀ ਕੇਂਦਰ ਸਰਕਾਰ ਦੀ ਇੱਛਾ ਉੱਤੇ ਨਿਰਭਰ ਕਰਦੀ ਹੈ। ਕੇਂਦਰ ਸਰਕਾਰ ਉਹਨਾਂ ਦੀ ਰਿਹਾਈ ਬਾਰੇ ਫੈਸਲਾ ਮੌਕੇ 'ਤੇ ਹਾਲਾਤ ਦੇਖ ਕੇ ਲਵੇਗੀ ਕਿ ਉਸ ਦਾ ਬਾਹਰ ਆਉਣਾ ਜਾਂ ਜੇਲ੍ਹ ਵਿੱਚ ਰਹਿਣਾ ਕਿੰਨਾ ਕੁ ਵਾਰਾ ਖਾਂਦਾ ਹੈ। ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਜਿੱਤਣ ਲਈ ਭਾਰਤੀ ਜਨਤਾ ਪਾਰਟੀ ਪੂਰੀ ਕਾਹਲ ਵਿੱਚ ਹੈ। ਆਮ ਆਦਮੀ ਪਾਰਟੀ ਸਰਕਾਰ ਰਪੀਟ ਕਰਨਾ ਚਾਹੁੰਦੀ ਹੈ। ਸ਼੍ਰੋਮਣੀ ਅਕਾਲੀ ਦਲ 10 ਸਾਲਾਂ ਬਾਅਦ ਵੀ ਸੱਤਾ ਤੋਂ ਪਾਸੇ ਹੋਣਾ ਨਹੀਂ ਚਾਹੁੰਦਾ ਹੈ। ਕਾਂਗਰਸ ਦੇ ਉਮੀਦਾਂ ਨੂੰ ਬੂਰ ਪੈ ਸਕਦਾ ਹੈ ਜੇ ਕਿਤੇ ਉਹ ਆਪਸ ਵਿੱਚ ਲੜਨਾ ਛੱਡ ਦੇਣ।

ਪੰਜਾਬ ਦੀ ਪੰਥਕ ਸਿਆਸਤ ਵਿੱਚ ਅਨਿਸ਼ਚਿਤਤਾ ਜਾਰੀ ਹੈ। ਸ਼੍ਰੋਮਣੀ ਅਕਾਲੀ ਦਲ ਬਾਦਲ ਹਾਲੇ ਤੱਕ ਤਾਂ ਦੂਜੇ ਦਲਾਂ ਨਾਲੋਂ ਅੱਗੇ ਨਿਕਲ ਗਿਆ ਲੱਗਦਾ ਹੈ। ਵਾਰਿਸ ਪੰਜਾਬ ਦੇ ਪਾਰਟੀ ਟੱਕਰ ਦੇ ਰਹੀ ਹੈ। ਅਕਾਲੀ ਦਲ ਪੁਨਰ ਸੁਰਜੀਤ ਤਕੜਾ ਹੁੰਦਾ ਹੈ ਤਾਂ ਤਸਵੀਰ ਬਦਲ ਸਕਦੀ ਹੈ। ਤਰਨ ਤਰਨ ਦੀ ਜ਼ਿਮਨੀ ਚੋਣ ਵਿੱਚ ਪੁਨਰ ਸੁਰਜੀਤ ਅਕਾਲੀ ਦਲ ਨੇ ਵਾਰਸ ਪੰਜਾਬ ਦੇ ਉਮੀਦਵਾਰ ਦੀ ਹਮਾਇਤ ਕੀਤੀ ਸੀ। ਮਨਪ੍ਰੀਤ ਸਿੰਘ ਇਆਲੀ ਦਾ ਝੁਕਾਅ ਹਾਲੇ ਵੀ ਉਸੇ ਵੱਲ ਹੈ।

# ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ



ਬਘੇਲ ਸਿੰਘ ਧਾਲੀਵਾਲ
99142-58142

ਨਾਮਧਾਰੀ ਸੰਪਰਦਾਇ ਦੇ ਮੌਜੂਦਾ ਦੌਰ ਦੇ ਮੁਖੀ ਅਕਸਰ ਹੀ ਸਿੱਖੀ ਸਿਧਾਂਤਾਂ ਦੇ ਖਿਲਾਫ ਟਿੱਪਣੀਆਂ ਕਾਰਨ ਚਰਚਾ ਵਿੱਚ ਰਹਿੰਦੇ ਹਨ। ਹੁਣ ਇਸ ਸੰਸਥਾ ਦੇ ਇੱਕ ਧੜੇ ਦੇ ਮੁਖੀ ਠਾਕੁਰ ਦਲੀਪ ਸਿੰਘ ਨੇ ਆਪਣੀ ਸੰਪਰਦਾਇ ਵੱਲੋਂ ਚਲਾਈ ਦੇਹਧਾਰੀ ਗੁਰੂ ਦੀ ਪਰੰਪਰਾ ਨੂੰ ਸਹੀ ਸਾਬਤ ਕਰਦਿਆਂ ਕਿਹਾ ਕਿ ਦੇਹਧਾਰੀ ਗੁਰੂ ਹੀ ਗਿਆਨ ਦੇ ਸਕਦਾ ਹੈ, ਕੋਈ ਧਾਰਮਿਕ ਪੁਸਤਕ ਆਪਣੇ ਆਪ ਗਿਆਨ ਨਹੀਂ ਦੇ ਸਕਦੀ। ਸੋ ਇੱਥੇ ਆਪਣੀ ਦੇਹਧਾਰੀ ਗੱਦੀ ਨੂੰ ਸਲਾਮਤ ਰੱਖਣ ਖਾਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਇੱਕ ਧਾਰਮਿਕ ਕਿਤਾਬ ਕਹਿਣਾ ਸਿਰਫ਼ ਇੱਕ ਬਿਆਨ ਨਹੀਂ, ਸਗੋਂ ਸਿੱਖ ਇਤਿਹਾਸ, ਸਿੱਖ ਆਤਮਿਕਤਾ ਅਤੇ ਸਿੱਖਾਂ ਦੀ ਆਪਣੇ ਜੁਗੋ ਜੁਗ ਅਟੱਲ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਹੋਂਦ, ਅਸਥਾ 'ਤੇ ਸਿੱਧਾ ਵਾਰ ਹੈ।

ਇਹ ਗੱਲ ਇੰਨੀ ਸੌਖੀ ਨਹੀਂ ਕਿ ਇਸਨੂੰ ਕਿਸੇ ਨਿੱਜੀ ਵਿਚਾਰ ਕਹਿ ਕੇ ਛੱਡ ਦਿੱਤਾ ਜਾਵੇ। ਇਹ ਉਹ ਮਸਲਾ ਹੈ ਜਿਸਦਾ ਸਬੰਧ ਸਿੱਖ ਅਤੇ ਸਿੱਖੀ ਦੀ ਰੂਹ ਨਾਲ ਹੈ। ਸ੍ਰੀ ਗੁਰੂ ਗਰੰਥ ਸਾਹਿਬ ਜੀ, ਨਾਨਕ ਨਾਮ ਲੇਵਾ ਸਿੱਖਾਂ ਦੇ ਜਾਗਤ ਜੋਤ ਸਦੀਵੀਂ ਗੁਰੂ ਹਨ, ਜਿਸਨੂੰ ਸਿੱਖ ਕੌਮ ਸਦੀਆਂ ਤੋਂ ਆਪਣੇ ਮਨੁੱਖਾ ਜੀਵਨ ਲਈ ਸ਼ਕਤੀ ਦਾ ਸੋਮਾ ਅਤੇ ਅਤੀਤ, ਵਰਤਮਾਨ ਅਤੇ ਭਵਿੱਖ ਦਾ ਮਾਰਗ ਦਰਸ਼ਕ ਮੰਨਕੇ ਜੀਵਨ ਜਾਚ ਸਿੱਖਦੀ ਆ ਰਹੀ ਹੈ। ਸਰਬੱਤ ਦਾ ਭਲਾ, ਸਰਬ ਸਾਂਝੀਵਾਲਤਾ ਅਤੇ ਊਚ ਨੀਚ ਦੇ ਭਿੰਨ ਭੇਦ ਨੂੰ ਅਸਲੋਂ ਹੀ ਰੱਦ ਕਰਨ ਵਰਗੇ ਸਦਗੁਣ ਇਸ ਜਾਗਤ ਜੋਤ ਗੁਰੂ ਗਰੰਥ ਸਾਹਿਬ ਜੀ ਦੀ ਬਖਸ਼ਿਸ਼ ਕਰਕੇ ਹੀ ਸੰਭਵ ਹਨ।

ਸਭ ਤੋਂ ਪਹਿਲਾਂ ਇਹ ਸਮਝਣਾ ਲਾਜ਼ਮੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਲਈ ਕੀ ਹਨ। ਧੰਨ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਸਿਰਫ਼ ਸਬਦਾਂ ਦਾ ਭੰਡਾਰ ਨਹੀਂ, ਨਾ ਹੀ ਇਹ ਕਾਗਜ਼ਾਂ 'ਤੇ ਲਿਖਿਆ ਹੋਇਆ ਦੁਨਿਆਵੀ ਸਾਹਿਤ ਹੈ, ਬਲਕਿ ਇਹ ਤਾਂ ਉਹ "ਸ਼ਬਦ ਗੁਰੂ" ਹਨ, ਜਿਸਦੀ ਸਥਾਪਨਾ ਖੁਦ ਗੁਰੂ ਸਾਹਿਬਾਨ ਨੇ ਕੀਤੀ। ਪੰਜਵੇਂ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ 1604 ਵਿੱਚ ਆਦਿ ਗ੍ਰੰਥ ਦੀ ਸੰਪਾਦਨਾ ਕਰਕੇ ਇਸਨੂੰ ਹਰਿਮੰਦਰ ਸਾਹਿਬ ਵਿੱਚ ਪੋਥੀ ਸਾਹਿਬ ਦੇ ਰੂਪ ਵਿੱਚ ਸਥਾਪਿਤ ਕੀਤਾ।

ਇਹ ਸੰਪਾਦਨਾ ਸਿਰਫ਼ ਰਚਨਾਵਾਂ ਨੂੰ ਇਕੱਠਾ ਕਰਨ ਦਾ ਕੰਮ ਨਹੀਂ ਸੀ, ਸਗੋਂ ਸੱਚ ਦੀ ਪਰਖ ਦਾ ਇਕ ਵੱਡਾ ਮਾਪਦੰਡ ਸੀ। ਗੁਰੂ ਅਰਜਨ ਦੇਵ ਜੀ ਨੇ ਸਿਰਫ਼ ਸਿੱਖ ਗੁਰੂਆਂ ਦੀ ਬਾਣੀ ਹੀ ਨਹੀਂ, ਸਗੋਂ 15 ਭਗਤਾਂ, 11 ਭੱਟਾਂ ਅਤੇ ਤਿੰਨ ਗੁਰਸਿੱਖਾਂ ਦੀ ਬਾਣੀ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ। ਇਹ ਗੱਲ ਸਪੱਸ਼ਟ ਕਰਦੀ ਹੈ ਕਿ ਇਹ ਗ੍ਰੰਥ ਕਿਸੇ ਇੱਕ ਵਿਅਕਤੀ ਦੀ ਲਿਖਤ ਨਹੀਂ, ਸਗੋਂ ਸੱਚ ਦੀ ਸਰਬਵਿਆਪੀ ਅਵਾਜ਼ ਹੈ। ਜੇ ਇਹ ਸਿਰਫ਼ ਇੱਕ "ਕਿਤਾਬ" ਹੁੰਦੀ, ਤਾਂ ਕੀ ਗੁਰੂ ਸਾਹਿਬ ਇਸਨੂੰ ਇੰਨੀ ਮਹੱਤਤਾ ਦਿੰਦੇ ? ਕੀ ਹਰਿਮੰਦਰ ਸਾਹਿਬ ਵਿੱਚ ਇਸਦੀ ਪ੍ਰਕਾਸ਼ਨਾ ਕੀਤੀ ਜਾਂਦੀ ? ਕੀ ਇਸਦੇ ਅੱਗੇ ਸਿਰ ਨਿਵਾਇਆ ਜਾਂਦਾ ? ਇਹ ਸਵਾਲ ਹਰ ਉਹ ਵਿਅਕਤੀ ਆਪਣੇ ਆਪ ਤੋਂ ਪੁੱਛੇ ਜੋ ਇਸ ਜੁੱਗੋ ਜੁੱਗ ਅਟੱਲ ਗੁਰੂ ਨੂੰ ਸਧਾਰਣ ਧਾਰਮਿਕ ਪੁਸਤਕ ਕਹਿਣ ਦੀ ਜੁਰਅਤ ਕਰਦਾ ਹੈ। ਸਿੱਖ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਆਸਥਾ ਲਈ ਸਿੱਖਾਂ ਨੇ ਆਪਣੇ ਸਿਰ ਤੱਕ ਵਾਰ ਦਿੱਤੇ। 18ਵੀਂ ਸਦੀ ਦੇ ਮੁਸ਼ਕਲ ਸਮਿਆਂ ਵਿੱਚ ਜਦੋਂ ਸਿੱਖਾਂ 'ਤੇ ਜ਼ੁਲਮਾਂ ਦੀਆਂ ਹੱਦਾਂ ਪਾਰ ਹੋ ਰਹੀਆਂ ਸਨ, ਉਸ ਵੇਲੇ ਵੀ ਸਿੱਖ ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਅਤੇ ਸਤਿਕਾਰ ਨੂੰ ਕਦੇ ਨਹੀਂ ਛੱਡਿਆ।

ਜੰਗ ਦੇ ਮੈਦਾਨਾਂ ਵਿੱਚ ਵੀ ਇਸਦੀ ਸੁਰੱਖਿਆ ਲਈ ਜਾਨਾਂ ਦਿੱਤੀਆਂ ਗਈਆਂ। ਕੀ ਆਮ ਕਿਤਾਬ ਪ੍ਰਤੀ ਐਨੀ ਸ਼ਰਧਾ ਰੱਖੀ ਜਾ ਸਕਦੀ ਹੈ ? ਸਿੱਖੀ ਵਿੱਚ "ਗੁਰੂ" ਦਾ ਅਰਥ ਸਿਰਫ਼ ਸਿੱਖਿਆ ਦੇਣ ਵਾਲਾ ਨਹੀਂ, ਸਗੋਂ ਅੰਧਕਾਰ ਤੋਂ ਪ੍ਰਕਾਸ਼ ਵੱਲ ਲੈ ਕੇ ਜਾਣ ਵਾਲਾ ਅਕਾਲ ਪੁਰਖ ਵਿੱਚ ਅਭੇਦ ਹੋਣ ਦੀ ਸਮਰੱਥਾ ਰੱਖਣ ਵਾਲਾ ਮਹਾਨ ਪੁਰਸ਼ ਹੁੰਦਾ ਹੈ। ਗੁਰੂ ਗ੍ਰੰਥ ਸਾਹਿਬ ਜੀ ਉਹ ਸਦੀਵੀਂ ਰੌਸ਼ਨੀ ਹੈ ਜੋ ਮਨੁੱਖ ਨੂੰ ਅਗਿਆਨਤਾ ਦੇ ਹਨੇਰੇ ਤੋਂ ਗਿਆਨ ਦੇ ਪ੍ਰਕਾਸ਼ ਵੱਲ ਲੈ ਜਾਂਦੀ ਹੈ। ਇਹ ਸਿਰਫ਼ ਪੜ੍ਹਨ ਲਈ ਨਹੀਂ, ਸਗੋਂ ਜਿਉਣ ਲਈ ਹਨ। ਇਸ ਦੀ ਬਾਣੀ ਮਨੁੱਖ ਦੇ ਅੰਦਰੂਨੀ ਬਦਲਾਅ ਦੀ ਗੱਲ ਕਰਦੀ ਹੈ, ਉਸਨੂੰ ਅਹੰਕਾਰ ਤੋਂ ਦੂਰ ਕਰਕੇ ਨਾਮ ਨਾਲ ਜੋੜਦੀ ਹੈ। ਠਾਕੁਰ ਦਲੀਪ ਸਿੰਘ ਦਾ ਉਕਤ ਬਿਆਨ ਸਿੱਖ ਦਰਸ਼ਨ ਦੀ ਮੂਲ ਸਮਝ ਤੋਂ ਬਿਲਕੁਲ ਕੋਰਾ ਅਤੇ ਵੱਖਰਾ ਹੈ। ਇਹ ਗੱਲ ਸਿਰਫ਼ ਅਗਿਆਨਤਾ ਨਹੀਂ ਦਿਖਾਉਂਦੀ, ਸਗੋਂ ਇੱਕ ਜਾਣ-ਬੁੱਝ ਕੇ ਕੀਤਾ ਗਿਆ ਗੁਨਾਹ ਜਾਪਦਾ ਹੈ। ਜੇ ਉਹ ਸਿੱਖ ਇਤਿਹਾਸ ਨੂੰ ਪੜ੍ਹਦੇ ਹਨ, ਗੁਰਬਾਣੀ ਦੀ ਅਸਲ ਵਿਚਾਰਧਾਰਾ ਨੂੰ ਸਮਝਦੇ ਹਨ,ਤਾਂ ਫਿਰ ਉਹ ਐਨੀ ਵੱਡੀ ਗੁਸਤਾਖੀ ਕਰਨ ਦੀ ਜੁਰਅਤ ਕਿਵੇਂ ਕਰ ਸਕਦੇ ਹਨ। ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਸਿੱਖ ਮਰਯਾਦਾ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਨੂੰ ਜੀਵੰਤ ਗੁਰੂ ਵਜੋਂ ਮੰਨਿਆ ਜਾਂਦਾ ਹੈ।

ਗੁਰੂ ਗਰੰਥ ਸਾਹਿਬ ਜੀ ਦਾ ਪ੍ਰਕਾਸ਼ , ਉਹਨਾਂ ਦਾ ਸੁਖਾਸਨ, ਉਹਨਾਂ ਦੇ ਪਰਕਾਸ਼ 'ਤੇ ਚੌਰ ਸਾਹਿਬ ਦੀ ਸੇਵਾ, ਇਹ ਸਾਰੇ ਪ੍ਰਮਾਣ ਹਨ ਕਿ ਇਹ ਸਿਰਫ਼ ਇੱਕ ਪੁਸਤਕ ਨਹੀਂ, ਬਲਕਿ ਤਖਤ ਚੌਰ ਦੇ ਮਾਲਕ, ਜਾਗਤ ਜੋਤ ਗੁਰੂ ਗਰੰਥ ਸਾਹਿਬ ਜੀ ਹਨ। ਇਸ ਤੋਂ ਇਲਾਵਾ ਭਾਰਤ ਦੀ ਸਭ ਤੋਂ ਵੱਡੀ ਅਦਾਲਤ ਸੁਪਰੀਮ ਕੋਰਟ ਨੇ ਵੀ ਸ੍ਰੀ ਗੁਰੂ ਗਰੰਥ ਸਾਹਿਬ ਜੀ ਨੂੰ ਜਾਗਤ ਜੋਤ ਗੁਰੂ ਮੰਨਿਆ ਹੈ। ਜੇਕਰ ਫਿਰ ਵੀ ਇੱਕ ਵੱਡੀ ਸੰਸਥਾ ਦੇ ਇੱਕ ਧੜੇ ਦੇ ਮੁਖੀ ਵੱਲੋਂ ਅਜਿਹਾ ਬੋਲਿਆ ਗਿਆ ਹੈ, ਤਾਂ ਇਹ ਬੇਹੱਦ ਮੰਦਭਾਗਾ ਅਤੇ ਨਿੰਦਣਯੋਗ ਹੈ। ਇਸ ਮਸਲੇ ਨੂੰ ਸਿਰਫ਼ ਭਾਵਨਾਤਮਕ ਰੂਪ ਵਿੱਚ ਨਹੀਂ, ਸਗੋਂ ਤਰਕਸੰਗਤ ਢੰਗ ਨਾਲ ਵੀ ਦੇਖਣ ਦੀ ਲੋੜ ਹੈ। ਇੱਕ ਧਾਰਮਿਕ ਕਿਤਾਬ ਸਿਰਫ਼ ਜਾਣਕਾਰੀ ਦੇ ਸਕਦੀ ਹੈ, ਪਰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਜੀਵਨ ਨੂੰ ਦਿਸ਼ਾ ਦਿੰਦੇ ਹਨ। ਇੱਕ ਕਿਤਾਬ ਸਮੇਂ ਦੇ ਨਾਲ ਬਦਲ ਸਕਦੀ ਹੈ, ਪਰ ਗੁਰਬਾਣੀ ਸਦੀਵੀਂ ਹੈ। ਇੱਕ ਕਿਤਾਬ ਕਿਸੇ ਲੇਖਕ ਦੀ ਸੋਚ ਹੁੰਦੀ ਹੈ, ਪਰ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਉਸ ਅਕਾਲ ਜੋਤ ਦੀ ਅਵਾਜ਼ ਹੈ। ਇਸ ਲਈ, ਜਦੋਂ ਕੋਈ ਇਸਨੂੰ ਸਿਰਫ਼ ਧਾਰਮਿਕ ਕਿਤਾਬ ਕਹਿੰਦਾ ਹੈ, ਤਾਂ ਉਹ ਸਿੱਖੀ ਦੀ ਪੂਰੀ ਆਤਮਿਕ ਰਚਨਾ ਨੂੰ ਹੀ ਨਜ਼ਰਅੰਦਾਜ਼ ਕਰਦਾ ਹੈ। ਇਸ ਵਰਤਾਰੇ ਨੂੰ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੇ ਮਹੱਤਵ ਨੂੰ ਘਟਾਉਣ ਦੀ ਕੋਸ਼ਿਸ਼ ਵਜੋਂ ਦੇਖੇ ਜਾਣ ਦੀ ਜ਼ਰੂਰਤ ਹੈ। ਇਹ ਸਪੱਸ਼ਟ ਕਰਨਾ ਬੇਹੱਦ ਜ਼ਰੂਰੀ ਹੈ ਕਿ ਸਿੱਖ ਕੌਮ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿਰਫ਼ ਧਾਰਮਿਕ ਗ੍ਰੰਥ ਨਹੀਂ, ਸਗੋਂ ਜੀਵਨ ਦਾ ਮੂਲ ਆਧਾਰ ਹਨ। ਇਹ ਉਹ ਜੋਤ ਹਨ ਜੋ ਸਦੀਆਂ ਤੋਂ ਸਿੱਖਾਂ ਨੂੰ ਰਾਹ ਦਿਖਾ ਰਹੀ ਹੈ ਅਤੇ ਅੱਗੇ ਵੀ ਦਿਖਾਉਂਦੀ ਰਹੇਗੀ। ਇਸਨੂੰ ਧਾਰਮਿਕ ਕਿਤਾਬ ਕਹਿਣਾ ਨਾ ਸਿਰਫ਼ ਗਲਤੀ ਹੈ, ਸਗੋਂ ਇਤਿਹਾਸਕ ਸੱਚਾਈ ਅਤੇ ਆਸਥਾ ਦੇ ਖਿਲਾਫ਼ ਇੱਕ ਵੱਡਾ ਅਪਰਾਧ ਹੈ। ਜੇ ਕਿਸੇ ਨੂੰ ਸਚਮੁੱਚ ਲੋਕ ਪਰਲੋਕ ਦੇ ਰਹੱਸ ਨੂੰ ਸਮਝਣ ਦੀ ਇੱਛਾ ਹੈ, ਤਾਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਵਿਧੀ ਅਤੇ ਸਤਿਕਾਰ ਸਹਿਤ ਅਧਿਐਨ ਕਰਨਾ ਅਤੇ ਆਪਣੇ ਜੀਵਨ ਵਿੱਚ ਲਾਗੂ ਕਰਨਾ ਹੋਵੇਗਾ, ਫਿਰ ਖੁਦ ਬ ਖੁਦ ਆਪਣੇ ਆਪ ਨੂੰ ਪਤਾ ਲੱਗ ਜਾਵੇਗਾ ਕਿ ਇਹ ਮਹਿਜ਼ ਲਫ਼ਜ਼ਾਂ ਦਾ ਭੰਡਾਰ ਨਹੀਂ।

ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ 1708 ਵਿੱਚ ਨਾਂਦੇੜ ਦੀ ਧਰਤੀ 'ਤੇ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਨੂੰ ਗੁਰਤਾਗੱਦੀ ਦੇਕੇ ਸਮੁੱਚੇ ਸਿੱਖ ਜਗਤ ਨੂੰ "ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ" ਦਾ ਸਦੀਵੀਂ ਹੁਕਮ ਦਿੱਤਾ, ਜਿਹੜਾ ਸਿੱਖ ਅਤੇ ਗੁਰੂ ਦੇ ਆਪਸੀ ਰਿਸ਼ਤੇ ਅਤੇ ਆਤਮਿਕ ਰਾਹਦਾਰੀ ਦਾ ਅੰਤਿਮ ਫੈਸਲਾ ਸੀ। ਗੁਰੂ ਸਾਹਿਬ ਦੇ ਇਸ ਹੁਕਮ ਨਾਲ ਸਿੱਖਾਂ ਲਈ ਮਨੁੱਖੀ ਸਰੀਰ ਵਾਲੇ ਗੁਰੂਆਂ ਦੀ ਲੜੀ ਖਤਮ ਹੋ ਗਈ ਅਤੇ ਸਦੀਵੀਂ ਗੁਰੂ ਵਜੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪ੍ਰਕਾਸ਼ ਕੀਤਾ ਗਿਆ। ਜਿਸਦੀ ਰੌਸ਼ਨੀ ਹਮੇਸ਼ਾ ਦੁਨੀਆਂ ਦਾ ਰਾਹ ਰੁਸ਼ਨਾਉਂਦੀ ਰਹੇਗੀ।



ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ



## ਰੋਜ਼ਾਨਾ ਇੱਕ ਕੇਲਾ ਖਾਣ ਨਾਲ ਡਾਕਟਰ ਵੀ ਰਹਿੰਦੈ ਦੂਰ



ਤੁਸੀਂ ਇਹ ਕਹਾਵਤ ਸੁਣੀ ਹੋਵੇਗੀ ਕਿ ਰੋਜ਼ਾਨਾ ਇੱਕ ਸੇਬ ਖਾਣ ਨਾਲ ਡਾਕਟਰ ਦੂਰ ਰਹਿੰਦਾ ਹੈ, ਪਰ ਕੀ ਤੁਸੀਂ ਜਾਣਦੇ ਹੋ ਕਿ ਰੋਜ਼ਾਨਾ ਇੱਕ ਕੇਲਾ ਖਾਣ ਨਾਲ ਡਾਕਟਰ ਵੀ ਦੂਰ ਰਹਿੰਦਾ ਹੈ? ਤੁਸੀਂ ਸੇਬ ਦੀ ਬਜਾਏ ਕੇਲੇ ਦੀ ਵਰਤੋਂ ਵੀ ਕਰ ਸਕਦੇ ਹੋ। ਕੇਲਾ ਇੱਕ ਅਜਿਹਾ ਫਲ ਹੈ ਜਿਸਨੂੰ ਰੋਜ਼ਾਨਾ ਖਾਣ ਨਾਲ ਅੰਤੜੀਆਂ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ। ਫਾਈਬਰ ਅਤੇ ਪੋਟਾਸ਼ੀਅਮ ਨਾਲ ਭਰਪੂਰ, ਕੇਲੇ ਸਰੀਰ ਲਈ ਲਾਭਦਾਇਕ ਮੰਨੇ ਜਾਂਦੇ ਹਨ। ਕੇਲੇ ਨੂੰ ਪੇਟ ਲਈ ਅੰਮ੍ਰਿਤ ਕਹਿਣਾ ਗਲਤ ਨਹੀਂ ਹੋਵੇਗਾ।

**ਬਲੱਡ ਪ੍ਰੈਸ਼ਰ ਕੰਟਰੋਲ ਲਈ ਕੇਲਾ ਫਾਇਦੇਮੰਦ ;** ਰੋਜ਼ਾਨਾ ਕੇਲੇ ਖਾਣ ਨਾਲ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਵਿੱਚ ਮਦਦ ਮਿਲਦੀ ਹੈ। ਕੇਲੇ ਪੋਟਾਸ਼ੀਅਮ ਨਾਲ ਭਰਪੂਰ ਹੁੰਦੇ ਹਨ, ਜੋ ਬਲੱਡ ਪ੍ਰੈਸ਼ਰ ਨੂੰ ਨਿਯਮਤ ਕਰਨ ਲਈ ਇੱਕ ਜ਼ਰੂਰੀ ਖਣਿਜ ਹੈ। ਕੇਲਿਆਂ ਵਿੱਚ ਐਂਟੀਆਕਸੀਡੈਂਟ ਵੀ ਹੁੰਦੇ ਹਨ ਜੋ ਆਕਸੀਡੇਟਿਵ ਤਣਾਅ ਨੂੰ ਘਟਾਉਂਦੇ ਹਨ। ਇਸ ਲਈ, ਜਦੋਂ ਤੁਸੀਂ ਖਾਣੇ ਦੇ ਵਿਚਕਾਰ ਭੁੱਖੇ ਹੁੰਦੇ ਹੋ ਤਾਂ ਕੇਲੇ ਇੱਕ ਵਧੀਆ ਸਨੈਕ ਹੁੰਦੇ ਹਨ।

**ਕੇਲੇ ਅੰਤੜੀਆਂ ਲਈ ਫਾਇਦੇਮੰਦ ;** ਰੋਜ਼ਾਨਾ ਇੱਕ ਕੇਲਾ ਖਾਣ ਨਾਲ ਅੰਤੜੀਆਂ ਦੀ ਸਿਹਤ ਬਣਾਈ ਰੱਖਣ ਵਿੱਚ ਮਦਦ ਮਿਲਦੀ ਹੈ। ਕੇਲੇ ਅੰਤੜੀਆਂ ਲਈ ਸਭ ਤੋਂ ਆਸਾਨ ਅਤੇ ਸਭ ਤੋਂ ਲਾਭਦਾਇਕ ਸਨੈਕਸਾਂ ਵਿੱਚੋਂ ਇੱਕ ਹੈ। ਇਹ ਫਲ ਰੋਧਕ ਸਟਾਰਚ ਅਤੇ ਪ੍ਰੀਬਾਇਓਟਿਕ ਫਾਈਬਰ ਨਾਲ ਭਰਪੂਰ ਹੁੰਦਾ ਹੈ, ਜੋ ਸਿਹਤਮੰਦ ਅੰਤੜੀਆਂ ਦੇ ਬੈਕਟੀਰੀਆ ਨੂੰ ਪੋਸ਼ਣ ਦੇਣ ਵਿੱਚ ਮਦਦ ਕਰਦਾ ਹੈ। ਇਹ ਅੰਤੜੀਆਂ ਦੀ ਮੁਰੰਮਤ ਨੂੰ ਉਤਸ਼ਾਹਿਤ ਕਰਦਾ ਹੈ, ਸੋਜਸ਼ ਨੂੰ ਘਟਾਉਂਦਾ ਹੈ, ਅਤੇ ਲੰਬੇ ਸਮੇਂ ਲਈ ਅੰਤੜੀਆਂ ਦੀ ਸਿਹਤ ਨੂੰ ਬਣਾਈ ਰੱਖਦਾ ਹੈ।

**ਰੋਜ਼ਾਨਾ ਇੱਕ ਕੇਲਾ ਖਾਣ ਦੇ ਫਾਇਦੇ ;** ਰੋਜ਼ਾਨਾ ਇੱਕ ਕੇਲਾ ਖਾਣ ਨਾਲ ਸਰੀਰ ਨੂੰ 105 ਕੈਲੋਰੀ, 88.4 ਗ੍ਰਾਮ ਪਾਣੀ, 1.29 ਗ੍ਰਾਮ ਪ੍ਰੋਟੀਨ, 26.9 ਗ੍ਰਾਮ ਕਾਰਬੋਹਾਈਡਰੇਟ, 14.4 ਗ੍ਰਾਮ ਚੀਨੀ, 3.07 ਗ੍ਰਾਮ ਫਾਈਬਰ ਅਤੇ 0.39 ਗ੍ਰਾਮ ਚਰਬੀ ਮਿਲਦੀ ਹੈ। ਕੇਲੇ ਪੋਟਾਸ਼ੀਅਮ, ਵਿਟਾਮਿਨ ਬੀ6 ਅਤੇ ਵਿਟਾਮਿਨ ਸੀ ਨਾਲ ਭਰਪੂਰ ਹੁੰਦੇ ਹਨ। ਕੇਲੇ ਇੱਕ ਅਜਿਹਾ ਫਲ ਹੈ ਜੋ ਅੰਤੜੀਆਂ ਅਤੇ ਸਮੁੱਚੀ ਸਿਹਤ ਨੂੰ ਬਿਹਤਰ ਬਣਾਉਂਦਾ ਹੈ।

### ਸੰਸਦ ਮੈਂਬਰ ਸੰਧੂ ਨੇ ਪੰਜਾਬ ਵਿੱਚ ਵਾਰ-ਵਾਰ ਆਉਣ ਵਾਲੇ ਹੜ੍ਹਾਂ ਦਾ ਮੁੱਦਾ ਉਠਾਇਆ

# ਪੰਜਾਬ ਵਿੱਚ ਹੜ੍ਹ ਹੁਣ ਕੁਦਰਤੀ ਆਫ਼ਤ ਨਹੀਂ ਰਹੇ, ਸਗੋਂ ਇੱਕ ਅਨੁਮਾਨਯੋਗ ਆਫ਼ਤ

### 2025 ਦੇ ਪੰਜਾਬ ਦੇ ਹੜ੍ਹਾਂ ਤੋਂ ਕੋਈ ਸਬਕ ਨਹੀਂ ਸਿੱਖਿਆ, ਚਾਰ ਮਹੀਨਿਆਂ ਵਿੱਚ ਇੱਕ ਹੋਰ ਹੜ੍ਹ ਦਾ ਖ਼ਤਰਾ ਮੰਡਰਾ ਰਿਹੈ

ਮੁਹਾਲੀ, 30 ਮਾਰਚ (ਚ.ਨ.ਸ.) : ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਕੇਂਦਰ ਸਰਕਾਰ ਨੂੰ ਹੜ੍ਹਾਂ ਦੇ ਜੋਖਮਾਂ, ਜਾਨ-ਮਾਲ ਦੇ ਨੁਕਸਾਨ ਨੂੰ ਘਟਾਉਣ ਅਤੇ ਪਾਣੀ ਦੀ ਸੰਭਾਲ ਨੂੰ ਯਕੀਨੀ ਬਣਾਉਣ ਲਈ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਪ੍ਰਬੰਧਨ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਲਈ ਵਿਆਪਕ ਪੰਜਾਬ ਹੜ੍ਹ ਲਚਕੀਲਾਪਣ ਅਤੇ ਪਾਣੀ ਸੁਰੱਖਿਆ ਯੋਜਨਾ ਬਣਾਉਣ ਦੀ ਮੰਗ ਕੀਤੀ। ਇਸ ਯੋਜਨਾ ਵਿੱਚ ਹੜ੍ਹ-ਨਿਯੰਤਰਣ ਡੈਮਾਂ ਅਤੇ ਛੋਟੇ ਪਾਣੀ ਭੰਡਾਰਾਂ ਦਾ ਨਿਰਮਾਣ, ਅਤੇ ਆਰਸੀਸੀ ਲਾਈਨਿੰਗ ਰਾਹੀਂ ਬੰਨ੍ਹਾਂ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ।ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਸੰਸਦ ਦੇ ਮੌਜੂਦਾ ਬਜਟ ਸੈਸ਼ਨ ਵਿੱਚ ਪ੍ਰਸ਼ਨ ਕਾਲ ਦੌਰਾਨ ਇਹ ਮੰਗ ਉਠਾਈ। ਉਨ੍ਹਾਂ ਨੇ ਪੰਜਾਬ ਵਿੱਚ ਵਾਰ-ਵਾਰ ਆਉਣ ਵਾਲੇ ਹੜ੍ਹਾਂ ਦੇ ਗੰਭੀਰ ਮੁੱਦੇ ਨੂੰ ਉਜਾਗਰ ਕੀਤਾ ਅਤੇ ਕੇਂਦਰ ਸਰਕਾਰ ਨੂੰ ਇਸ ਤਬਾਹੀ ਨੂੰ ਰੋਕਣ ਲਈ ਤੁਰੰਤ ਅਤੇ ਫੈਸਲਾਕੁੰਨ ਕਾਰਵਾਈ ਕਰਨ ਦੀ ਅਪੀਲ ਕੀਤੀ।



ਸੰਸਦ ਵਿੱਚ ਜ਼ੀਰੋ ਆਵਰ ਦੌਰਾਨ ਬੋਲਦਿਆਂ, ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਮਾਹਿਰਾਂ ਦੁਆਰਾ ਹਾਲ ਹੀ ਦੇ ਸਾਲਾਂ ਦੇ ਹੜ੍ਹਾਂ ਨੂੰ ਪਿਛਲੇ 40 ਸਾਲਾਂ ਵਿੱਚ ਸਭ ਤੋਂ ਭਿਆਨਕ ਮੰਨਿਆ ਗਿਆ ਹੈ। ਹੜ੍ਹਾਂ 2023 ਅਤੇ 2025 ਵਿੱਚ 80 ਤੋਂ ਵੱਧ ਲੋਕਾਂ ਦੀ ਜਾਨ ਗਈ, ਜਦੋਂ ਕਿ 300,000 ਤੋਂ ਵੱਧ ਪਸ਼ੂ ਮਾਰੇ ਗਏ ਅਤੇ ਲੱਖਾਂ ਏਕੜ ਖੇਤੀਬਾੜੀ ਜ਼ਮੀਨ ਤਬਾਹ ਹੋ ਗਈ। ਉਨ੍ਹਾਂ ਚਿੰਤਾ ਪ੍ਰਗਟ ਕੀਤੀ ਕਿ ਭਵਿੱਖ ਵਿੱਚ ਹੜ੍ਹ ਹੋਰ ਵੀ ਵਿਨਾਸ਼ਕਾਰੀ ਅਤੇ ਗੰਭੀਰ ਹੋ ਸਕਦੇ ਹਨ।

ਸਥਿਤੀ ਦੀ ਗੰਭੀਰਤਾ ਬਾਰੇ, ਸੰਸਦ ਮੈਂਬਰ ਸੰਧੂ ਨੇ ਕਿਹਾ, ਪਿਛਲੇ ਹੜ੍ਹ ਤੋਂ ਛੇ ਮਹੀਨੇ ਬੀਤ ਚੁੱਕੇ ਹਨ, ਅਤੇ ਅਗਲੇ ਹੜ੍ਹ ਸੀਜ਼ਨ ਲਈ ਸਿਰਫ਼ ਚਾਰ ਮਹੀਨੇ ਬਾਕੀ ਹਨ। ਪਰ ਹੁਣ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ ਹੈ, ਨਾ ਹੀ ਜ਼ਿੰਮੇਵਾਰਾਂ ਵਿਰੁੱਧ ਕੋਈ ਕਾਰਵਾਈ ਕੀਤੀ ਗਈ ਹੈ।

ਸੁਧਾਰਾਤਮਕ ਉਪਾਅ ਸੁਝਾਉਂਦੇ ਹੋਏ, ਸੰਸਦ ਮੈਂਬਰ ਸੰਧੂ ਨੇ ਕਿਹਾ, ਸਾਨੂੰ ਡੈਮਾਂ ਵਿੱਚ ਵਧ ਰਹੀ ਗਾਰਾਪਣ, ਗੈਰ-ਕਾਨੂੰਨੀ ਮਾਈਨਿੰਗ, ਕੁਦਰਤੀ ਡਰੇਨੇਜ ਚੈਨਲਾਂ @ਤੇ ਕਬਜ਼ੇ ਅਤੇ ਨਦੀ ਦੇ ਪੈਟਰਨ ਨੂੰ ਬਦਲਣ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਚਾਹੀਦਾ ਹੈ।÷ ਭਾਖੜਾ ਡੈਮ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਇਸਦੀ ਕੁੱਲ ਸਮਰੱਥਾ 9 ਬਿਲੀਅਨ ਘਣ ਮੀਟਰ ਹੋਣ ਦੇ ਬਾਵਜੂਦ, ਭਾਰੀ ਗਾਰਾਪਣ ਕਾਰਨ ਇਸਦੀ ਸਮਰੱਥਾ ਲਗਭਗ 2 ਬਿਲੀਅਨ ਘਣ ਮੀਟਰ ਘੱਟ ਗਈ ਹੈ। ਇਸ ਦੌਰਾਨ, ਗੋਬਿੰਦ ਸਾਗਰ ਝੀਲ ਵਿੱਚ 100-200 ਫੁੱਟ ਤੱਕ ਗਾਰਾਪਣ ਸਾਡੇ ਜਲ ਪ੍ਰਬੰਧਨ ਪ੍ਰਣਾਲੀ ਲਈ ਇੱਕ ਗੰਭੀਰ ਚੇਤਾਵਨੀ ਹੈ। ਤਕਨਾਲੋਜੀ-ਅਧਾਰਤ ਹੱਲਾਂ 'ਤੇ ਬੋਲਦਿਆਂ, ਸੰਧੂ ਨੇ ਕਿਹਾ, ਹੜ੍ਹਾਂ ਦੀ ਭਵਿੱਖਬਾਣੀ ਵਿੱਚ ਸੈਟੇਲਾਈਟ ਮੈਪਿੰਗ, ਏਆਈ-ਅਧਾਰਤ ਬਾਰਿਸ਼ ਮਾਡਲਿੰਗ, ਅਤੇ ਡਿਜੀਟਲ ਹੜ੍ਹ ਚੇਤਾਵਨੀ ਪ੍ਰਣਾਲੀਆਂ ਸ਼ਾਮਲ ਹੋਣੀਆਂ ਚਾਹੀਦੀਆਂ ਹਨ। ਵੈੱਟਲੈਂਡਜ਼ ਨੂੰ ਕੁਦਰਤੀ ਹੜ੍ਹ ਬਫਰਾਂ ਵਜੋਂ ਮੁੜ ਸੁਰਜੀਤ ਕੀਤਾ ਜਾਣਾ ਚਾਹੀਦਾ ਹੈ, ਅਤੇ ਦਰਿਆਈ ਪਾਣੀ ਦੀ ਗੁਣਵੱਤਾ ਦੀ ਤਿਮਾਹੀ ਜਨਤਕ ਰਿਪੋਰਟਿੰਗ ਨੂੰ ਯਕੀਨੀ ਬਣਾਉਣ ਲਈ ਇੱਕ ਏਕੀਕ੍ਰਿਤ ਨਦੀ ਸਿਹਤ ਸੂਚਕਾਂਕ ਅਤੇ ਇੱਕ ਓਪਨ ਡੇਟਾ ਸਿਸਟਮ ਬਣਾਇਆ ਜਾਣਾ ਚਾਹੀਦਾ ਹੈ। ਸਾਨੂੰ ਗਤੀਸ਼ੀਲ ਭੰਡਾਰ ਪ੍ਰਬੰਧਨ ਦੀ ਇੱਕ ਪ੍ਰਣਾਲੀ ਅਪਣਾਉਣੀ ਚਾਹੀਦੀ ਹੈ, ਜਿੱਥੇ ਪਾਣੀ ਛੱਡਣ ਦੇ ਨਿਯਮ ਪੂਰੀ ਤਰ੍ਹਾਂ ਵਿਗਿਆਨਕ ਭਵਿੱਖਬਾਣੀ 'ਤੇ ਅਧਾਰਤ ਹੋਣ। ਸੰਸਦ ਮੈਂਬਰ ਨੇ ਸਿੱਟਾ ਕੱਢਿਆ, ਸਿਰਫ਼ ਪ੍ਰਤੀਕਿਰਿਆ ਦਾ ਸਮਾਂ ਖਤਮ ਹੋ ਗਿਆ ਹੈ। ਪੰਜਾਬ ਨੂੰ ਵਾਰ-ਵਾਰ ਆਉਣ ਵਾਲੀਆਂ ਹੜ੍ਹ ਆਫ਼ਤਾਂ ਤੋਂ ਬਚਾਉਣ ਲਈ ਤੁਰੰਤ, ਫੈਸਲਾਕੁੰਨ ਅਤੇ ਅਗਾਂਹਵਧੂ ਕਾਰਵਾਈ ਦੀ ਲੋੜ ਹੈ।

## ਪੰਜਾਬ ਰਾਜ ਸੈਨਿਕ ਬੋਰਡ ਦੀ 35ਵੀਂ ਮੀਟਿੰਗ ਰਾਜਪਾਲ ਦੀ ਪ੍ਰਧਾਨਗੀ ਹੇਠ ਹੋਈ

ਚੰਡੀਗੜ੍ਹ, 30 ਮਾਰਚ (ਚ.ਨ.ਸ.) : ਪੰਜਾਬ ਰਾਜ ਸੈਨਿਕ ਬੋਰਡ ਦੀ 35ਵੀਂ ਮੀਟਿੰਗ ਅੱਜ ਪੰਜਾਬ ਲੋਕ ਭਵਨ ਵਿਖੇ ਪੰਜਾਬ ਦੇ ਮਾਣਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ, ਰਾਜਪਾਲ ਨੇ ਸ਼ਹੀਦਾਂ ਦੇ ਪਰਿਵਾਰਾਂ, ਸਾਬਕਾ ਸੈਨਿਕਾਂ, ਬਹਾਦਰ ਔਰਤਾਂ, ਵਿਧਵਾਵਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀ ਭਲਾਈ ਲਈ ਰੱਖਿਆ ਸੇਵਾਵਾਂ ਭਲਾਈ ਵਿਭਾਗ ਅਤੇ ਪੰਜਾਬ ਰਾਜ ਸੈਨਿਕ ਬੋਰਡ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਦੀ ਸਮੀਖਿਆ ਕੀਤੀ। ਉਨ੍ਹਾਂ ਲਾਭਪਾਤਰੀਆਂ ਨੂੰ ਢੁਕਵੀਂ ਸਹਾਇਤਾ ਯਕੀਨੀ ਬਣਾਉਣ ਲਈ ਇਨ੍ਹਾਂ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਅਤੇ ਸੁਚਾਰੂ ਢੰਗ ਨਾਲ ਲਾਗੂ ਕਰਨ 'ਤੇ ਜ਼ੋਰ ਦਿੱਤਾ। ਵਿਸਤ੍ਰਿਤ ਵਿਚਾਰ-ਵਟਾਂਦਰੇ ਤੋਂ ਬਾਅਦ, ਬੋਰਡ ਨੇ 7 ਮਾਰਚ, 2025 ਨੂੰ ਹੋਈ ਪਿਛਲੀ ਮੀਟਿੰਗ ਵਿੱਚ ਪ੍ਰਵਾਨ ਕੀਤੇ ਗਏ ਏਜੰਡੇ ਦੇ ਨੁਕਤਿਆਂ ਦੀ ਪੁਸ਼ਟੀ ਕੀਤੀ। ਇਸ ਤੋਂ ਇਲਾਵਾ, ਬੋਰਡ ਨੇ ਵਿੱਤੀ ਸਾਲ 2026-27 ਲਈ ਝੰਡਾ ਦਿਵਸ ਫੰਡ ਤੋਂ ਕਈ ਨਵੇਂ ਭਲਾਈ ਪ੍ਰਬੰਧਾਂ ਨੂੰ ਪ੍ਰਵਾਨਗੀ ਦਿੱਤੀ ਮੀਟਿੰਗ ਦੌਰਾਨ, ਰਾਜਪਾਲ ਨੇ ਸੇਵਾ ਕਰਨ ਵਾਲੇ ਸੈਨਿਕਾਂ, ਸਾਬਕਾ ਸੈਨਿਕਾਂ, ਬਹਾਦਰ ਔਰਤਾਂ, ਵਿਧਵਾਵਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਯਤਨਾਂ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਹਾਦਰ ਸੈਨਿਕ ਹਮੇਸ਼ਾ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਵਿੱਚ ਸਭ ਤੋਂ ਅੱਗੇ ਰਹੇ ਹਨ ਅਤੇ ਦੇਸ਼ ਦੀ ਸੁਰੱਖਿਆ ਲਈ ਕਈ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਾਡਾ ਫਰਜ਼ ਹੈ ਕਿ ਅਸੀਂ ਇਨ੍ਹਾਂ ਬਹਾਦਰ ਸੈਨਿਕਾਂ ਦੇ ਪਰਿਵਾਰਾਂ ਨੂੰ ਸਭ ਤੋਂ ਵੱਧ ਸਤਿਕਾਰ ਦੇਈਏ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਰਾਜਪਾਲ ਨੇ ਸ਼ਹੀਦਾਂ ਦੇ ਬੱਚਿਆਂ ਲਈ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਬਹਾਦਰ ਔਰਤਾਂ ਲਈ ਮਹਿਲਾ ਸਸ਼ਕਤੀਕਰਨ ਪ੍ਰੋਗਰਾਮਾਂ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ।



ਮੀਟਿੰਗ ਵਿੱਚ ਮੋਹਿੰਦਰ ਭਗਤ, ਮਾਨਯੋਗ ਮੰਤਰੀ (ਰੱਖਿਆ ਸੇਵਾਵਾਂ ਭਲਾਈ); ਸ੍ਰੀ ਜੇ.ਐਮ. ਬਾਲਾਮੁਰਗਨ, ਵਧੀਕ ਮੁੱਖ ਸਕੱਤਰ, ਰੱਖਿਆ ਸੇਵਾਵਾਂ ਭਲਾਈ, ਪੰਜਾਬ; ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ), ਡਾਇਰੈਕਟਰ, ਰੱਖਿਆ ਸੇਵਾਵਾਂ ਭਲਾਈ, ਪੰਜਾਬ; ਅਤੇ ਕੇਂਦਰੀ ਸੈਨਿਕ ਬੋਰਡ ਦੇ ਹੈੱਡਕੁਆਰਟਰ ਪੱਛਮੀ ਕਮਾਂਡ ਦੇ ਸੀਨੀਅਰ ਅਧਿਕਾਰੀ ਅਤੇ ਪੰਜਾਬ ਰਾਜ ਸੈਨਿਕ ਬੋਰਡ ਦੇ ਹੋਰ ਮੈਂਬਰ ਸ਼ਾਮਲ ਹੋਏ।

## ਰਾਜਸਥਾਨ ਅਤੇ ਓਡੀਸ਼ਾ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਪੰਜਾਬ ਲੋਕ ਭਵਨ ਵਿਖੇ ਸੱਭਿਆਚਾਰਕ ਪ੍ਰਦਰਸ਼ਨ

ਚੰਡੀਗੜ੍ਹ, 30 ਮਾਰਚ (ਚ.ਨ.ਸ.) : ਰਾਜਸਥਾਨ ਅਤੇ ਓਡੀਸ਼ਾ ਦੇ ਸਥਾਪਨਾ ਦਿਵਸ ਨੂੰ ਮਨਾਉਣ ਲਈ ਪੰਜਾਬ ਲੋਕ ਭਵਨ ਵਿਖੇ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ, ਆਪਣੀ ਪਤਨੀ, ਸ਼੍ਰੀਮਤੀ ਅਨੀਤਾ ਕਟਾਰੀਆ ਦੇ ਨਾਲ, ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਦੋਵਾਂ ਰਾਜਾਂ ਦੇ ਲੋਕਾਂ ਨੂੰ ਆਪਣੀਆਂ ਦਿਲੋਂ ਸ਼ੁਭਕਾਮਨਾਵਾਂ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਰਾਜਸਥਾਨ ਆਪਣੀ ਬਹਾਦਰੀ ਅਤੇ ਹਿੰਮਤ ਲਈ ਜਾਣਿਆ ਜਾਂਦਾ ਹੈ, ਜਦੋਂ ਕਿ ਓਡੀਸ਼ਾ ਆਪਣੀ ਸ਼ਰਧਾ ਅਤੇ ਅਧਿਆਤਮਿਕਤਾ ਲਈ ਮਸ਼ਹੂਰ ਹੈ। ਉਨ੍ਹਾਂ ਕਿਹਾ ਕਿ ਇਕੱਠੇ, ਉਹ ਭਾਰਤ ਦੀ ਸਾਂਝੀ ਪਛਾਣ ਨੂੰ ਦਰਸਾਉਂਦੇ ਹਨ। ਉਨ੍ਹਾਂ ਨੇ ÷ਏਕ ਭਾਰਤ ਸ੍ਰੇਸ਼ਠ ਭਾਰਤ÷ ਦੀ ਭੂਮਿਕਾ ਨੂੰ ਵੀ ਉਜਾਗਰ ਕੀਤਾ, ਇੱਕ ਪਹਿਲ ਜੋ ਰਾਜਾਂ ਵਿਚਕਾਰ ਸੱਭਿਆਚਾਰਕ ਆਦਾਨ-ਪ੍ਰਦਾਨ, ਬਿਹਤਰ ਸਮਝ ਅਤੇ ਏਕਤਾ ਨੂੰ ਉਤਸ਼ਾਹਿਤ ਕਰਦੀ ਹੈ। ਰਾਜਸਥਾਨ ਦੀ ਪੇਸ਼ਕਾਰੀ ਵਿੱਚ ਸ਼੍ਰੀਮਤੀ ਗੀਤਾਂਜਲੀ ਖੰਡੇਲਵਾਲ, ਆਈਪੀਐਸ ਦੁਆਰਾ ਇੱਕ ਭਾਸ਼ਣ ਸ਼ਾਮਲ ਸੀ, ਜਿਸ ਤੋਂ ਬਾਅਦ ਰਵਾਇਤੀ ਸਾਜ਼ਾਂ 'ਤੇ ਅਧਾਰਤ ਡੇਜ਼ਰਟ ਸਿੰਫਨੀ ਸੀ। ਅੰਗੀ ਗੈਰ, ਭਵਾਲ, ਕੱਥਕ, ਸਹਾਰਿਆ ਸਵੈਂਗ, ਘੂਮਰ ਅਤੇ ਕਾਲਬੇਲੀਆ ਵਰਗੇ ਲੋਕ ਅਤੇ ਸ਼ਾਸਤਰੀ ਨਾਚਾਂ ਨੇ ਰਾਜ ਦੀ ਜੀਵੰਤ ਸੱਭਿਆਚਾਰਕ ਵਿਰਾਸਤ ਨੂੰ ਪ੍ਰਦਰਸ਼ਿਤ ਕੀਤਾ। ਓਡੀਸ਼ਾ ਦੀ ਪੇਸ਼ਕਾਰੀ, ਜਿਸ ਵਿੱਚ ਡਾ. ਆਰ.ਕੇ. ਰਾਊ ਦਾ ਭਾਸ਼ਣ, ਸੰਬਲਪੁਰੀ ਲੋਕ ਨਾਚ ਦਾ ਇੱਕ ਜੋਸ਼ੀਲਾ ਪ੍ਰਦਰਸ਼ਨ, ਅਤੇ ਸ਼੍ਰੀ ਸ਼ਨੀ ਧਨੁਕ ਦੁਆਰਾ ਰਾਜਪਾਲ ਦੀ ਲਾਈਵ ਪੋਰਟਰੇਟ ਪੇਂਟਿੰਗ ਸ਼ਾਮਲ ਸੀ, ਨੇ ਪ੍ਰੋਗਰਾਮ ਵਿੱਚ ਇੱਕ ਕਲਾਤਮਕ ਪਹਿਲੂ ਜੋੜਿਆ। ਇਨ੍ਹਾਂ ਪ੍ਰਦਰਸ਼ਨਾਂ ਨੇ ਸੱਭਿਆਚਾਰਕ ਆਦਾਨ-ਪ੍ਰਦਾਨ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਉਜਾਗਰ ਕੀਤਾ।



ਰਾਜਪਾਲ ਨੇ ਮਨੁੱਖਤਾ ਦਾ ਸੰਦੇਸ਼ ਦਿੰਦੇ ਹੋਏ, ਲੋਕਾਂ ਨੂੰ ਹੰਕਾਰ ਅਤੇ ਗੁੱਸੇ ਤੋਂ ਉੱਪਰ ਉੱਠਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਭਾਵਨਾ ਭਾਰਤ ਦੀ ਮਿੱਟੀ ਵਿੱਚ ਡੂੰਘੀਆਂ ਜੜ੍ਹਾਂ ਹਨ। ਭਗਵਾਨ ਮਹਾਂਵੀਰ ਦੀਆਂ ਸਿੱਖਿਆਵਾਂ ਦਾ ਹਵਾਲਾ ਦਿੰਦੇ ਹੋਏ, ਖਾਸ ਕਰਕੇ ਮਹਾਵੀਰ ਜਯੰਤੀ ਦੇ ਸੰਦਰਭ ਵਿੱਚ, ਉਨ੍ਹਾਂ ਨੇ ਮਾਫੀ, ਅਹਿੰਸਾ ਅਤੇ ਸਦਭਾਵਨਾ ਦੇ ਮੁੱਲਾਂ ਨੂੰ ਉਜਾਗਰ ਕੀਤਾ। ਰਾਜਪਾਲ ਨੇ ਕਿਹਾ ਕਿ ਸਥਾਪਨਾ ਦਿਵਸ ਸਾਂਝੇ ਤੌਰ 'ਤੇ ਮਨਾਉਣ ਨਾਲ ਰਾਜਾਂ ਵਿਚਕਾਰ ਆਪਸੀ ਸਤਿਕਾਰ ਅਤੇ ਸਮਝ ਨੂੰ ਉਤਸ਼ਾਹਿਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ ਤਾਕਤ ਇਸਦੀ ਵਿਭਿੰਨਤਾ ਵਿੱਚ ਹੈ ਅਤੇ ਅਜਿਹੇ ਸਮਾਗਮ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਸਹਾਇਤਾ ਕਰਦੇ ਹਨ।

## ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਏਆਈ-ਅਧਾਰਿਤ ਸਿੰਚਾਈ ਪ੍ਰਬੰਧਨ ਲਈ ਸਕੋਚ ਗੋਲਡ ਐਵਾਰਡ ਨਾਲ ਸਨਮਾਨਿਤ

ਚੰਡੀਗੜ੍ਹ, 30 ਮਾਰਚ (ਚ.ਨ.ਸ.) : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਨੂੰ ਆਪਣੀ ਏਆਈ-ਅਧਾਰਿਤ ਸਿੰਚਾਈ ਪ੍ਰਬੰਧਨ ਪਹਿਲ ਲਈ ਡਿਜਿਟਲ ਟਰਾਂਸਫਾਰਮੇਸ਼ਨ ਸ਼੍ਰੇਣੀ ਵਿੱਚ ਸਕੋਚ ਗੋਲਡ ਐਵਾਰਡ ਨਾਲ ਸਨਮਾਨਿਤ ▲ਕੀਤਾ ਗਿਆ ਹੈ। ਇਹ ਐਵਾਰਡ ਬਹੁ-ਚਰਣੀ ਮੁਲਾਂਕਣ ਤੋਂ ਬਾਅਦ ਦਿੱਤਾ ਗਿਆ, ਜਿਸ ਵਿੱਚ ਨੀਤੀ ਆਯੋਗ ਦੇ ਮੈਂਬਰ, ਨੈਸ਼ਨਲ ਇਨਫਰਮੈਟਿਕਸ ਸੈਂਟਰ ਦੇ ਸਾਬਕਾ ਡਾਇਰੈਕਟਰ, ਸੀਨੀਅਰ ਪੱਤਰਕਾਰ ਅਤੇ ਖੇਤਰ ਦੇ ਮਾਹਿਰ ਸ਼ਾਮਲ ਸਨ। ਇਹ ਪਹਿਲ ਸ. ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਮੰਤਰੀ, ਪੰਜਾਬ ਦੀ ਵਚਨਬੱਧਤਾ ਨਾਲ ਸੰਭਵ ਹੋਈ, ਜਿਨ੍ਹਾਂ ਦੀ ਤਕਨਾਲੋਜੀ-ਅਧਾਰਿਤ ਖੇਤੀ ਸੁਧਾਰ ਦੀ ਦ੍ਰਿਸ਼ਟੀ ਨੇ ਇਸ ਨੂੰ ਸਾਕਾਰ ਕੀਤਾ। ਸ੍ਰੀ ਅਰਸ਼ਦੀਪ ਸਿੰਘ ਥਿੰਦ, ਪ੍ਰਬੰਧਕੀ ਸਕੱਤਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਨੇ ਇਸ ਪਹਿਲ ਨੂੰ ਆਪਣੀ ਸਪਸ਼ਟ ਰਣਨੀਤੀ, ਪ੍ਰਸ਼ਾਸਕੀ ਸੇਧ ਅਤੇ ਸਮੇਂ ਦੇ ਅਨੁਸਾਰ ਖੇਤੀਬਾੜੀ ਤਕਨੀਕਾਂ ਦੇ ਵਿਕਾਸ ਦੀ ਦੂਰਦ੍ਰਿਸ਼ਟੀ ਨੂੰ ਮੁੱਖ ਰਖਦਿਆਂ ਹੋਇਆਂ ਇਸ ਨਵੀਂ ਪਹਿਲ ਨੂੰ ਅੱਗੇ ਵਧਾਉਣ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਦਿੱਤਾ ਹੈ, ਜਿਸ ਸਦਕਾ ਪੰਜਾਬ ਸੂਬੇ ਨੂੰ ਇਹ ਸਨਮਾਨ ਪ੍ਰਾਪਤ ਹੋਇਆ ਹੈ। ਇਸ ਪ੍ਰੋਜੈਕਟ ਦੀ ਟੀਮ ਦੀ ਅਗਵਾਈ ਡਾ. ਗੁਰਜੀਤ ਸਿੰਘ ਬਰਾੜ, ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ, ਪੰਜਾਬ ਨੇ ਕੀਤੀ, ਜਿਨ੍ਹਾਂ ਨੇ ਨਿੱਜੀ ਤੌਰ ਤੇ ਫੀਲਡ ਮਾਹਿਰਾਂ ਨੂੰ ਸੇਧ ਦੇ ਕੇ ਜ਼ਿਲ੍ਹਾ ਪੱਧਰ 'ਤੇ ਸੁਚੱਜੀ ਪ੍ਰਸ਼ਾਸਕੀ ਅਗਵਾਈ ਉਪਰੰਤ ਫੀਲਡ ਪੱਧਰ ਤੇ ਇਸ ਦੀ ਕਾਰਗੁਜ਼ਾਰੀ ਨੂੰ ਯਕੀਨੀ ਬਣਾਇਆ। ਇਸ ਪ੍ਰੋਜੈਕਟ ਤਹਿਤ ਟੀਮ ਵਜੋਂ ਕੰਮ ਕਰ ਰਹੇ ਡਾ. ਸੰਦੀਪ ਸਿੰਘ ਵਾਲੀਆ ਅਤੇ ਡਾ. ਸੁਮਨ ਬਾਲਾ, ਸਹਾਇਕ ਭੂ-ਵਿਗਿਆਨੀ ਨੇ ਫੀਲਡ ਓਪਰੇਸ਼ਨ ਦਾ ਸਹਿ-ਸੰਯੋਜਨ ਕੀਤਾ ਅਤੇ ਭੂ-ਜਲ ਪ੍ਰਭਾਵ ਮੁਲਾਂਕਣ ਲਈ ਆਪਣਾ ਯੋਗਦਾਨ ਦਿੱਤਾ। ਸ੍ਰੀ ਸੀਨੀਅਰ ਤਨੁਲ ਮੋਦ ਨੇ ਏਆਈ ਕਨਸਲਟੈਂਟ ਅਤੇ ਤਕਨੀਕੀ ਪਲੇਟਫਾਰਮ ਦੇ ਆਰਕੀਟੈਕਟ ਵਜੋਂ ਸੇਵਾਵਾਂ ਨਿਭਾਈਆਂ।



**ਜਨਮ ਦਿਨ ਮੁਬਾਰਕ**



**ਨਿਵਾਨ ਰਣਦੇਵ**

## ਮੋਹਾਲੀ ਵਿੱਚ ਦਿਸ਼ਾ ਇੰਡੀਅਨ ਐਵਾਰਡਜ਼-2026 ਦਾ ਆਯੋਜਨ

### ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਕੰਮ ਕਰਨ ਵਾਲਿਆਂ ਨੂੰ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕੀਤਾ ਸਨਮਾਨਿਤ




ਚੰਡੀਗੜ੍ਹ, 30 ਮਾਰਚ (ਚ.ਨ.ਸ.): ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੋਹਾਲੀ (ਪੰਜਾਬ) ਵਿੱਚ ਛੇਵੇਂ ਦਿਸ਼ਾ ਇੰਡੀਅਨ ਐਵਾਰਡ ਵਿੱਚ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਕੰਮ ਕਰਨ ਵਾਲੇ ਪੁਰਸ਼ਾਂ ਅਤੇ ਔਰਤਾਂ ਨੂੰ ਸਨਮਾਨਿਤ ਕੀਤਾ। ਦਿਸ਼ਾ ਵੂਮੈਨ ਵੈਲਫੇਅਰ ਟ੍ਰਸਟ ਵੱਲੋਂ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਇਹ ਮੌਕਾ ਉਨ੍ਹਾਂ ਅਣਗਿਣਤ ਸੰਘਰਸ਼ਾਂ, ਸੁਪਨਿਆਂ ਅਤੇ ਸੰਕਲਪਾਂ ਨੂੰ ਸਨਮਾਨਿਤ ਕਰਨ ਦਾ ਉਤਸਵ ਹੈ, ਜਿਨ੍ਹਾਂ ਨੇ ਸਮਾਜ ਨੂੰ ਨਵੀਂ ਦਿਸ਼ਾ ਦੇਣ ਦਾ ਕੰਮ ਕੀਤਾ ਹੈ। ਦਿਸ਼ਾ ਇੰਡੀਅਨ ਐਵਾਰਡਜ਼ 'ਪ੍ਰਾਈਡ ਆਫ਼ ਨੇਸ਼ਨ' ਵਰਗਾ ਇਹ ਆਯੋਜਨ ਉਸ ਭਾਰਤ ਦੀ ਤਸਵੀਰ ਪੇਸ਼ ਕਰਦਾ ਹੈ, ਜੋ ਨਾਰੀ ਸ਼ਕਤੀ ਦੇ ਦਮ 'ਤੇ ਅੱਗੇ ਵੱਧ ਰਿਹਾ ਹੈ, ਜੋ ਸਮਰਪਣ ਅਤੇ ਸੇਵਾ ਦੇ ਮੁੱਲਾਂ ਨੂੰ ਆਪਣਾ ਆਧਾਰ ਬਣਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦਿਸ਼ਾ ਵੂਮੈਨ ਵੈਲਫੇਅਰ ਟ੍ਰਸਟ ਵੱਲੋਂ ਇਸ ਛੇਵੇਂ ਸੰਸਕਰਣ ਦਾ ਆਯੋਜਨ ਬਹੁਤ ਹੀ ਸ਼ਲਾਘਾਯੋਗ ਹੈ। ਇਹ ਸੰਸਥਾ ਕੇਵਲ ਇੱਕ ਸੰਗਠਨ ਨਹੀਂ, ਸਗੋਂ ਇੱਕ ਅਜਿਹੀ ਲਹਿਰ ਹੈ ਜੋ ਪਿਛਲੇ 5 ਸਾਲਾਂ ਤੋਂ ਔਰਤਾਂ ਦੇ ਨਾਲ-ਨਾਲ ਮਰਦਾਂ ਨੂੰ ਵੀ ਸਸ਼ਕਤ, ਆਤਮ-ਨਿਰਭਰ ਬਣਾਉਣ ਅਤੇ ਸਮਾਜ ਵਿੱਚ ਯੋਗਦਾਨ ਨੂੰ ਪਛਾਣ ਦਿਵਾਉਣ ਦਾ ਲਗਾਤਾਰ ਯਤਨ ਕਰ ਰਹੀ ਹੈ।

ਸਾਨੂੰ ਔਰਤਾਂ ਲਈ ਹਰ ਖੇਤਰ ਵਿੱਚ ਸਮਾਨ ਮੌਕੇ, ਸੁਰੱਖਿਆ ਅਤੇ ਸਸ਼ਕਤੀਕਰਨ ਯਕੀਨੀ ਬਣਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਮੰਚ 'ਤੇ 26 ਅਜਿਹੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ ਹੈ, ਜਿਨ੍ਹਾਂ ਨੇ ਮਹਿਲਾ ਉੱਥਾਨ ਲਈ ਸ਼ਲਾਘਾਯੋਗ ਕੰਮ ਕੀਤੇ ਹਨ। ਇਹ ਸਾਰੇ ਸਮਾਜ ਦੇ ਅਸਲੀ ਹੀਰੋ ਹਨ, ਜਿਨ੍ਹਾਂ ਨੇ ਬਿਨਾਂ ਕਿਸੇ ਉਮੀਦ ਦੇ ਕੇਵਲ ਸੇਵਾ ਅਤੇ ਸਮਰਪਣ ਦੀ ਭਾਵਨਾ ਨਾਲ ਕੰਮ ਕੀਤਾ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਕੁਸ਼ਲ ਅਗਵਾਈ ਵਿੱਚ ਅੱਜ ਦਾ ਭਾਰਤ ਤੇਜ਼ੀ ਨਾਲ ਬਦਲ ਰਿਹਾ ਹੈ। ਇਹ ਨਵਾਂ ਭਾਰਤ ਔਰਤਾਂ ਦੀ ਸ਼ਕਤੀ ਨਾਲ ਸੰਚਾਲਿਤ ਹੈ। ਪ੍ਰਧਾਨ ਮੰਤਰੀ ਨੇ ਵਿਕਸਿਤ ਭਾਰਤ ਬਣਾਉਣ ਦਾ ਜੋ ਟੀਚਾ ਰੱਖਿਆ ਹੈ, ਉਹ ਤੁਹਾਡੇ ਯੋਗਦਾਨ ਤੋਂ ਬਿਨਾਂ ਸੰਭਵ ਨਹੀਂ ਹੈ, ਕਿਉਂਕਿ ਦੇਸ਼ ਦੀ ਅੱਧੀ ਆਬਾਦੀ ਔਰਤਾਂ ਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾ ਸਸ਼ਕਤੀਕਰਨ ਕੇਵਲ ਔਰਤਾਂ ਦਾ ਵਿਸ਼ਾ ਨਹੀਂ ਹੈ, ਸਗੋਂ ਇਹ ਪੂਰੇ ਸਮਾਜ ਦਾ ਵਿਸ਼ਾ ਹੈ। ਇਹ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ, ਜਿਸ ਵਿੱਚ ਪਰਿਵਾਰ, ਸਮਾਜ, ਸਰਕਾਰ ਅਤੇ ਹਰ ਨਾਗਰਿਕ ਦੀ ਭੂਮਿਕਾ ਮਹੱਤਵਪੂਰਨ ਹੈ।

ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਸਾਡੀਆਂ ਧੀਆਂ ਨੂੰ ਬਚਪਨ ਤੋਂ ਹੀ ਉਹ ਮਾਹੌਲ ਮਿਲੇ, ਜਿੱਥੇ ਉਹ ਆਪਣੇ ਸੁਪਨਿਆਂ ਨੂੰ ਖੁੱਲ੍ਹ ਕੇ ਜੀ ਸਕਣ। ਉਨ੍ਹਾਂ ਨੂੰ ਇਹ ਵਿਸ਼ਵਾਸ ਦਿਵਾਉਣਾ ਹੋਵੇਗਾ ਕਿ ਉਹ ਕਿਸੇ ਤੋਂ ਘੱਟ ਨਹੀਂ ਹਨ। ਜਦੋਂ ਇੱਕ ਧੀ ਸਿੱਖਿਅਤ ਹੁੰਦੀ ਹੈ, ਤਾਂ ਉਹ ਕੇਵਲ ਆਪਣਾ ਹੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਦਾ ਭਵਿੱਖ ਉਜਵਲ ਬਣਾਉਂਦੀ ਹੈ। ਉਨ੍ਹਾਂ ਨੇ ਪ੍ਰੋਗਰਾਮ ਦੀ ਪ੍ਰਬੰਧਕ ਸ੍ਰੀਮਤੀ ਹਰਦੀਪ ਕੌਰ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ 11 ਸਾਲ ਪਹਿਲਾਂ ਪਾਣੀਪਤ ਦੀ ਇਤਿਹਾਸਕ ਧਰਤੀ ਤੋਂ 'ਬੇਟੀ ਬਚਾਓ-ਬੇਟੀ ਪੜ੍ਹਾਓ' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਸੀ। ਇਸ ਤੋਂ ਬਾਅਦ ਪੂਰੇ ਦੇਸ਼ ਵਿੱਚ ਸਕਾਰਾਤਮਕ ਬਦਲਾਅ ਆਇਆ ਹੈ। ਹਰਿਆਣਾ ਵਿੱਚ ਲਿੰਗ ਅਨੁਪਾਤ ਸਾਲ 2014 ਵਿੱਚ 871 ਸੀ, ਜੋ ਹੁਣ 923 ਹੋ ਗਿਆ ਹੈ। ਸਾਨੂੰ ਇਸ ਗੱਲ ਦਾ ਵੀ ਮਾਣ ਹੈ ਕਿ ਪ੍ਰਧਾਨ ਮੰਤਰੀ ਨੇ ਪਾਣੀਪਤ ਦੀ ਧਰਤੀ ਤੋਂ ਪ੍ਰਧਾਨ ਮੰਤਰੀ ਬੀਮਾ ਸਖੀ ਯੋਜਨਾ ਦਾ ਸ਼ੁਭਾਰੰਭ ਕੀਤਾ। ਇਸ ਯੋਜਨਾ ਤਹਿਤ ਹਰਿਆਣਾ ਦੀਆਂ 9 ਹਜ਼ਾਰ 656 ਭੈਣਾਂ-ਧੀਆਂ ਬੀਮਾ ਸਖੀ ਬਣ ਕੇ ਆਪਣਾ ਕਰੀਅਰ ਅੱਗੇ ਵਧਾ ਰਹੀਆਂ ਹਨ। ਇਸ ਮੌਕੇ ਸਾਬਕਾ ਮੰਤਰੀ ਅਸੀਮ ਗੋਇਲ, ਮੁੱਖ ਮੰਤਰੀ ਦੇ ਮੀਡੀਆ ਸਕੱਤਰ ਪ੍ਰਵੀਨ ਆਤਰੇਅ, ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ, ਕੰਗਾਰੂ ਗਰੁੱਪ ਆਫ ਕੰਪਨੀਜ਼ ਦੇ ਸੰਸਥਾਪਕ ਰਿਛਪਾਲ ਸਿੰਘ, ਦਿਸ਼ਾ ਟ੍ਰਸਟ ਦੀ ਚੇਅਰਪਰਸਨ ਸ੍ਰੀਮਤੀ ਹਰਦੀਪ ਕੌਰ, ਚੜ੍ਹਦੀਕਲਾ ਟਾਈਮ ਟੀਵੀ ਦੇ ਚੇਅਰਮੈਨ ਸਰਦਾਰ ਜਗਜੀਤ ਸਿੰਘ ਦਰਦੀ ਸਮੇਤ ਦਿਸ਼ਾ ਵੂਮੈਨ ਵੈਲਫੇਅਰ ਟ੍ਰਸਟ ਦੀ ਟੀਮ ਮੌਜੂਦ ਰਹੀ।

## ਸਵਾਮੀ ਰਾਮਦੇਵ ਦਾ 32ਵਾਂ ਸੰਨਿਆਸ ਦਿਵਸ ਮਨਾਇਆ

ਹਰਿਦੁਆਰ, 30 ਮਾਰਚ (ਚ.ਨ.ਸ.) : ਰਾਮ ਨੌਮੀ ਦੇ ਸ਼ੁਭ ਮੌਕੇ 'ਤੇ, ਪਤੰਜਲੀ ਯੋਗਪੀਠ ਦੇ ਸਰਵਉੱਚ ਪ੍ਰਧਾਨ ਸਵਾਮੀ ਰਾਮਦੇਵ ਜੀ ਮਹਾਰਾਜ ਦਾ 32ਵਾਂ ਸੰਨਿਆਸ ਦਿਵਸ ਅੱਜ ਪਤੰਜਲੀ ਵੈਲਨੈੱਸ, ਪਤੰਜਲੀ ਯੋਗਪੀਠ-2 ਵਿਖੇ ਸਥਿਤ ਯੋਗ ਭਵਨ ਦੇ ਵਿਸ਼ਾਲ ਆਡੀਟੋਰੀਅਮ ਵਿੱਚ ਮਨਾਇਆ ਗਿਆ। ਇਸ ਮੌਕੇ 'ਤੇ ਸਵਾਮੀ ਰਾਮਦੇਵ ਜੀ ਮਹਾਰਾਜ ਨੇ ਕਿਹਾ, ਅੱਜ ਅਸੀਂ ਇੱਕੋ ਸਮੇਂ ਤਿੰਨ ਤਿਉਹਾਰ ਮਨਾ ਰਹੇ ਹਾਂ। ਅੱਜ ਰਾਮ ਨੌਮੀ ਹੈ, ਨਵਰਾਤਰੀ ਦੀ ਸਮਾਪਤੀ, ਅਤੇ ਪਤੰਜਲੀ ਦਾ ਸ਼ਾਨਦਾਰ ਤਿਆਗ ਦਿਵਸ। ਉਨ੍ਹਾਂ ਨੇ ਰਾਮ ਨੌਮੀ 'ਤੇ ਸਾਰੇ ਦੇਸ਼ ਵਾਸੀਆਂ ਅਤੇ ਪਤੰਜਲੀ ਸੰਨਿਆਸ ਆਸ਼ਰਮ ਦੇ ਨੌਜਵਾਨ ਭਿਕਸ਼ੂਆਂ ਨੂੰ ਉਨ੍ਹਾਂ ਦੇ ਤਿਆਗ ਦਿਵਸ 'ਤੇ ਸ਼ੁਭਕਾਮਨਾਵਾਂ ਦਿੱਤੀਆਂ।




ਇਸ ਸਮਾਗਮ ਵਿੱਚ, ਸਵਾਮੀ ਜੀ ਨੇ ਸਾਨੂੰ ਸਾਰਿਆਂ ਨੂੰ ਰਾਮ ਦਾ ਸਾਰ, ਕ੍ਰਿਸ਼ਨ ਦਾ ਸਾਰ, ਸ਼ਿਵ ਦਾ ਸਾਰ, ਆਤਮਾ ਦਾ ਸਾਰ, ਹਿੰਦੂ ਧਰਮ, ਵੇਦਾਂ ਦਾ ਸਾਰ, ਸਦੀਵੀ ਸੰਸਾਰ ਦਾ ਸਾਰ ਅਤੇ ਬ੍ਰਹਮ ਦੌਲਤ ਨੂੰ ਆਪਣੇ ਜੀਵਨ ਵਿੱਚ ਸਥਾਪਿਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਿਸ ਕਿਸੇ ਕੋਲ ਬ੍ਰਹਮ ਦੌਲਤ ਦੀ ਘਾਟ ਹੈ ਉਹ ਹਿੰਦੂ ਨਹੀਂ, ਸਨਾਤਨ ਨਹੀਂ, ਰਾਮ ਅਤੇ ਕ੍ਰਿਸ਼ਨ ਦਾ ਵੰਸ਼ਜ ਨਹੀਂ ਹੈ। ਉਹ ਰਿਸ਼ੀ-ਮੁਨੀ ਦਾ ਵੰਸ਼ਜ ਨਹੀਂ ਹੈ।

ਉਨ੍ਹਾਂ ਕਿਹਾ ਕਿ ਪਤੰਜਲੀ ਯੋਗਪੀਠ ਰਾਹੀਂ, ਪਿਛਲੇ 32 ਸਾਲਾਂ ਵਿੱਚ, ਅਸੀਂ ਸਿੱਖਿਆ, ਦਵਾਈ, ਖੋਜ, ਖੇਤੀਬਾੜੀ, ਉਦਯੋਗ, ਰੁਜ਼ਗਾਰ, ਕੁਦਰਤ, ਵਾਤਾਵਰਣ, ਚਰਿੱਤਰ ਨਿਰਮਾਣ, ਰਾਸ਼ਟਰ ਨਿਰਮਾਣ, ਯੁੱਗ ਨਿਰਮਾਣ, ਵੈਦਿਕ ਧਰਮ, ਰਾਸ਼ਟਰਵਾਦ ਅਤੇ ਸਨਾਤਨ ਧਰਮ ਦੀ ਸੇਵਾ ਦੇ ਖੇਤਰਾਂ ਵਿੱਚ ਇਤਿਹਾਸਕ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਅੱਜ ਸੈਂਕੜੇ ਟਰੱਸਟਾਂ ਅਤੇ ਵੱਖ-ਵੱਖ ਸੰਗਠਨਾਂ ਰਾਹੀਂ, ਯੋਗ, ਆਯੁਰਵੇਦ, ਸਵਦੇਸ਼ੀ ਅਤੇ ਸਨਾਤਨ ਧਰਮ ਨੂੰ ਉਤਸ਼ਾਹਿਤ ਕਰਨ ਦਾ ਕੰਮ ਪਤੰਜਲੀ ਰਾਹੀਂ 35 ਲੱਖ ਤੋਂ ਵੱਧ ਪਿੰਡਾਂ ਵਿੱਚ, ਦੇਸ਼ ਭਰ ਦੇ 600 ਤੋਂ ਵੱਧ ਜ਼ਿਲ੍ਹਿਆਂ ਵਿੱਚ 5,000 ਤੋਂ ਵੱਧ ਤਹਿਸੀਲਾਂ ਵਿੱਚ ਅਤੇ ਦੁਨੀਆ ਭਰ ਦੇ ਲਗਭਗ 200 ਦੇਸ਼ਾਂ ਵਿੱਚ ਕੀਤਾ ਜਾ ਰਿਹਾ ਹੈ।

ਸਵਾਮੀ ਜੀ ਨੇ ਕਿਹਾ ਕਿ ਆਪਣੀ 32 ਸਾਲਾਂ ਦੀ ਯਾਤਰਾ ਵਿੱਚ, ਪਤੰਜਲੀ ਨੇ ਸਿੱਖਿਆ ਦੇ ਖੇਤਰ ਵਿੱਚ ਇੱਕ ਇਤਿਹਾਸਕ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਰਸਮੀ ਸਿੱਖਿਆ ਬੱਚਿਆਂ ਲਈ ਬਿਹਤਰ ਭਵਿੱਖ ਪ੍ਰਦਾਨ ਨਹੀਂ ਕਰ ਸਕਦੀ। ਪਤੰਜਲੀ ਵਿਖੇ, ਅਸੀਂ ਸੰਸਕਾਰਾਂ (ਸੱਭਿਆਚਾਰ), ਸਨਾਤਨ ਸੱਭਿਆਚਾਰ ਦੇ ਮੂਲ ਨਿਯਮਾਂ, ਮਨੁੱਖੀ ਕਦਰਾਂ-ਕੀਮਤਾਂ, ਜੀਵਨ ਕਦਰਾਂ-ਕੀਮਤਾਂ, ਲੋਕਤੰਤਰੀ ਅਤੇ ਸੰਵਿਧਾਨਕ ਕਦਰਾਂ-ਕੀਮਤਾਂ 'ਤੇ ਅਧਾਰਤ ਇੱਕ ਸਿੱਖਿਆ ਪ੍ਰਣਾਲੀ ਵਿਕਸਤ ਕਰ ਰਹੇ ਹਾਂ, ਅਤੇ ਸ਼ਖਸੀਅਤਾਂ, ਪਾਤਰਾਂ ਅਤੇ ਨੇਤਾਵਾਂ ਦਾ ਵਿਕਾਸ ਕਰ ਰਹੇ ਹਾਂ ਜੋ ਪੂਰੀ ਦੁਨੀਆ ਨੂੰ ਨਵੀਂ ਅਗਵਾਈ ਪ੍ਰਦਾਨ ਕਰਨ ਦੇ ਯੋਗ ਹੋਣਗੇ।





**ਕਣਕ ਦੀ ਨਿਰਵਿਘਨ ਖ਼ਰੀਦ 1 ਅਪ੍ਰੈਲ 2026 ਤੋਂ**

- 1896 ਮੰਡੀਆਂ/ਖ਼ਰੀਦ ਕੇਂਦਰਾਂ ਵਿੱਚ ਸੁਚੱਜੀ ਖ੍ਰੀਦ ਲਈ ਪੁਖਤਾ ਪ੍ਰਬੰਧ।
- ਮੰਡੀਆਂ ਵਿਚ ਬਿਜਲੀ, ਛਾਂ ਅਤੇ ਪੀਣ ਯੋਗ ਪਾਣੀ ਦਾ ਢੁਕਵਾਂ ਪ੍ਰਬੰਧ।
- ਮੰਡੀ ਵਿੱਚ ਕਣਕ ਲਿਆਉਣ ਤੋਂ ਪਹਿਲਾਂ ਆਪਣੇ ਆੜ੍ਹਤੀਏ ਪਾਸ ਆਪਣੀ ਜ਼ਮੀਨ ਦੀ ਮੈਪਿੰਗ ਕਰਵਾਈ ਜਾਵੇ ਤਾਂ ਜੋ ਕਣਕ ਵੇਚਣ ਸਮੇ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਾ ਆਵੇ।
- ਮੰਡੀ ਵਿੱਚ ਕਣਕ ਸੁਕਾ ਕੇ ਲਿਆਓ ਤਾਂ ਜੋ ਉਸ ਦੀ ਸਫਾਈ ਉਪਰੰਤ ਬੋਲੀ ਸਮੇਂ ਸਿਰ ਹੋ ਸਕੇ।
- ਜਮੀਨ ਮਾਲਕ ਮੰਡੀ ਬੋਰਡ ਦੇ ਪੋਰਟਲ "emandikaran-pb.in" ਉੱਪਰ ਆਪਣੀ ਜ਼ਮੀਨ ਦੀ ਹੋਈ ਲੈਂਡ ਮੈਪਿੰਗ ਦੇਖ ਸਕਦੇ ਹਨ।
- ਵਧੇਰੇ ਜਾਣਕਾਰੀ ਪੰਜਾਬ ਮੰਡੀ ਬੋਰਡ ਦੇ ਪੋਰਟਲ "emandikaran-pb.in" ਤੇ ਪ੍ਰਾਪਤ ਕੀਤੀ ਜਾ ਸਕਦੀ ਹੈ।

" ਜੇ ਫਾਰਮ " ਹੋਲਡਰ ਕਿਸਾਨ ਆਯੂਸਮਾਨ ਹੈਲਥ ਸਕੀਮ ਤਹਿਤ ਰਜਿਸਟ੍ਰੇਸ਼ਨ ਕਰਵਾਉਣ ਲਈ ਸਬੰਧਿਤ ਮਾਰਕਿਟ ਕਮੇਟੀ ਵਿਖੇ ਸੰਪਰਕ ਕਰ ਸਕਦੇ ਹਨ।

ਹੋਰ ਜਾਣਕਾਰੀ ਲਈ ਸਬੰਧਤ ਸਕੱਤਰ, ਮਾਰਕਿਟ ਕਮੇਟੀ ਨਾਲ ਸੰਪਰਕ ਕੀਤਾ ਜਾਵੇ।

**ਪੰਜਾਬ ਮੰਡੀ ਬੋਰਡ**
ਪੰਜਾਬ ਮੰਡੀ ਭਵਨ, ਸੈਕਟਰ 65-ਏ, ਸਾਹਿਬਜ਼ਾਦਾ ਅਜੀਤ ਸਿੰਘ ਨਗਰ
ਕੰਟਰੋਲ ਰੂਮ ਟੈਲੀਫੋਨ ਨੰ: 0172-5101649 ਅਤੇ 0172-5101704

